ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245 31/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਐਤਵਾਰ, 15 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੩੦ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

ਜਉ ਤਉ ਪ੍ਰੇਮ ਖੇਲਣ ਕਾ ਚਾਉ ॥
ਸਿਰੁ ਧਰਿ ਤਲੀ ਗਲੀ ਮੇਰੀ ਆਉ॥
ਇਤੁ ਮਾਰਗਿ ਪੈਰੁ ਧਰੀਜੈ ॥
ਸਿਰੁ ਦੀਜੈ ਕਾਣਿ ਨ ਕੀਜੈ ॥



ਅੱਜ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ ਦੇ ਸ਼ਹੀਦੀ ਦਿਵਸ 'ਤੇ ਉਨ੍ਹਾਂ ਨੂੰ ਕੋਟਿਨ-ਕੋਟਿ ਪ੍ਰਣਾਮ ਕਰਦੇ ਹਾਂ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 15 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੩੦ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243



ਅਰਵਿੰਦ ਕੇਜਰੀਵਾਲ ਨੂੰ ਧਮਕੀ ਦੇਣ ਵਾਲੇ ਨੂੰ ਪੰਜਾਬ ਪੁਲਸ ਨੇ ਕੀਤਾ ਗ੍ਰਿਫ਼ਤਾਰ

ਨਵੀਂ ਦਿੱਲੀ/ਚੰਡੀਗੜ੍ਹ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)-ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਧਮਕੀ ਦੇਣ ਵਾਲੇ ਨੂੰ ਪੰਜਾਬ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਮੁਲਜ਼ਮ ਦੀ ਗ੍ਰਿਫ਼ਤਾਰੀ ਰੋਹਤਕ ਤੋਂ ਹੋਈ ਹੈ। ਮਿਲੀ ਜਾਣਕਾਰੀ ਮੁਤਾਬਕ ਮੁਲਜ਼ਮ ਦੀ ਪਛਾਣ ਕੋਮਲ ਉਰਫ਼ ਕੋਬਰਾ ਜਾਂਗੜਾ ਵਜੋਂ ਹੋਈ ਹੈ। ਪੁਲਸ ਨੇ ਸ਼ਨੀਵਾਰ ਨੂੰ ਉਸ ਨੂੰ ਅਦਾਲਤ ਵਿਚ ਪੇਸ਼ ਕਰਕੇ ਇਕ ਦਿਨ ਦਾ ਰਿਮਾਂਡ ਹਾਸਲ ਕੀਤਾ ਹੈ। ਪੁਲਸ ਦਾ ਕਹਿਣਾ ਹੈ ਕਿ ਮੁਲਜ਼ਮ ਤੋਂ ਹੁਣ ਗੰਭੀਰਤਾ ਨਾਲ ਪੁੱਛਗਿੱਛ ਕੀਤੀ ਜਾਵੇਗੀ। ਦੂਜੇ ਪਾਸੇ ਮੁਲਜ਼ਮ ਦੇ ਭਰਾ ਤਿਲਕਰਾਜ ਅਨੁਸਾਰ ਪੰਜਾਬ ਪੁਲਸ 12 ਨਵੰਬਰ ਨੂੰ ਰੋਹਤਕ ਦੀ ਸ਼ਾਸਤਰੀ ਕਲੋਨੀ ਤੋਂ ਕੋਮਲ ਨੂੰ ਆਪਣੇ ਨਾਲ ਲੈ ਗਈ ਸੀ ਅਤੇ ਪਰਿਵਾਰ ਨੂੰ ਬਾਅਦ ਵਿਚ ਉਸ ਦੀ ਗ੍ਰਿਫ਼ਤਾਰੀ ਦੇ ਕਾਰਨਾਂ ਦਾ ਪਤਾ ਲੱਗਾ। ਇਹ ਵੀ ਪਤਾ ਲੱਗਾ ਹੈ ਕਿ ਕੋਮਲ ਮੂਲ ਰੂਪ ਵਿਚ ਰੋਹਤਕ ਦੇ ਪਿੰਡ ਸਮਰਗੋਪਾਲਪੁਰ ਕਲਾਂ ਦਾ ਰਹਿਣ ਵਾਲਾ ਹੈ ਅਤੇ ਪਿਛਲੇ ਕੁਝ ਸਾਲਾਂ ਤੋਂ ਆਪਣੇ ਪਰਿਵਾਰ ਸਮੇਤ ਅੰਮ੍ਰਿਤ ਕਲੋਨੀ ਵਿਚ ਰਹਿ ਰਿਹਾ ਸੀ। ਜਾਣਕਾਰੀ ਮੁਤਾਬਕ ਮੁਲਜ਼ਮ ਰੋਹਤਕ ਦੇ ਡਿਪਟੀ ਕਮਿਸ਼ਨਰ ਦਫ਼ਤਰ ਵਿਚ ਕਲਰਕ ਵਜੋਂ ਤਾਇਨਾਤ ਸੀ, ਜਿਸ ਨੂੰ ਕਰੀਬ ਛੇ ਮਹੀਨੇ ਪਹਿਲਾਂ ਨੌਕਰੀ ਤੋਂ ਬਰਖ਼ਾਸਤ ਕਰ ਦਿੱਤਾ ਗਿਆ ਸੀ। ਦੱਸਿਆ ਜਾਂਦਾ ਹੈ ਕਿ ਉਸ ਨੂੰ ਆਪਣਾ ਨਾਂ ਪਸੰਦ ਨਹੀਂ ਸੀ, ਜਿਸ ਕਾਰਨ ਉਸ ਨੇ ਆਪਣਾ ਨਾਂ ਬਦਲ ਕੇ 'ਕੋਬਰਾ' ਰੱਖ ਲਿਆ ਸੀ।

ਅਮਰੀਕਾ ਨੇ ਹਵਾਈ ਉਡਾਣਾਂ 'ਤੇ ਲੱਗੀ ਦੇਸ਼ ਵਿਆਪੀ ਪਾਬੰਦੀ ਹਟਾਈ

15000 ਹਜ਼ਾਰ ਉਡਾਣਾਂ ਪ੍ਰਭਾਵਿਤ

ਵਾਸ਼ਿੰਗਟਨ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)-ਮਾਈਕ੍ਰੋਸਾਫਟ ਸੇਵਾਵਾਂ ਵਿੱਚ ਰੁਕਾਵਟ ਦੇ ਵਿਚਾਲੇ ਹੁਣ ਅਮਰੀਕਾ ਵਿੱਚ ਹਵਾਈ ਸੇਵਾਵਾਂ ਵੀ ਪ੍ਰਭਾਵਿਤ ਹੋਈਆਂ। ਅਮਰੀਕਾ ਦੇ ਸੰਘੀ ਹਵਾਬਾਜ਼ੀ ਪ੍ਰਸ਼ਾਸਨ (611) ਨੇ ਸਾਰੀਆਂ ਉਡਾਣਾਂ ਨੂੰ ਗ੍ਰਾਊਂਡ ਕਰਨ ਦੇ ਆਦੇਸ਼ ਦਿੱਤੇ, ਜਿਸ ਕਾਰਨ ਹਜ਼ਾਰਾਂ ਉਡਾਣਾਂ ਨੂੰ ਰੱਦ ਕਰਨਾ ਪਿਆ। ਇਸ ਕਾਰਨ ਦੁਨੀਆ ਭਰ ਦੇ ਲੱਖਾਂ ਯਾਤਰੀ ਘੰਟਿਆਂ ਤੱਕ ਹਵਾਈ ਅੱਡਿਆਂ 'ਤੇ ਫਸੇ ਰਹੇ। ਆਵਾਜਾਈ ਮੰਤਰੀ ਸੀਨ ਡਫੀ ਦੇ ਅਨੁਸਾਰ ਦੇਸ਼ ਦੇ 22 ਹਵਾਈ ਆਵਾਜਾਈ ਨਿਯੰਤਰਣ ਕੇਂਦਰਾਂ ਵਿੱਚ ਸਮੱਸਿਆਵਾਂ ਕਾਰਨ ਉਡਾਣ ਸੇਵਾਵਾਂ ਕਈ ਘੰਟਿਆਂ ਤੱਕ ਪ੍ਰਭਾਵਿਤ ਰਹੀਆਂ। ਹਾਲਾਂਕਿ ਹੁਣ 'ਗਰਾਊਂਡ ਸਟਾਪ' ਹਟਾ ਦਿੱਤਾ



ਗਿਆ ਹੈ। ਕੁਝ ਅੰਤਰਰਾਸ਼ਟਰੀ ਉਡਾਣਾਂ ਰਵਾਨਾ ਕਰ ਦਿੱਤੀਆਂ ਗਈਆਂ ਹਨ। ਦੇਸ਼ ਭਰ ਵਿੱਚ ਉਡਾਣ ਸੰਚਾਲਨ ਅਜੇ ਵੀ ਪ੍ਰਭਾਵਿਤ ਹੈ, ਸੇਵਾਵਾਂ ਨੂੰ ਆਮ ਹੋਣ ਵਿੱਚ ਸਮਾਂ ਲੱਗੇਗਾ। ਅਮਰੀਕਾ ਵਿੱਚ ਰੁਕਾਵਟ ਦੇ ਵਿਚਕਾਰ ਏਅਰ ਇੰਡੀਆ ਨੇ ਯਾਤਰੀਆਂ ਲਈ ਇੱਕ ਯਾਤਰਾ ਐਡਵਾਈਜ਼ਰੀ ਵੀ ਜਾਰੀ ਕੀਤੀ ਹੈ। ਵ੍ਹਾਈਟ ਹਾਊਸ ਦੇ ਬ੍ਰੀਫਿੰਗ ਰੂਮ ਵਿੱਚ ਬੋਲਦੇ ਹੋਏ ਸੀਨ ਡਫੀ ਨੇ ਕਿਹਾ ਕਿ ਸੰਘੀ ਸਰਕਾਰ ਨੇ ਉਸ ਸਮੱਸਿਆ ਦੀ ਪਛਾਣ ਕਰ ਲਈ ਹੈ ਜਿਸ ਕਾਰਨ ਸ਼ੁੱਕਰਵਾਰ ਨੂੰ ਅਮਰੀਕੀ ਹਵਾਈ ਆਵਾਜਾਈ ਨਿਯੰਤਰਣ ਪ੍ਰਣਾਲੀ ਕਰੈਸ਼ ਹੋ ਗਈ ਸੀ। ਉਨ੍ਹਾਂ ਕਿਹਾ ਕਿ ਸਿਸਟਮ "ਵਰਤਮਾਨ ਵਿੱਚ ਕੰਮ ਕਰ ਰਿਹਾ ਹੈ।" ਅਧਿਕਾਰਤ ਜਾਣਕਾਰੀ ਦੇ ਅਨੁਸਾਰ ਦੇਸ਼ ਭਰ ਵਿੱਚ ਉਡਾਣਾਂ ਨੂੰ ਰੋਕਣ ਦਾ ਫੈਸਲਾ ਸ਼ੁੱਕਰਵਾਰ ਦੁਪਹਿਰ (ਸਥਾਨਕ ਸਮੇਂ) ਅਸਾਧਾਰਨ ਹਾਲਾਤਾਂ ਅਤੇ ਸੁਰੱਖਿਆ ਕਾਰਨਾਂ ਕਰਕੇ ਲਿਆ ਗਿਆ। ਅਮਰੀਕੀ ਆਵਾਜਾਈ ਮੰਤਰੀ ਸੀਨ ਡਫੀ ਨੇ ਕਿਹਾ ਕਿ "ਸਾਡੇ ਕੋਲ ਇੱਕ ਬਹੁਤ ਪੁਰਾਣੀ ਹਵਾਈ ਆਵਾਜਾਈ ਨਿਯੰਤਰਣ ਪ੍ਰਣਾਲੀ ਹੈ। ਪਿਛਲੇ ਇੱਕ ਸਾਲ ਤੋਂ ਰਾਸ਼ਟਰਪਤੀ ਕਾਂਗਰਸ ਨੂੰ ਇੱਕ ਨਵੇਂ ਹਵਾਈ ਆਵਾਜਾਈ ਨਿਯੰਤਰਣ ਪ੍ਰਣਾਲੀ ਦੇ ਸੰਪੂਰਨ ਨਿਰਮਾਣ ਲਈ ਜ਼ਰੂਰੀ ਬਜਟ ਪ੍ਰਦਾਨ ਕਰਨ ਲਈ ਕਹਿ ਰਹੇ ਹਨ।" ਉਨ੍ਹਾਂ ਅੱਗੇ ਕਿਹਾ ਕਿ "ਸਾਡੇ ਰਾਊਟਰਾਂ 'ਤੇ ਡੇਟਾ ਦਾ ਇੰਨਾ ਜ਼ਿਆਦਾ ਦਬਾਅ ਸੀ ਕਿ ਉਹ ਓਵਰਲੋਡ ਹੋ ਗਏ।

ਮੁੜ ਫਸੀ ਕੰਗਨਾ ਰਣੌਤ, ਮਾਮਲਾ ਹੋਇਆ ਦਰਜ



ਨਵੀਂ ਦਿੱਲੀ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)-ਹਿਮਾਚਲ ਪ੍ਰਦੇਸ਼ ਪੁਲਿਸ ਨੇ ਭਾਜਪਾ ਸੰਸਦ ਮੈਂਬਰ ਕੰਗਨਾ ਰਣੌਤ ਵਿਰੁੱਧ ਗਾਂਧੀ ਪਰਿਵਾਰ ਬਾਰੇ ਉਨ੍ਹਾਂ ਦੀਆਂ ਸੋਸ਼ਲ ਮੀਡੀਆ ਪੋਸਟਾਂ ਲਈ ਐਫਆਈਆਰ ਦਰਜ ਕੀਤੀ ਹੈ, ਜਿਸ ਵਿੱਚ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਅਤੇ ਉਨ੍ਹਾਂ ਦੇ ਪੁੱਤਰਾਂ ਸੰਜੇ ਅਤੇ ਰਾਜੀਵ ਗਾਂਧੀ ਦੀ ਮੌਤ ਬਾਰੇ "ਬਹੁਤ ਭੜਕਾਊ ਸੰਕੇਤ" ਸਨ। ਸ਼ਿਮਲਾ ਦੇ ਪੁਲਿਸ ਸੁਪਰਡੈਂਟ ਗੌਰਵ ਸਿੰਘ ਨੇ ਕਿਹਾ ਕਿ ਇਹ ਮਾਮਲਾ ਸ਼ਿਮਲਾ ਨਿਵਾਸੀ ਅਤੁਲ ਸ਼ਰਮਾ ਦੀ ਸ਼ਿਕਾਇਤ 'ਤੇ ਦਰਜ ਕੀਤਾ ਗਿਆ ਹੈ। ਅੱਗੇ ਦੀ ਜਾਂਚ ਕੀਤੀ ਜਾਵੇਗੀ। ਇਹ ਮਾਮਲਾ ਆਈਪੀਸੀ ਦੀਆਂ ਧਾਰਾਵਾਂ 196, 353 ਅਤੇ 356 ਤਹਿਤ ਦਰਜ ਕੀਤਾ ਗਿਆ ਹੈ। ਉਨ੍ਹਾਂ ਨੇ ਦੋਸ਼ ਲਗਾਇਆ ਕਿ 10 ਨਵੰਬਰ ਨੂੰ ਕੰਗਨਾ ਦੇ ਪ੍ਰਮਾਣਿਤ ਹੈਂਡਲ ਤੋਂ ਕੀਤੀ ਗਈ ਪੋਸਟ ਵਿੱਚ ਇੰਦਰਾ ਗਾਂਧੀ, ਸੰਜੇ ਗਾਂਧੀ ਅਤੇ ਰਾਜੀਵ ਗਾਂਧੀ ਦੀਆਂ ਦੁਖਦਾਈ ਮੌਤਾਂ ਬਾਰੇ ਭੜਕਾਊ ਟਿੱਪਣੀਆਂ ਸਨ। ਉਨ੍ਹਾਂ ਨੇ ਪੁਲਿਸ ਡਾਇਰੈਕਟਰ ਜਨਰਲ ਨੂੰ ਈਮੇਲ ਰਾਹੀਂ ਸ਼ਿਕਾਇਤ ਭੇਜੀ ਸੀ। ਇਸ ਵਿੱਚ ਕੰਗਨਾ ਵਿਰੁੱਧ ਤੁਰੰਤ ਐਫਆਈਆਰ ਦਰਜ ਕਰਨ ਦੀ ਮੰਗ ਕੀਤੀ ਗਈ ਸੀ ਅਤੇ ਸਖ਼ਤ, ਸਮਾਂਬੱਧ ਸਾਈਬਰ-ਫੋਰੈਂਸਿਕ ਜਾਂਚ ਦੀ ਮੰਗ ਕੀਤੀ ਗਈ ਸੀ। ਇਹ ਸ਼ਿਕਾਇਤ ਵੀਰਵਾਰ ਰਾਤ 7:51 ਵਜੇ ਭੇਜੀ ਗਈ ਸੀ। ਅਤੁਲ ਸ਼ਰਮਾ ਦੇ ਅਨੁਸਾਰ ਕੰਗਨਾ ਦੀ ਪੋਸਟ 'ਚ ਕਾਂਗਰਸ ਨੇਤਾ ਸੋਨੀਆ ਗਾਂਧੀ ਨੂੰ "ਰਹੱਸਮਈ ਵਿਦੇਸ਼ੀ ਨਾਗਰਿਕ" ਦੱਸਿਆ ਗਿਆ ਸੀ। ਉਨ੍ਹਾਂ ਨੇ ਇਹ ਵੀ ਦੋਸ਼ ਲਗਾਇਆ ਕਿ ਉਨ੍ਹਾਂ ਦੇ ਰਿਸ਼ਤੇਦਾਰਾਂ ਨੂੰ ਇੱਕ ਤੋਂ ਬਾਅਦ ਇੱਕ ਕਤਲ ਕਰ ਦਿੱਤਾ ਗਿਆ, ਜਿਸ ਨਾਲ ਉਹ ਸਰਕਾਰ ਦੀ ਮੁਖੀ ਬਣ ਗਈ। ਇਸ ਵਿੱਚ "ਕਿੰਨਾ ਸੁਵਿਧਾਜਨਕ" ਵਰਗੀਆਂ ਟਿੱਪਣੀਆਂ ਵੀ ਸ਼ਾਮਲ ਸਨ। ਪੋਸਟ ਵਿੱਚ ਇਹ ਵੀ ਦੋਸ਼ ਲਗਾਇਆ ਗਿਆ ਸੀ ਕਿ ਸੰਜੇ ਗਾਂਧੀ ਦੀ ਮੌਤ ਤੋਂ ਬਾਅਦ ਮੇਨਕਾ ਗਾਂਧੀ ਨੂੰ ਅਚਾਨਕ ਪਰਿਵਾਰਕ ਰਿਹਾਇਸ਼ ਤੋਂ ਬੇਦਖਲ ਕਰ ਦਿੱਤਾ ਗਿਆ ਸੀ।

ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮੰਗੀ ਮੁਆਫ਼ੀ

ਲੁਧਿਆਣਾ/ਅੰਮ੍ਰਿਤਸਰ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)-ਆਮ ਆਦਮੀ ਪਾਰਟੀ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮੁਆਫੀ ਮੰਗੀ ਹੈ। ਗਿਆਸਪੁਰਾ ਨੇ ਅਕਾਲ ਤਖ਼ਤ ਸਾਹਿਬ ਨੂੰ ਚਿੱਠੀ ਭੇਜ ਕੇ ਲਿਖਤੀ ਮੁਆਫੀ ਮੰਗੀ ਹੈ, ਹਾਲਾਂਕਿ ਇਹ ਚਿੱਠੀ 2 ਨਵੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭੇਜੀ ਗਈ ਸੀ ਪਰ ਇਹ ਹੁਣ ਸਾਹਮਣੇ ਆਈ ਹੈ। ਇਸ ਚਿੱਠੀ ਵਿਚ ਉਨ੍ਹਾਂ ਨੇ ਆਪਣੀਆਂ ਜਾਣੇ-ਅਣਜਾਣੇ ਵਿਚ ਕੀਤੀਆਂ ਭੁੱਲਾਂ ਲਈ ਮੁਆਫ਼ੀ ਮੰਗਦਿਆਂ ਖਿਮਾ ਯਾਚਨਾ ਕੀਤੀ ਹੈ। ਗਿਆਸਪੁਰਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਆਪਣੀਆਂ ਗਲਤੀਆਂ ਲਈ ਖਿਮਾ ਮੰਗੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਧਾਰਮਿਕ ਮਰਿਆਦਾ ਅਨੁਸਾਰ ਤਨਖਾਹ ਲਗਵਾਉਣ ਲਈ ਪੇਸ਼ ਹੋਣ ਦਾ ਸਮਾਂ ਦੇਣ ਦੀ ਬੇਨਤੀ ਕੀਤੀ ਹੈ। ਵਿਧਾਇਕ ਵੱਲੋਂ ਚਿੱਠੀ ਭੇਜੇ ਜਾਣ ਤੋਂ ਬਾਅਦ ਹੁਣ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਅਗਲੇ ਫ਼ੈਸਲੇ ਦੀ ਉਡੀਕ ਕੀਤੀ ਜਾ ਰਹੀ ਹੈ।



ਕੀ ਹੈ ਮਾਮਲਾ : 12 ਅਕਤੂਬਰ ਨੂੰ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦਾ ਵਫਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਮੰਗ ਪੱਤਰ ਦੇਣ ਗਿਆ ਸੀ। ਜਿੱਥੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੂੰ ਉਨ੍ਹਾਂ ਵੱਲੋਂ ਕੀਤੀਆਂ ਟਿੱਪਣੀਆਂ ਦੇ ਚੱਲਦੇ ਸਕੱਤਰੇਤ ਵਿਖੇ ਦਾਖਲ ਹੋਣ ਤੋਂ ਰੋਕ ਦਿੱਤਾ ਗਿਆ। ਇਸ 'ਤੇ ਗਿਆਸਪੁਰਾ ਨੇ ਦੋਸ਼ ਲਗਾਉਂਦਿਆਂ ਕਿਹਾ ਕਿ ਉਨ੍ਹਾਂ ਨੂੰ ਦਲਿਤ ਭਾਈਚਾਰੇ ਨਾਲ ਸਬੰਧਤ ਹੋਣ ਕਾਰਣ ਅੰਦਰ ਜਾਣ ਤੋਂ ਰੋਕਿਆ ਗਿਆ ਹੈ। ਉਨ੍ਹਾਂ ਨੇ ਇਹ ਵੀ ਦਾਅਵਾ ਕੀਤਾ ਸੀ ਕਿ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੇ ਹੁਕਮਾਂ 'ਤੇ ਉਨ੍ਹਾਂ ਨੂੰ ਸਕੱਤਰੇਤ ਵਿਖੇ ਦਾਖਲ ਹੋਣ ਤੋਂ ਰੋਕਿਆ ਗਿਆ ਹੈ। ਇਸ ਮਗਰੋਂ ਸ੍ਰੀ ਅਕਾਲ ਤਖ਼ਤ ਸਕੱਤਰੇਤ ਨੇ ਜਾਤੀ ਵਿਤਕਰੇ ਦੇ ਦੋਸ਼ਾਂ ਨੂੰ ਸਿਰੇ ਤੋਂ ਰੱਦ ਕਰ ਦਿੱਤਾ ਸੀ।

ਗਿਆਸਪੁਰਾ ਨੂੰ ਤਨਖਾਹੀਆ ਕਰਾਰ ਦਿੱਤਾ : ਇਸ ਘਟਨਾਕ੍ਰਮ ਮਗਰੋਂ 17 ਅਕਤੂਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਹੇਠ ਪੰਜ ਸਿੰਘ ਸਾਹਿਬਾਨ ਨੇ ਆਦੇਸ਼ ਜਾਰੀ ਕਰਦਿਆਂ ਆਮ ਆਦਮੀ ਪਾਰਟੀ ਦੇ ਹਲਕਾ ਪਾਇਲ (ਲੁਧਿਆਣਾ) ਤੋਂ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੂੰ ਤਨਖ਼ਾਹੀਆ ਕਰਾਰ ਦੇ ਦਿੱਤਾ। ਇਹ ਕਾਰਵਾਈ ਉਨ੍ਹਾਂ ਵੱਲੋਂ ਪਿਛਲੇ ਦਿਨੀਂ ਜਥੇਦਾਰ ਅਤੇ ਸਿੱਖ ਸੰਸਥਾਵਾਂ ਬਾਰੇ ਕੀਤੀਆਂ ਅਪਮਾਨਜਨਕ ਟਿੱਪਣੀਆਂ ਕਾਰਨ ਕੀਤੀ ਗਈ। ਇਸ ਮੌਕੇ ਸੰਗਤ ਨੂੰ ਵੀ ਹਦਾਇਤ ਕੀਤੀ ਗਈ ਕਿ ਉਹ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨਾਲ ਸਾਂਝ ਰੱਖਣ ਤੋਂ ਗੁਰੇਜ਼ ਕਰੇ।

ਜਥੇਦਾਰ ਕੁਲਦੀਪ ਸਿੰਘ ਗੜਗੱਜ ਦੀ ਖ਼ਾਸ ਅਪੀਲ ! ਅੰਮ੍ਰਿਤਪਾਲ ਸਿੰਘ ਦੀ ਪੈਰੋਲ 'ਤੇ ਦਿੱਤਾ ਵੱਡਾ ਬਿਆਨ

ਕਪੂਰਥਲਾ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)-ਇਤਿਹਾਸਕ ਤੇ ਪਵਿੱਤਰ ਨਗਰੀ ਸੁਲਤਾਨਪੁਰ ਲੋਧੀ ਵਿਖੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਭਾਈ ਮਰਦਾਨਾ ਦੀਵਾਨ ਹਾਲ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਹੋਏ ਇਸ ਸਮਾਗਮ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਦਿਆਂ ਸੰਗਤ ਨੂੰ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ 'ਤੇ ਚੱਲਣ, ਆਪਸੀ ਭਾਈਚਾਰਾ ਮਜ਼ਬੂਤ ਕਰਨ ਅਤੇ ਸਮਾਜ 'ਚ ਪ੍ਰੇਮ, ਸਦਭਾਵਨਾ ਅਤੇ ਏਕਤਾ ਬਣਾਈ ਰੱਖਣ ਦਾ ਸੁਨੇਹਾ ਦਿੱਤਾ। ਇਸ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਉਨ੍ਹਾਂ ਵੱਲੋਂ ਦਿੱਤਾ ਗਿਆ ਸਰਬਸਾਂਝੀਵਾਲਤਾ ਦਾ ਸੰਦੇਸ਼ ਸਮੁੱਚੀ ਮਨੁੱਖਤਾ ਲਈ ਪ੍ਰੇਰਨਾ ਸਰੋਤ ਹੈ। ਸਾਨੂੰ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਸਿਰਫ਼ ਧਾਰਮਿਕ ਸਮਾਗਮਾਂ ਤੱਕ ਸੀਮਤ ਨਹੀਂ ਰੱਖਣਾ ਚਾਹੀਦਾ, ਸਗੋਂ ਆਪਣੇ ਰੋਜ਼ਾਨਾ ਜੀਵਨ ਵਿੱਚ ਵੀ ਅਪਣਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਮਾਜ ਵਿੱਚੋਂ ਜਾਤ-ਪਾਤ, ਊਚ-ਨੀਚ ਅਤੇ ਆਪਸੀ ਵੈਰ-ਵਿਰੋਧ ਵਰਗੀਆਂ ਭਾਵਨਾਵਾਂ ਨੂੰ ਖ਼ਤਮ ਕਰਕੇ ਮਨੁੱਖਤਾ ਅਤੇ ਭਾਈਚਾਰਕ ਸਾਂਝ ਨੂੰ ਪਹਿਲ ਦੇਣੀ ਸਮੇਂ ਦੀ ਲੋੜ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕੈਲੀਫੋਰਨੀਆ 'ਚ ਨਗਰ ਕੀਰਤਨ ਦੌਰਾਨ ਹੋਈ ਹਿੰਸਾ ਨੂੰ ਮੰਦਭਾਗਾ ਦੱਸਦਿਆਂ ਕਿਹਾ ਕਿ ਧਾਰਮਿਕ ਸਮਾਗਮਾਂ ਦੌਰਾਨ ਅਜਿਹੀਆਂ ਘਟਨਾਵਾਂ ਨਹੀਂ ਹੋਣੀਆਂ ਚਾਹੀਦੀਆਂ। ਉਨ੍ਹਾਂ ਕਿਹਾ ਕਿ ਆਪਸੀ ਮਤਭੇਦ ਆਪਣੀ ਜਗ੍ਹਾ ਹੋ ਸਕਦੇ ਹਨ ਪਰ ਧਾਰਮਿਕ ਸਮਾਗਮਾਂ ਅਤੇ ਨਗਰ ਕੀਰਤਨਾਂ ਦੌਰਾਨ ਉਨ੍ਹਾਂ ਨੂੰ ਵੱਖਰਾ ਰੱਖਣਾ ਚਾਹੀਦਾ ਹੈ। ਅਜਿਹੇ ਪਵਿੱਤਰ ਮੌਕਿਆਂ 'ਤੇ ਹਿੰਸਕ ਘਟਨਾਵਾਂ ਵਾਪਰਨਾ ਬੇਹੱਦ ਮੰਦਭਾਗਾ ਹੈ। ਉਨ੍ਹਾਂ ਕਿਹਾ ਕਿ ਨਗਰ ਕੀਰਤਨ ਅਤੇ ਧਾਰਮਿਕ ਸਮਾਗਮ ਸਾਂਝ, ਸ਼ਾਂਤੀ ਅਤੇ ਗੁਰੂ ਸਾਹਿਬਾਨ ਦੇ ਸੰਦੇਸ਼ ਨੂੰ ਦੁਨੀਆ ਤੱਕ ਪਹੁੰਚਾਉਣ ਦਾ ਮਾਧਿਅਮ ਹਨ, ਇਸ ਲਈ ਸਾਰਿਆਂ ਨੂੰ ਆਪਸੀ ਸਦਭਾਵਨਾ ਬਣਾਈ ਰੱਖਣੀ ਚਾਹੀਦੀ ਹੈ। ਅੰਮ੍ਰਿਤਪਾਲ ਸਿੰਘ ਨੂੰ ਪੈਰੋਲ ਮਿਲਣ ਦੇ ਮਾਮਲੇ 'ਤੇ ਗੱਲ ਕਰਦਿਆਂ ਜਥੇਦਾਰ ਨੇ ਕਿਹਾ ਕਿ ਇਹ ਮਨੁੱਖੀ ਅਧਿਕਾਰਾਂ ਨਾਲ ਜੁੜਿਆ ਮਾਮਲਾ ਹੈ। ਹਰੇਕ ਵਿਅਕਤੀ ਨੂੰ ਆਪਣੇ ਪਰਿਵਾਰਕ ਮੈਂਬਰਾਂ ਅਤੇ ਪਿਆਰਿਆਂ ਦੀਆਂ ਅੰਤਿਮ ਰਸਮਾਂ ਵਿੱਚ ਸ਼ਾਮਲ ਹੋਣ ਦਾ ਮੌਕਾ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮੌਕਿਆਂ 'ਤੇ ਕਾਨੂੰਨ ਅਨੁਸਾਰ ਪੈਰੋਲ ਦਿੱਤੀ ਜਾਣੀ ਬਿਲਕੁਲ ਜਾਇਜ਼ ਹੈ ਅਤੇ ਇਸ ਸਬੰਧੀ ਮਨੁੱਖੀ ਪੱਖ ਨੂੰ ਵੀ ਧਿਆਨ ਵਿੱਚ ਰੱਖਿਆ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਵੀ ਉਠਾਈ। ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੱਖਾਂ ਦੀ ਰਿਹਾਈ ਦਾ ਮਾਮਲਾ ਗੰਭੀਰਤਾ ਨਾਲ ਵਿਚਾਰਿਆ ਜਾਣਾ ਚਾਹੀਦਾ ਹੈ ਅਤੇ ਇਸ ਸਬੰਧੀ ਲੋੜੀਂਦੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।




ਸਤਿਕਾਰ (ਸੋਧ) ਐਕਟ 2026 ਬਾਰੇ ਸਰਕਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੀ ਪਾਲਣਾ ਅਤੇ ਐਕਟ 'ਤੇ ਰੋਕ ਸਬੰਧੀ ਸਥਿਤੀ ਸਪੱਸ਼ਟ ਕਰੇ: ਮਾਹਰ ਕਮੇਟੀ

ਅੰਮ੍ਰਿਤਸਰ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਕਾਨੂੰਨੀ ਮਾਹਰਾਂ ਅਤੇ ਵਿਦਵਾਨਾਂ ਅਧਾਰਤ ਕਮੇਟੀ ਨੇ ਪੰਜਾਬ ਸਰਕਾਰ ਦੀ ਤਾਲਮੇਲ ਕਮੇਟੀ ਦੇ ਨੋਡਲ ਅਫ਼ਸਰ ਵੱਲੋਂ 18 ਨਵੰਬਰ 2026 ਦੀ ਪ੍ਰਸਤਾਵਿਤ ਇਕੱਤਰਤਾ ਤੋਂ ਪਹਿਲਾਂ ਦੋ ਅਹਿਮ ਨੁਕਤਿਆਂ 'ਤੇ ਸਪੱਸ਼ਟ ਜਵਾਬ ਮੰਗਿਆ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਹਰ ਕਮੇਟੀ ਦੀ ਅੱਜ 14 ਨਵੰਬਰ ਨੂੰ ਹੋਈ ਇਕੱਤਰਤਾ ਵਿੱਚ ਪੰਜਾਬ ਸਰਕਾਰ ਦੀ ਤਾਲਮੇਲ ਕਮੇਟੀ ਦੇ ਨੋਡਲ ਅਫ਼ਸਰ ਵੱਲੋਂ 13 ਨਵੰਬਰ ਨੂੰ ਭੇਜੇ ਗਏ ਪੱਤਰ 'ਤੇ ਦੀਰਘ ਵਿਚਾਰ-ਵਟਾਂਦਰਾ ਕੀਤਾ ਗਿਆ। ਇਕੱਤਰਤਾ ਵਿੱਚ ਜਸਟਿਸ (ਸੇਵਾਮੁਕਤ) ਰੁਪਿੰਦਰ ਸਿੰਘ ਸੋਢੀ, ਜਸਟਿਸ (ਸੇਵਾਮੁਕਤ) ਮੋਹਿੰਦਰ ਮੋਹਨ ਸਿੰਘ ਬੇਦੀ, ਸੀਨੀਅਰ ਐਡਵੋਕੇਟ ਪੂਰਨ ਸਿੰਘ ਹੁੰਦਲ, ਸਿੱਖ ਵਿਦਵਾਨ ਡਾ. ਕੇਹਰ ਸਿੰਘ ਅਤੇ ਪ੍ਰੋ. ਜਗਮੋਹਨ ਸਿੰਘ ਸ਼ਾਮਲ ਸਨ। ਇਕੱਤਰਤਾ ਵਿੱਚ ਕੋਆਰਡੀਨੇਟਰ ਲਖਵੀਰ ਸਿੰਘ ਵਧੀਕ ਸਕੱਤਰ ਸ਼੍ਰੋਮਣੀ ਕਮੇਟੀ ਅਤੇ ਜਸਕਰਨ ਸਿੰਘ ਮੀਡੀਆ ਸਲਾਹਕਾਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੀ ਸ਼ਾਮਲ ਸਨ। ਇਸ ਉਪਰੰਤ ਮਾਹਰ ਕਮੇਟੀ ਨੇ ਫੈਸਲਾ ਕੀਤਾ ਕਿ ਉਹ ਪੰਜਾਬ ਸਰਕਾਰ ਵੱਲੋਂ 18 ਨਵੰਬਰ ਨੂੰ ਪ੍ਰਸਤਾਵਿਤ ਇਕੱਤਰਤਾ ਵਿੱਚ ਸੋਧ ਐਕਟ 2026 'ਤੇ ਵਿਚਾਰ ਕਰਨ ਲਈ ਤਿਆਰ ਹੈ, ਪਰ ਇਸ ਤੋਂ ਪਹਿਲਾਂ ਸਰਕਾਰ ਵੱਲੋਂ ਅਹਿਮ ਤੱਥਾਂ ਬਾਰੇ ਸਥਿਤੀ ਸਪੱਸ਼ਟ ਕਰਨੀ ਲਾਜ਼ਮੀ ਹੈ। ਮਾਹਰ ਕਮੇਟੀ ਦੇ ਕੋਆਰਡੀਨੇਟਰ ਲਖਵੀਰ ਸਿੰਘ ਵੱਲੋਂ ਨੋਡਲ ਅਫ਼ਸਰ, ਤਾਲਮੇਲ ਕਮੇਟੀ, ਪੰਜਾਬ ਸਰਕਾਰ ਨੂੰ ਭੇਜੇ ਪੱਤਰ ਵਿੱਚ ਪਹਿਲਾ ਸਵਾਲ ਪੁੱਛਿਆ ਗਿਆ ਹੈ ਕਿ ਕੀ ਪੰਜਾਬ ਸਰਕਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ 29 ਜੂਨ 2026 ਨੂੰ ਜਾਰੀ ਕੀਤੇ ਆਦੇਸ਼ਾਂ (ਜਿਨ੍ਹਾਂ 'ਤੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀਆਂ ਅਤੇ ਵਿਧਾਇਕਾਂ ਨੇ ਪੰਜ ਸਿੰਘ ਸਾਹਿਬਾਨ ਦੇ ਸਨਮੁੱਖ ਆਪਣੀ ਸਹਿਮਤੀ ਪ੍ਰਗਟਾਈ ਸੀ) ਦੀ ਪਾਲਣਾ ਲਈ ਹੁਣ ਤੱਕ ਕੋਈ ਕਦਮ ਚੁੱਕਿਆ ਹੈ? ਦੂਜਾ ਸਵਾਲ ਇਹ ਪੁੱਛਿਆ ਗਿਆ ਹੈ ਕਿ ਕੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ 11 ਮਈ ਅਤੇ 29 ਜੂਨ 2026 ਦੇ ਆਦੇਸ਼ਾਂ ਅਨੁਸਾਰ ਸੋਧ ਐਕਟ, 2026 ਦੇ ਅਮਲ 'ਤੇ ਰੋਕ ਲਗਾਉਣ ਲਈ ਪੰਜਾਬ ਸਰਕਾਰ ਵੱਲੋਂ ਹੁਣ ਤੱਕ ਕੋਈ ਹੁਕਮ ਜਾਂ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ?



ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Comtact :
+447458381111
+447976210161
+919729091243
ਆਵਾਜ਼ਿ ਕੌਮ AWAZE QAUM TV
ਭਾਈ ਰਘਵੀਰ ਸਿੰਘ ਵਾਲਸਾਲ
ਮੁੱਖ ਸੰਪਾਦਕ

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ
ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

ਸਮੂਹ ਪੱਤਰਕਾਰਾਂ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੇ ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਗ਼ੈਰ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ਨੂੰ ਛਾਪਣ ਤੋਂ ਅਸਮਰਥ ਹੋਵਾਂਗੇ। -ਭਾਈ ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ

ਸ਼੍ਰੀ ਅਕਾਲ ਸਹਾਇ
ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ



ਜਥੇਦਾਰ ਬਲਜੀਤ ਸਿੰਘ ਜੀ
ਦਾਦੂਵਾਲ ਵਾਲੇ

ਬਾਬਾ ਗੁਲਾਬ ਸਿੰਘ ਜੀ
ਚਮਕੌਰ ਸਾਹਿਬ ਵਾਲੇ

ਮਹਾਨ ਗੁਰਮਤਿ ਸਮਾਗਮ
ਪਿੰਡ ਰੋਹਣੋਂ ਕਲਾਂ (ਰਾਜੇਵਾਲ) ਨੇੜੇ ਈਸੜੂ
ਮਿਤੀ 14, 15 ਨਵੰਬਰ 2026,
ਸਮਾਂ 06 ਵਜੇ ਤੋਂ ਰਾਤ 10 ਵਜੇ ਤੱਕ

ਆਵਾਜ਼ਿ ਕੌਮ AWAZE QAUM
International Newspaper & WEB TV

ਸੰਪਰਕ : +91 97794-94830, 99148-27643, 98148-37057, 81988-60593,
98516-00055, 88729-58745, 70872-13998



ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ।।

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)



ਮਹਾਨ ਗੁਰਮਤਿ ਸਮਾਗਮ

ਜੋਤੀ ਜੋਤ :- ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ

ਸ਼ਹੀਦੀ ਦਿਹਾੜਾ : ਦਮਦਮੀ ਟਕਸਾਲ ਦੇ ਪਹਿਲੇ ਮੁੱਖੀ ਅਨੋਖੇ ਅਮਰ ਸ਼ਹੀਦ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ।

ਗੁਰਤਾਗੱਦੀ :- ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।



ਕਵੀਸ਼ਰੀ ਜਥਾ ਗਿਆਨੀ ਕੁਲਬੀਰ ਸਿੰਘ ਪਾਰਸ

ਸ਼ਨਿੱਚਰਵਾਰ 14 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਹਰ ਐਤਵਾਰ 15 ਨਵੰਬਰ 2026 ਨੂੰ 6:30 ਵਜੇ ਸਵੇਰੇ ਚੌਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੁੰਦੀ ਹੈ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 11:00 ਤੋਂ 12:30 ਮਿੰਟ ਤੱਕ ਦੀਵਾਨ ਸੱਜਣਗੇ।

ਕਵੀਸ਼ਰੀ ਜਥਾ ਗਿਆਨੀ ਕੁਲਬੀਰ ਸਿੰਘ ਪਾਰਸ ਪੰਜਾਬ ਦੀ ਧਰਤੀ ਤੋਂ ਵਾਲੇ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap 26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ੴ ਸਤਿਗੁਰ ਪ੍ਰਸਾਦਿ ॥

ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥
ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥੨॥੨॥



ਭੋਗ ਅਤੇ ਅੰਤਿਮ ਅਰਦਾਸ
ਸ਼ਰਧਾਂਜਲੀ ਸਮਾਗਮ

ਸ਼ਹੀਦ ਭਾਈ ਪਰਵਿੰਦਰ ਸਿੰਘ ਖ਼ਾਲਸਾ (ਝੋਟਾ)

ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਆਵਾਜ਼ ਬੁਲੰਦ ਕਰਨ ਵਾਲੇ ਅਤੇ ਇਸ ਸੰਘਰਸ਼ ਦੌਰਾਨ ਆਪਣੀ ਜਾਨ ਵਾਰਨ ਵਾਲੇ **ਸ਼ਹੀਦ ਭਾਈ ਪਰਵਿੰਦਰ ਸਿੰਘ ਖ਼ਾਲਸਾ (ਝੋਟਾ)** ਜੀ ਦੀ ਨਿੱਘੀ ਯਾਦ ਵਿੱਚ ਭੋਗ ਅਤੇ ਅੰਤਿਮ ਅਰਦਾਸ ਹੋਵੇਗੀ।

ਸਮੂਹ ਸੰਗਤ ਨੂੰ ਨਿਮਰ ਬੇਨਤੀ ਹੈ ਕਿ ਇਸ ਸ਼ਰਧਾਂਜਲੀ ਸਮਾਗਮ ਵਿੱਚ ਹਾਜ਼ਰੀ ਭਰ ਕੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰੋ ਅਤੇ ਪਰਿਵਾਰ ਨਾਲ ਅਰਦਾਸ ਵਿੱਚ ਸ਼ਾਮਲ ਹੋਵੋ।

ਮਿਤੀ: 15 ਨਵੰਬਰ 2026, ਦਿਨ ਐਤਵਾਰ

ਸਥਾਨ: ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ, ਜ਼ਿਲ੍ਹਾ ਬਠਿੰਡਾ, ਪੰਜਾਬ

ਵੱਲੋਂ: ਪਰਿਵਾਰ ਅਤੇ ਸਮੂਹ ਸੰਗਤ

ਆਵਾਜ਼ਿ ਕੌਮ AWAZE QAUM International Newspaper & WEB TV

ਨਸ਼ਾ-ਮੁਕਤ ਪੰਜਾਬ ਲਈ ਤੁਹਾਡਾ ਸੰਘਰਸ਼ ਸਦਾ ਪ੍ਰੇਰਨਾ ਬਣਿਆ ਰਹੇਗਾ।

ਲਾਸਾਨੀ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਸ਼ਹੀਦ

ਧਰਮਾਂ ਦੇ ਇਤਿਹਾਸ ਅਤੇ ਸ਼ਹੀਦੀ ਪਰੰਪਰਾ ਵਿਚ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਵਿਲੱਖਣ ਸਥਾਨ ਹੈ। ਯੁੱਧ ਦੇ ਮੈਦਾਨ 'ਚ ਸੀਸ ਨੂੰ ਤਲੀ 'ਤੇ ਰੱਖ ਕੇ ਦੁਸ਼ਮਣ ਦੇ ਆਹੂ ਲਾਹ ਸੁੱਟਣ ਵਾਲੇ ਇਸ ਮਹਾਂਬਲੀ ਯੋਧੇ ਦਾ ਜਨਮ 26 ਜਨਵਰੀ, 1682 ਈ: (14 ਮਾਘ) ਨੂੰ ਪਿੰਡ ਪਹੁਵਿੰਡ, ਜ਼ਿਲ੍ਹਾ ਤਰਨ ਤਾਰਨ ਵਿਖੇ ਪਿਤਾ ਬਾਬਾ ਭਗਤਾ ਜੀ ਦੇ ਗ੍ਰਹਿ ਵਿਖੇ ਮਾਤਾ ਜਿਉਣੀ ਜੀ ਦੀ ਕੁੱਖੋਂ ਹੋਇਆ। ਬਚਪਨ 'ਚ ਹੀ ਆਪ ਜੀ ਮਾਤਾ ਪਿਤਾ ਨਾਲ ਸ੍ਰੀ ਅਨੰਦਪੁਰ

ਅੱਜ 15 ਨਵੰਬਰ ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼

ਸਾਹਿਬ ਚਲੇ ਗਏ। ਜਿੱਥੇ ਉਨ੍ਹਾਂ ਧੰਨ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਹੱਥੋਂ ਅੰਮ੍ਰਿਤਪਾਨ ਕੀਤਾ। ਭਜਨ ਬੰਦਗੀ ਵਿਚ ਲੀਨ ਰਹਿਣ ਤੋਂ ਇਲਾਵਾ ਜੰਗ, ਯੁੱਧ ਅਤੇ ਹਥਿਆਰ ਚਲਾਉਣ ਦੀ ਮੁਹਾਰਤ ਹਾਸਲ ਕਰਦਿਆਂ, ਇੱਥੇ ਹੀ ਭਾਈ ਮਨੀ ਸਿੰਘ ਜੀ ਤੋਂ ਗੁਰਮੁਖੀ ਲਿਖਣ ਤੇ ਪੜ੍ਹਨ ਦੀ ਸਿੱਖਿਆ ਪ੍ਰਾਪਤ ਕੀਤੀ।

1703 ਵਿਚ ਆਪ ਜੀ ਦੇ ਮਾਤਾ ਪਿਤਾ ਜੀ ਵੱਲੋਂ ਆਪ ਜੀ ਨੂੰ ਪਿੰਡ ਲਿਜਾਣ ਦੀ ਗੁਰੂ ਸਾਹਿਬ ਤੋਂ ਆਗਿਆ ਲਈ। ਇਸੇ ਸਮੇਂ ਦੌਰਾਨ ਹੀ ਸ੍ਰੀ ਅਨੰਦਪੁਰ ਸਾਹਿਬ 'ਤੇ ਪਹਾੜੀ ਰਾਜਿਆਂ ਅਤੇ ਮੁਗ਼ਲ ਹਕੂਮਤ ਵੱਲੋਂ ਹਮਲਾ ਕਰ ਦਿੱਤਾ ਗਿਆ ਤੇ ਗੁਰੂ ਸਾਹਿਬ ਦਾ ਪਰਿਵਾਰ ਅਤੇ ਗੁਰਸਿੱਖਾਂ ਨੂੰ ਅਨੰਦਪੁਰ ਸਾਹਿਬ ਛੱਡਣਾ ਪਿਆ।

1704 ਈ: 'ਚ ਮੁਕਤਸਰ ਦੀ ਜੰਗ ਅਤੇ ਭਾਈ ਮਹਾਂ ਸਿੰਘ ਦੀ ਬੇਨਤੀ 'ਤੇ 40 ਸਿੰਘਾਂ ਦੀ ਟੁੱਟੀ ਗੰਢਣ ਤੋਂ ਉਪਰੰਤ ਸ੍ਰੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਮਦਮਾ ਸਾਹਿਬ ਸਾਬੋ ਕੀ ਤਲਵੰਡੀ ਪਹੁੰਚੇ। ਗੁਰੂ ਸਾਹਿਬ ਦੇ ਬੁਲਾਵੇ 'ਤੇ ਬਾਬਾ ਦੀਪ ਸਿੰਘ ਜੀ ਹਾਜ਼ਰ ਹੋਏ।

ਦਮਦਮਾ ਸਾਹਿਬ ਵਿਖੇ ਮਹਾਰਾਜ ਸਾਹਿਬ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਿੰਘਾਂ ਨਾਲ ਕੀਤੇ ਵਾਅਦੇ ਮੁਤਾਬਿਕ ਗੁਰਬਾਣੀ ਦੇ ਅਰਥ ਪੜ੍ਹਾਉਣ ਅਤੇ ਗੁਰੂ ਅਰਜਨ ਦੇਵ ਜੀ ਵੱਲੋਂ ਭਾਈ ਗੁਰਦਾਸ ਜੀ ਤੋਂ ਅੰਮ੍ਰਿਤਸਰ ਸਾਹਿਬ ਵਿਖੇ ਲਿਖਵਾਏ ਗੁਰੂ ਗ੍ਰੰਥ ਸਾਹਿਬ ਜੀ ਵਿਚ ਨੌਵੇਂ ਪਾਤਸ਼ਾਹ ਦੀ ਬਾਣੀ ਦਰਜ ਕਰਨ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਉਹੀ ਸਰੂਪ ਧੀਰ ਮੱਲ ਤੋਂ ਲਿਆਉਣ ਲਈ ਸਿੰਘਾਂ ਨੂੰ ਕਰਤਾਰਪੁਰ ਭੇਜਿਆ। ਧੀਰ ਮਲੀਆਂ ਨੇ ਅੱਗੋਂ ਤਰਕ ਪੈਦਾ ਕਰ ਦਿੱਤੀ , ਕਹਿਣ ਲੱਗੇ ਕਿ ਜੇ ਤੁਸੀਂ ਧੰਨ ਗੁਰੂ ਗੋਬਿੰਦ ਸਿੰਘ ਜੀ ਨੂੰ ਗੁਰੂ ਨਾਨਕ ਦੇਵ ਗੁਰੂ ਅਰਜਨ ਦੇਵ ਜੀ ਦੀ ਜੋਤ ਸਮਝਦੇ ਹੋ ਤਾਂ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਆਪ ਗੁਰੂ ਅਰਜਨ ਦੇਵ ਜੀ ਵਾਂਗ ਕਿਉਂ ਨਹੀਂ ਸਾਰੀ ਬਾਣੀ ਆਪਣੇ ਕੰਠ 'ਚੋਂ ਉਚਾਰਨ ਕਰ ਲੈਂਦੇ। ਧੀਰ ਮਲੀਆਂ ਵੱਲੋਂ ਸਰੂਪ ਦੇਣ ਤੋਂ ਨਾਂਹ ਹੋਣ 'ਤੇ ਸਤਿਗੁਰੂ ਜੀ ਨੇ ਕਿਹਾ ਕਿ ਸਾਨੂੰ ਪਤਾ ਸੀ ਉਨ੍ਹਾਂ ਆਦਿ ਬੀੜ ਨਹੀਂ ਦੇਣੀ , ਪਰ ਆਪ ਸਭ ਦੀ ਸ਼ੰਕਾ ਦੂਰ ਕਰਨੀ ਵੀ ਜ਼ਰੂਰੀ ਸੀ। ਕਿ ਸ਼ਾਇਦ ਗੁਰੂ ਜੋਤੀ ਵਿਚ ਫ਼ਰਕ ਹੈ।

ਗੁਰੂ ਸਾਹਿਬ ਜੀ ਨੇ ਆਪ ਗੁਰਬਾਣੀ ਉਚਾਰਨ ਕਰਦਿਆਂ ਭਾਈ ਮਨੀ ਸਿੰਘ ਜੀ ਨੂੰ ਲਿਖਣ ਅਤੇ ਬਾਬਾ ਦੀਪ ਸਿੰਘ ਜੀ ਸ਼ਹੀਦ ਦੀ ਸੇਵਾ ਲਿਖਣ ਦਾ ਸਾਮਾਨ ਕਲਮਾਂ, ਸਿਆਹੀ ਅਤੇ ਕਾਗ਼ਜ਼ ਦਾ ਪ੍ਰਬੰਧ ਕਰਨ ਦੀ ਲਾਈ ਗਈ। ਗੁਰੂ ਸਾਹਿਬ ਜਦ ਬਾਣੀ ਲਿਖਵਾਉਣੀ ਆਰੰਭ ਕੀਤੀ। ਤਦ ਭਾਈ ਮਨੀ ਸਿੰਘ ਜੀ ਨੇ ਬਾਣੀ ਲਿਖਣ ਪ੍ਰਤੀ ਅਸਮਰਥਾ ਜਤਾਈ ਤਾਂ ਗੁਰੂ ਸਾਹਿਬ ਨੇ ਕਿਹਾ ਭਾਈ ਮਨੀ ਸਿੰਘਾਂ ਤੂ ਗੁਰੂ ਨਾਨਕ ਦੇਵ ਜੀ ਦੇ ਚਰਨਾਂ ਦਾ ਧਿਆਨ ਧਰ ਕੇ ਅੰਗਾਂ 'ਤੇ ਕਲਮ ਰੱਖ ਤੇਰੀ ਕਮਲ ਅਗਾਮੀ ਚੱਲੇਗੀ। ਇੰਝ ਹੀ ਹੋਇਆ। ਸੋ ਗੁਰੂ ਸਾਹਿਬ ਜੀ ਨਿਤਾ ਪ੍ਰਤੀ ਤੰਬੂ ਵਿਚ ਬੈਠ ਕੇ ਗੁਰਬਾਣੀ ਉਚਾਰਦੇ, ਭਾਈ ਮਨੀ ਸਿੰਘ ਜੀ ਗੁਰਬਾਣੀ ਲਿਖਣ ਦੀ ਸੇਵੀ ਨਿਭਾਉਂਦੇ , ਤੇ ਸ਼ਾਮ ਨੂੰ ਗੁਰੂ ਸਾਹਿਬ ਉਚਾਰੀ ਹੋਈ ਬਾਣੀ ਦੇ ਅਰਥ ਸਾਰੇ ਸਿੰਘਾਂ ਨੂੰ ਸੁਣਾਉਂਦੇ। ਇਸ ਪ੍ਰਕਾਰ 9 ਮਹੀਨੇ 9 ਦਿਨ 9 ਘੜੀਆਂ 9 ਪਲਾਂ ਵਿਚ ਸੰਨ 1706ਈ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਸਰੂਪ ਸੰਪੂਰਨ ਹੋਇਆ। ਇਸੇ ਵਕਤ ਹੀ ਅਰਥਾਂ ਦੀ ਟਕਸਾਲ ਆਰੰਭ ਹੋਈ। ਇੱਥੇ ਹੀ ਸਤਿਗੁਰਾਂ ਨੇ ਬਾਬਾ ਦੀਪ ਸਿੰਘ ਜੀ ਨੂੰ ਟਕਸਾਲ ਦਾ ਮੁਖੀ ਥਾਪਦਿਆਂ ਸੰਗਤ ਨੂੰ ਗੁਰਬਾਣੀ ਦਾ ਸੁੱਧ ਉਚਾਰਨ ਸਰਵਣ ਕਰਾਉਣ ਅਤੇ ਅਰਥ ਪੜਾਉਣ ਦੀ ਸੇਵਾ ਸੌਂਪੀ । ਗੁਰੂ ਸਾਹਿਬ ਨੇ ਫ਼ਰਮਾਇਆ ਕਿ ਭਾਈ ਦੀਪ ਸਿੰਘ ਜੀ ਜੇ ਧਰਮ ਦੀ ਰੱਖਿਆ ਕਰਦਿਆਂ ਤੁਹਾਡਾ ਸੀਸ ਧਰ ਨਾਲੋਂ ਅਲਹਿਦਾ ਵੀ ਹੋ ਗਿਆ, ਤੁਹਾਡੇ ਅਨੰਦ 'ਚ ਫ਼ਰਕ ਨਹੀਂ ਪਵੇਗਾ। ਜੋ ਅੱਗੇ ਚੱਲ ਕੇ ਸੱਚ ਸਾਬਤ ਹੋਇਆ। ਇੰਝ ਹੀ ਸਤਿਗੁਰੂ ਨੇ ਭਾਈ ਮਨੀ ਸਿੰਘ ਜੀ ਨੂੰ ਵੀ ਰਹਿਮਤਾਂ ਨਾਲ ਨਿਵਾਜਿਆ।

ਇਹ ਪਾਵਨ ਬੀੜ ਦਮਦਮਾ ਸਾਹਿਬ ਤਿਆਰ ਹੋਣ ਕਰਕੇ 'ਦਮਦਮੀ ਬੀੜ ਦੇ ਨਾਮ ਨਾਲ ਪ੍ਰਸਿੱਧ ਹੈ। ਇਸ ਮਹਾਨ ਕਾਰਜ ਨੂੰ ਨੇਪਰੇ ਚਾੜ੍ਹ ਕੇ ਦਸਮੇਸ਼ ਪਿਤਾ ਜੀ ਜਦੋਂ ਦੱਖਣ 'ਚ ਸ੍ਰੀ ਹਜ਼ੂਰ ਸਾਹਿਬ ਗਏ ਤਾਂ ਬਾਬਾ ਦੀਪ ਸਿੰਘ ਜੀ ਸ਼ਹੀਦ ਉਸ ਸਮੇਂ ਗੁਰੂ ਸਾਹਿਬ ਜੀ ਦੇ ਨਾਲ ਹੀ ਗਏ। ਜਿਸ ਸਮੇਂ ਗੁਰੂ ਸਾਹਿਬ ਜੀ ਨੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਤਾ ਗੱਦੀ 'ਤੇ ਸੁਸ਼ੋਭਿਤ ਕੀਤਾ, ਉਸ ਸਮੇਂ ਭਾਈ ਮਨੀ ਸਿੰਘ ਜੀ ਨੇ ਤਾਬਿਆ ਚੌਰ ਸਾਹਿਬ ਜੀ ਦੀ ਸੇਵਾ ਕੀਤੀ ਅਤੇ ਬਾਬਾ ਦੀਪ ਸਿੰਘ ਜੀ, ਪਿਆਰੇ ਧਰਮ ਸਿੰਘ ਜੀ, ਭਾਈ ਹਰਿ ਸਿੰਘ ਜੀ, ਭਾਈ ਸੰਤੋਖ ਸਿੰਘ ਜੀ, ਭਾਈ ਗੁਰਬਖ਼ਸ਼ ਸਿੰਘ ਸ਼ਹੀਦ ਜੀ ਨੂੰ ਦਸਮੇਸ਼ ਪਿਤਾ ਜੀ ਨੇ ਪੰਜਾਂ ਪਿਆਰਿਆਂ ਦੇ ਰੂਪ ਵਿਚ ਆਪਣੇ ਪਾਸ ਖੜ੍ਹੇ ਕਰਕੇ ਗੁਰਤਾ ਗੱਦੀ ਦਾ ਅਰਦਾਸਾ ਸੋਧਿਆ। ਬਾਬਾ ਜੀ ਉਸ ਵੇਲੇ ਪੰਜਾਂ ਪਿਆਰਿਆਂ ਵਿਚ ਵੀ ਸ਼ਾਮਿਲ ਸਨ। ਬਾਅਦ ਵਿਚ ਬਾਬਾ ਦੀਪ ਸਿੰਘ ਜੀ ਨੇ ਸਤਿਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੀ ਆਗਿਆ ਪਾ ਕੇ ਦਮਦਮਾ ਸਾਹਿਬ ਵਿਖੇ ਗੁਰਬਾਣੀ ਦਾ ਸ਼ੁੱਧ ਪਾਠ, ਗੁਰਬਾਣੀ ਦੀ ਵਿਆਖਿਆ, ਗੁਰਦੁਆਰਿਆਂ ਦੀ ਸੇਵਾ ਸੰਭਾਲ ਦਾ ਕੰਮ ਆਰੰਭ ਕਰ ਦਿੱਤਾ। ਸਵੇਰੇ ਸ਼ਾਮ ਗੁਰੂ ਕਾ ਲੰਗਰ ਅਤੁੱਟ ਵਰਤਦਾ, ਰਾਤ ਨੂੰ ਢਾਡੀ ਵਾਰਾਂ ਗਾਉਂਦੇ, ਸੰਗਤਾਂ ਵਿਚ ਬੀਰ ਰਸ ਦਾ ਉਤਸ਼ਾਹ ਭਰਿਆ ਜਾਂਦਾ। ਜਦੋਂ ਵੀ ਸਮਾਂ ਮਿਲਦਾ ਬਾਬਾ ਜੀ ਗੁਰਬਾਣੀ ਦੀਆਂ ਪੋਥੀਆਂ ਲਿਖ ਕੇ ਵੱਖ-ਵੱਖ ਸਥਾਨਾਂ ਤੇ ਭੇਜਦੇ। ਬਾਬਾ ਜੀ ਨੇ ਥੋੜ੍ਹੇ ਜਿਹੇ ਹੀ ਸਮੇਂ ਵਿਚ ਗੁਰਮਤਿ ਦਾ ਬੜਾ ਭਾਰੀ ਪ੍ਰਚਾਰ ਕੀਤਾ। ਗੁਰਦੁਆਰਾ ਸਾਹਿਬ ਵਿਖੇ ਇਕ ਖੂਹ ਲਗਵਾਇਆ, ਗੁਰਦੁਆਰਾ ਸਾਹਿਬ ਨੂੰ ਵੱਡਾ ਅਤੇ ਪੱਕਾ ਕਰਵਾ ਭਾਰੀ ਸੇਵਾ ਕੀਤੀ।

ਬਾਬਾ ਜੀ ਨੇ ਸੰਨ 1708 ਤੋਂ 1715 ਤਕ ਭਾਈ ਗੁਰਬਖ਼ਸ਼ ਸਿੰਘ ਜਿਸ ਨੂੰ ਅਸੀਂ ਸਾਰੇ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਮ ਨਾਲ ਜਾਣਦੇ ਹਾਂ ਦੀ ਹਰ ਯੁੱਧ ਅਤੇ ਹਰ ਮੁਹਿੰਮ ਵਿਚ ਸਹਾਇਤਾ ਕੀਤੀ। ਸਰਹੰਦ ਨੂੰ ਫ਼ਤਿਹ ਕਰਨ ਸਮੇਂ ਦਿਖਾਏ ਜੌਹਰ ਕਾਰਨ ਬਾਬਾ ਦੀਪ ਸਿੰਘ ਜੀ ਨੂੰ ਸ਼ਹੀਦ ਦਾ ਖ਼ਿਤਾਬ ਮਿਲਿਆ। ਜਦ ਬੰਦਾ ਸਿੰਘ ਬਹਾਦਰ ਅਨੰਦਪੁਰ ਸਾਹਿਬ ਆਏ ਤਾਂ ਬਾਬਾ ਜੀ ਵੀ ਉਨ੍ਹਾਂ ਨਾਲ ਤਿੰਨ ਮਹੀਨੇ ਰਹੇ। ਦੋਨੋਂ ਵਕਤ ਦੀਵਾਨ ਸਜਾਉਂਦੇ ਰਹੇ। ਬਾਬਾ ਬੰਦਾ ਸਿੰਘ ਬਹਾਦਰ ਬਾਬਾ ਜੀ ਦਾ ਬਹੁਤ ਸਤਿਕਾਰ ਕਰਿਆ ਕਰਦੇ ਸਨ।

ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹੀਦੀ 1716 ਈ: ਤੋਂ ਬਾਅਦ ਜਦ ਬੰਦਈ ਖ਼ਾਲਸਾ ਅਤੇ ਤੱਤ ਖ਼ਾਲਸੇ ਦਾ ਝਗੜਾ ਬਹੁਤ ਵਧ ਗਿਆ ਤਾਂ ਬਾਬਾ ਦੀਪ ਸਿੰਘ ਜੀ ਅਤੇ ਭਾਈ ਮਨੀ ਸਿੰਘ ਜੀ ਨੇ ਕਿਹਾ ਫ਼ੈਸਲਾ ਗੁਰੂ 'ਤੇ ਛੱਡ ਦਿਓ। ਦੋਹਾਂ ਧਿਰਾਂ ਨੇ ਤਜਵੀਜ਼ ਮੰਨ ਲਈ ਤੇ ਇਕ ਪਰਚੀ 'ਤੇ ਵਾਹਿਗੁਰੂ ਜੀ ਕਾ ਖੋਸਾ ਵਾਹਿਗੁਰੂ ਜੀ ਕੀ ਫ਼ਤਿਹ ਅਤੇ ਦੂਜੀ 'ਤੇ ਫ਼ਤਿਹ ਦਰਸ਼ਨ ਲਿਖ ਗੁਰੂ ਅੱਗੇ ਅਰਦਾਸ ਕਰਦਿਆਂ ਅੰਮ੍ਰਿਤ ਸਰੋਵਰ 'ਚ ਪਰਚੀਆਂ ਪਾ ਕੇ ਝਗੜਾ ਨਿਬੇੜਿਆ। ਇਸ ਸਮੇਂ ਦੇ 11 ਸਾਲਾਂ ਦੌਰਾਨ ਬਾਬਾ ਦੀਪ ਸਿੰਘ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਚਾਰ ਬੀੜਾਂ ਦਾ ਆਪਣੇ ਹੱਥੀਂ ਉਤਾਰਾ ਕੀਤਾ ਅਤੇ ਤਖ਼ਤ ਸਾਹਿਬਾਨਾਂ



'ਤੇ ਸੁਸ਼ੋਭਿਤ ਕਰਾਏ। ਆਪ ਜੀ ਅਰਬੀ ਫ਼ਾਰਸੀ ਦੇ ਵੀ ਵਿਦਵਾਨ ਸਨ ਸੋ ਆਪ ਜੀ ਨੇ ਅਰਬੀ ਭਾਸ਼ਾ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਉਤਾਰਾ ਕਰ ਕੇ ਅਰਬ ਦੇਸ਼ 'ਚ ਭਿਜਵਾਇਆ। ਅਰਬ ਦੇਸ਼ ਦੇ ਲੋਕ ਉਸ ਬੀੜ ਦਾ ਬਹੁਤ ਸਤਿਕਾਰ ਕਰਿਆ ਕਰਦੇ ਹਨ।

ਜਦ 1733 'ਚ ਜ਼ਕਰੀਆ ਖ਼ਾਨ ਵੱਲੋਂ ਦਿਲੀ ਦੇ ਬਾਦਸ਼ਾਹ ਦੀ ਮਨਜ਼ੂਰੀ ਨਾਲ ਸਿੰਘਾਂ ਨਾਲ ਸੁਲਾਹ ਕਰਨ ਲਈ ਭਾਈ ਸੁਬੇਗ ਸਿੰਘ ਰਾਹੀਂ ਨਵਾਬੀ ਦੀ ਖ਼ਿਲਤ (ਪੁਸ਼ਾਕ) ਅੰਮ੍ਰਿਤਸਰ ਭੇਜਿਆ ਗਿਆ , ਤਾਂ ਪੰਥ ਨੇ ਫ਼ੈਸਲਾ ਲੈ ਕੇ ਉਸ ਵਕਤ ਸੰਗਤਾਂ ਨੂੰ ਪੱਖਾ ਝੱਲ ਰਹੇ ਪੰਥ ਦੇ ਮਹਾਨ ਸੇਵਾਦਾਰ ਨਵਾਬ ਕਪੂਰ ਸਿੰਘ ਫੈਜਲਪੁਰੀਆ ਜੋ ਖ਼ਾਲਸੇ ਦੇ ਘੋੜਿਆਂ ਸੇਵਾ ਕਰਿਆ ਕਰਦੇ ਸਨ, ਨੂੰ ਨਵਾਬੀ ਦਿੱਤੀ ਗਈ, ਉਨ੍ਹਾਂ ਦੀ ਸ਼ਰਤ ਮੁਤਾਬਿਕ ਨਵਾਬੀ ਭੇਟਾ ਨੂੰ ਜਿਨ੍ਹਾਂ ਪੰਜ ਪਿਆਰਿਆਂ ਦੇ ਚਰਨਾਂ ਨਾਲ ਛੁਹਾਇਆ ਗਿਆ ਉਨ੍ਹਾਂ 'ਚ ਬਾਬਾ ਦੀਪ ਸਿੰਘ ਜੀ ਤੋਂ ਇਲਾਵਾ ਭਾਈ ਕਰਮ ਸਿੰਘ ਕਰਤਾਰਪੁਰ ਵਾਲੇ, ਭਾਈ ਹੀਰਾ ਸਿੰਘ ਹਜ਼ੂਰੀਆ, ਭਾਈ ਬੁੱਧ ਸਿੰਘ ਸੁਕਰਚੱਕੀਆ (ਮਹਾਰਾਜਾ ਰਣਜੀਤ ਸਿੰਘ ਦਾ ਪੜਦਾਦਾ) ਤੇ ਭਾਈ ਜੱਸਾ ਸਿੰਘ ਰਾਮਗੜ੍ਹੀਆ ਵੀ ਸ਼ਾਮਿਲ ਸਨ। ਇਹ ਸਮਝੌਤਾ 1735 ਤਕ ਰਿਹਾ। ਉਪਰੰਤ ਸਿੰਘਾਂ ਨੂੰ ਅੰਮ੍ਰਿਤਸਰ ਛੱਡਣਾ ਪਿਆ। ਇਸੇ ਦੌਰਾਨ ਭਾਈ ਮਨੀ ਸਿੰਘ ਨੂੰ ਸ਼ਹਾਦਤ ਦਾ ਜਾਮ ਪੀਣਾ ਪਿਆ।

ਜਥੇਦਾਰ ਦੀਵਾਨ ਦਰਬਾਰਾ ਸਿੰਘ ਜੀ ਦੇ ਸੱਚਖੰਡ ਪਿਆਨੇ ਤੋਂ ਬਾਅਦ 1734 ਈ: 'ਚ ਸਮੇਂ ਦੀ ਲੋੜ ਮੁਤਾਬਿਕ ਤਰਨਾ ਦਲ ਅਤੇ ਬੁੱਢਾ ਦਲ ਦੇ ਰੂਪ 'ਚ ਜਥੇ ਬਣਾਏ ਗਏ। ਤਰਨਾ ਦਲ ਪੰਚ ਹਿੱਸਿਆਂ 'ਚ ਵੰਡਿਆ ਗਿਆ। ਇਕ ਜਥੇ ਦਾ ਜਥੇਦਾਰ ਬਾਬਾ ਦੀਪ ਸਿੰਘ ਜੀ ਨੂੰ ਬਣਾਇਆ ਗਿਆ ਜਿਸ ਦੇ ਜਥੇ 'ਚ 2 ਹਜ਼ਾਰ ਘੋੜ ਸਵਾਰ ਹਰ ਸਮੇਂ ਤਿਆਰ ਭਰ ਤਿਆਰ ਰਹਿੰਦੇ ਸਨ।

ਜਦ 1740 'ਚ ਮਸੇ ਰੰਘੜ ਵੱਲੋਂ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕੀਤੀ ਗਈ ਤਾਂ ਬਾਬਾ ਜੀ ਦੇ ਜਥੇ ਦੇ ਜਥੇਦਾਰ ਬਾਬਾ ਬੁੱਢਾ ਸਿੰਘ ਦੇ ਜਥੇ ਦੇ ਸਿੰਘ ਭਾਈ ਸੁਖਾ ਸਿੰਘ ਤੇ ਭਾਈ ਮਹਿਤਾਬ ਸਿੰਘ ਨੇ ਹੀ ਮਸੇ ਦਾ ਸਿਰ ਵੱਢ ਕੇ ਬਾਬਾ ਜੀ ਅੱਗੇ ਲਿਆ ਪੇਸ਼ ਕੀਤਾ।

1748 'ਚ ਅੰਮ੍ਰਿਤਸਰ ਵਿਖੇ ਸਰਬੱਤ ਖ਼ਾਲਸਾ ਵਿਚ ਸਿੱਖਾਂ ਦੇ ਵੱਖ ਵੱਖ 65 ਵੱਡੇ ਛੋਟੇ ਜਥਿਆਂ ਨੂੰ 12 ਵੱਡੇ ਜਥਿਆਂ - ਮਿਸਲਾਂ ਵਿਚ ਸੰਗਠਿਤ ਕਰ ਦਿੱਤਾ ਗਿਆ ਤੇ ਰਾਖੀ ਪ੍ਰਣਾਲੀ ਲਾਗੂ ਕਰ ਦਿੱਤੀ ਗਈ। ਜਿਸ ਤਹਿਤ ਸਿੰਘਾਂ ਦੇ ਜਥੇ ਰਾਖੀ ਵਾਲੇ ਪਿੰਡਾਂ ਦੀ ਜਾਨ ਮਾਲ ਦੀ ਰਾਖੀ ਕਰਿਆ ਕਰਦੇ ਸਨ। ਮਿਸਲ ਸ਼ਹੀਦਾਂ ਦੇ ਪ੍ਰਥਮ ਮੁਖੀ ਬਾਬਾ ਦੀਪ ਸਿੰਘ ਜੀ ਨੂੰ ਬਣਾਇਆ ਗਿਆ।

18 ਵੀਂ ਸਦੀ ਦੌਰਾਨ ਵਿਦੇਸ਼ੀ ਹਮਲਾਵਰ ਅਫ਼ਗ਼ਾਨ ਧਾੜਵੀਆਂ ਨੇ ਭਾਰਤ ਨੂੰ ਖ਼ੂਬ ਲੁੱਟਿਆ । ਉਸ ਸਮੇਂ ਸਿੱਖ ਹੀ ਸਨ ਜਿਨ੍ਹਾਂ ਨੇ ਇਨ੍ਹਾਂ ਅਫ਼ਗ਼ਾਨ ਧਾੜਵੀਆਂ ਦਾ ਮੁਕਾਬਲਾ ਕਰਦਿਆਂ ਭਾਰਤ ਦਾ ਲੁੱਟਿਆ ਬਹੁ-ਕੀਮਤੀ ਮਾਲ-ਅਸਬਾਬ ਹੀ ਨਾ ਕੇਵਲ ਵਾਪਸ ਖੋਹ ਲਿਆ ਜਾਂਦਾ ਰਿਹਾ । ਸਗੋਂ ਗ਼ਜ਼ਨੀ ਦੇ ਬਜ਼ਾਰਾਂ 'ਚ ਮੁੱਲ ਵੱਟਣ ਲਈ ਲੈ ਜਾਈਆਂ ਜਾ ਰਹੀਆਂ ਹਿੰਦ ਦੀਆਂ ਬਹੂ ਬੇਟੀਆਂ ਨੂੰ ਅਫ਼ਗ਼ਾਨੀਆਂ ਤੋਂ ਛੁਡਵਾ ਕੇ ਘਰੋ-ਘਰੀਂ ਭੇਜੀਆਂ ਜਾਂਦੀਆਂ ਰਹੀਆਂ।

1757 ਵਿਚ ਜਦੋਂ ਅਹਿਮਦ ਸ਼ਾਹ ਅਬਦਾਲੀ ਦਿੱਲੀ, ਆਗਰਾ, ਮਥੁਰਾ ਤੋਂ ਲੁੱਟ-ਮਾਰ ਦੀ ਧਨ ਦੌਲਤ ਅਤੇ ਬੇਕਸੂਰ ਨੌਜਵਾਨ ਲੜਕੀਆਂ ਨੂੰ ਬੰਦੀ ਬਣਾ ਕੇ ਅਫ਼ਗ਼ਾਨਿਸਤਾਨ ਲਿਜਾ ਰਿਹਾ ਸੀ ਤਾਂ ਬਾਬਾ ਦੀਪ ਸਿੰਘ ਜੀ ਦੇ ਜਥੇ ਨੇ ਹਮਲਾ ਬੋਲ ਕੇ ਲੁੱਟਿਆ ਹੋਇਆ ਖ਼ਜ਼ਾਨਾ ਅਤੇ ਲੜਕੀਆਂ ਨੂੰ ਛਡਾ ਲਿਆ। ਜਿਸ ਕਰਕੇ ਅਬਦਾਲੀ ਹੋਰ ਗ਼ੁੱਸੇ ਵਿਚ ਆ ਗਿਆ ਤੇ ਸਿਖਾ ਦਾ ਸਖ਼ਤ ਵਿਰੋਧੀ ਬਣ ਗਿਆ ਅਤੇ ਸਿੱਖਾਂ ਨੂੰ ਖ਼ਤਮ ਕਰਨ 'ਤੇ ਤੁੱਲ ਗਿਆ। ਉਸ ਨੇ ਬੇਟਾ ਤੈਮੂਰ ਨੂੰ ਲਾਹੌਰ ਦਾ ਗਵਰਨਰ ਬਣਾ ਦਿੱਤਾ ਅਤੇ ਜਨਰਲ ਜਹਾਨ ਖ਼ਾਨ ਅਧੀਨ 10000 ਫ਼ੌਜ ਛੱਡ ਕੇ ਆਪ ਵਾਪਸ ਕਾਬਲ ਚਲਾ ਗਿਆ ਅਤੇ ਫ਼ਰਮਾਨ ਜਾਰੀ ਕਰ ਦਿੱਤਾ ਕਿ ਅੰਮ੍ਰਿਤਸਰ ਸ਼ਹਿਰ ਤੇ ਦਰਬਾਰ ਸਾਹਿਬ ਦੋਹਾਂ ਨੂੰ ਤਹਿਸ-ਨਹਿਸ ਕਰ ਦਿੱਤਾ ਜਾਵੇ। ਹੁਕਮ ਦੀ ਤਾਮੀਲ ਹੁੰਦਿਆਂ ਹੀ ਹਰਮਿੰਦਰ ਸਾਹਿਬ ਦੀ ਬੇਅਦਬੀ ਸ਼ੁਰੂ ਹੋ ਗਈ। ਖ਼ਬਰ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਨਿਵਾਸ ਕਰ ਰਹੇ ਬਾਬਾ ਦੀਪ ਸਿੰਘ ਜੀ ਨੂੰ ਮਿਲੀ ਤਾਂ ਉਹ ਕਰੋਧ ਵਿਚ ਆ ਗਏ। ਆਪ ਜੀ ਨੇ ਸ੍ਰੀ ਦਰਬਾਰ ਸਾਹਿਬ ਜੀ ਦੀ ਪਵਿੱਤਰਤਾ ਭੰਗ ਕਰਨ ਵਾਲਿਆਂ ਨਾਲ ਟੱਕਰ ਲੈਣ ਦਾ ਫ਼ੈਸਲਾ ਕੀਤਾ ਅਤੇ ਆਸ-ਪਾਸ ਦੇ ਨਗਰਾਂ ਅਤੇ ਸਿੰਘਾਂ ਦੇ ਟਿਕਾਣਿਆਂ 'ਤੇ ਇਤਲਾਹ ਦਿੱਤੀ। ਜਿੱਥੋਂ ਅਨੇਕਾਂ ਸਿੰਘ ਬਾਬਾ ਜੀ ਦੀ ਅਗਵਾਈ ਵਿਚ ਧਰਮ ਹੇਤ ਸੀਸ ਦੇਣ ਲਈ ਹਾਜ਼ਰ ਹੋਏ। ਬਾਬਾ ਜੀ ਨੇ ਅਖੰਡ ਪਾਠ ਕਰਾਇਆ ਅਤੇ ਨਗਾਰਿਆਂ 'ਤੇ ਚੋਟਾਂ ਲਾ ਕੇ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਚਾਲੇ ਪਾ ਦੇਣ ਦਾ ਹੁਕਮ ਕੀਤਾ।

ਇਸ ਤਰ੍ਹਾਂ ਦਲ ਖ਼ਾਲਸਾ ਦੀ ਗਿਣਤੀ ਕਾਫ਼ੀ ਹੋ ਗਈ ਸੀ। ਹਰੀਕੇ ਪੱਤਣ ਤੋਂ ਬਿਆਸ ਦਰਿਆ ਪਾਰ ਕਰਕੇ ਸਿੰਘਾਂ ਦਾ ਜਥਾ ਮਾਝੇ ਦੇ ਇਲਾਕੇ ਵਿਚ ਦਾਖਲ ਹੋਇਆ। ਤਰਨਤਾਰਨ ਸਾਹਿਬ ਦੇ ਪਾਵਨ ਅਸਥਾਨ 'ਤੇ ਪਹੁੰਚ ਕੇ ਸਿੰਘਾਂ ਅਤੇ ਬਾਬਾ ਜੀ ਦੀਪ ਸਿੰਘ ਨੇ ਸਣੇ ਕੇਸੀਂ ਇਸ਼ਨਾਨ ਕੀਤਾ। ਘੋੜਿਆਂ ਨੂੰ ਵੀ ਖੁਰਕ ਦਿੱਤੀ ਗਈ। ਕੜਾਹ ਪ੍ਰਸਾਦਿ ਲੈ ਕੇ ਸੇਵਕਾਂ ਦੀ ਭੇਟਾ ਗੁਰੂ ਚਰਨਾਂ 'ਚ ਪਰਵਾਨ ਹੋਣ ਦੀ ਅਰਦਾਸ ਕੀਤੀ ਗਈ। ਕਿ, ਜਿੰਨਾ ਚਿਰ ਹਰਿਮੰਦਰ ਸਾਹਿਬ ਨੂੰ ਅਜ਼ਾਦ ਨਹੀਂ ਕਰਵਾ ਲੈ ਦੇ ਸ਼ਹੀਦੀ ਨਹੀਂ ਪਾਵਾਂਗਾ।

"ਮੁਹਿ ਮਰਨੇ ਕਾ ਚਾਉ ਹੈ, ਮਰਉ ਤ ਹਰਿ ਕੈ ਦੁਆਰ।"

ਬਾਬਾ ਦੀਪ ਸਿੰਘ ਜੀ ਕੇਸਰੀ ਰੰਗ ਦਾ ਪੁਸ਼ਾਕ ਪਹਿਨਿਆ। ਸਾਰੇ ਸ਼ਸਤਰ ਸਰੀਰ 'ਤੇ ਸਜਾ ਲਏ। ਦੋ ਧਾਰਾ ਖੰਡਾ ਹੱਥ 'ਚ ਪਕੜਿਆ। ਸ਼ਹਿਰ ਤੋਂ ਬਾਹਰ ਆ ਕੇ ਬਾਬਾ ਦੀਪ ਸਿੰਘ ਜੀ ਨੇ ਯੋਧਿਆਂ ਦੀ ਪਰਖ ਕਰਨ ਲਈ ਇੱਕ ਲਕੀਰ ਖਿੱਚੀ ਅਤੇ ਕਿਹਾ ਕਿ ਗੁਰੂ ਮਹਾਰਾਜ ਦੇ ਸਤਿਕਾਰ ਖ਼ਾਤਰ ਲੜ ਕੇ ਸ਼ਹੀਦੀ ਪਾਉਣ ਲਈ ਜਿਹੜਾ ਵੀ ਸਿੰਘ ਤਿਆਰ ਹੈ, ਉਹ ਇਸ ਲਕੀਰ ਨੂੰ ਪਾਰ ਕਰੇ, ਜੋ ਕੋਈ ਸ਼ਹੀਦ ਨਹੀਂ ਹੋਣਾ ਚਾਹੁੰਦਾ ਉਹ ਵਾਪਸ ਚੱਲਿਆ ਜਾਵੇ। ਇਸ ਵਕਤ ਬਾਬਾ ਜੀ ਨਾਲ ਅਨੇਕਾਂ ਮਝੈਲ ਵੀ ਆਣ ਮਿਲੇ ਸਨ, ਸਾਰੇ ਸਿੰਘ ਜੈਕਾਰੇ ਗਜਾਉਂਦੇ ਨਗਾਰਿਆਂ 'ਤੇ ਚੋਟਾਂ ਲਾਉਂਦੇ ਹੋਏ ਲਕੀਰ ਟੱਪ ਕੇ ਅੰਮ੍ਰਿਤਸਰ ਵੱਲ ਕੂਚ ਕਰਨਾ ਸ਼ੁਰੂ ਕੀਤਾ। ਸਿੰਘਾਂ ਦੀ ਚੜ੍ਹਾਈ ਬਾਰੇ ਅਫ਼ਗ਼ਾਨੀਆਂ ਨੂੰ ਖ਼ਬਰ ਮਿਲ ਚੁੱਕੀ ਸੀ। ਉਸ ਵਕਤ ਅੰਮ੍ਰਿਤਸਰ ਸ਼ਹਿਰ ਦੇ ਇੰਚਾਰਜ ਜਹਾਨ ਖ਼ਾਨ ਸਿੰਘਾਂ ਦਾ ਟਾਕਰਾ ਕਰਨ ਲਈ 20 ਹਜ਼ਾਰ ਦੀ ਫ਼ੌਜ ਲੈ ਕੇ ਗੋਹਲਵੜ ਪਿੰਡ ਕੋਲ ਪਹੁੰਚਿਆ। ਬਾਬਾ ਜੀ ਨੇ ਜਥੇ ਦੇ ਸਿੰਘਾਂ ਨਾਲ ਦੁਸ਼ਮਣ ਫ਼ੌਜ ਨੂੰ ਲੜਾਈ ਲਈ ਲਲਕਾਰਿਆ। ਇਸ ਜਗ੍ਹਾ 'ਤੇ ਹੁਣ ਗੁਰਦੁਆਰਾ ਲਲਕਾਰ ਸਾਹਿਬ ਬਣਿਆ ਹੋਇਆ ਹੈ। ਸਿੰਘਾਂ ਅਤੇ ਅਫ਼ਗ਼ਾਨਾਂ ਦੀ ਜ਼ਬਰਦਸਤ ਟੱਕਰ ਹੋਈ। ਰਣ ਤੱਤੇ ਮੈਦਾਨ 'ਚ ਰਣ ਸਿੰਗਾਂ ਅਤੇ ਨਗਾਰਿਆਂ ਦੀ ਗੂੰਜ ਵਿਚ ਦੋਹਾਂ ਦਲਾਂ ਦੇ ਸੂਰਬੀਰ ਇਕ ਦੂਜੇ ਨੂੰ ਲਲਕਾਰ ਕੇ ਟੁੱਟ ਕੇ ਪੈ ਗਏ। ਬੇਖ਼ੌਫ ਵੀਰਤਾ ਨਾਲ ਭਰਪੂਰ ਕੋਈ ਵੀ ਇਕ ਵੀ ਪੈਰ ਪਿਛਾਂਹ ਖਿੱਚੇ ਨਹੀਂ । ਸਾਰਾ ਮੈਦਾਨ-ਏ -ਜੰਗ ਖ਼ੂਨ ਨਾਲ ਲੱਥ ਪਥ ਹੋ ਗਿਆ। ਸਰੀਰ ਲਹੂ ਲੁਹਾਨ, ਕੱਪੜੇ ਖ਼ੂਨ ਨਾਲ ਰੰਗੇ ਹੋਏ, ਜਿਵੇਂ ਹੋਲੀ ਖੇਡ ਰਹੇ ਹੋਣ, ਪਰ ਮੈਦਾਨ ਛੱਡਣਾ ਉਨ੍ਹਾਂ ਦੇ ਸੁਭਾਅ ਦਾ ਹਿੱਸਾ ਹੀ ਨਹੀਂ ਸੀ। ਫਿਰ ਅਫ਼ਗ਼ਾਨਾਂ ਦੇ ਪੈਰ ਉੱਖੜਨ ਲੱਗੇ ਤੇ ਸਿੰਘਾਂ ਦਾ ਟਾਕਰਾ ਨਾ ਕਰ ਸਕੇ। ਸਿੰਘ ਅਫ਼ਗ਼ਾਨਾਂ ਨੂੰ ਪਛਾੜ ਦੇ ਹੋਏ ਅੰਮ੍ਰਿਤਸਰ ਵਲ ਨੂੰ ਵਧ ਰਹੇ ਸਨ। ਇਤਨੇ ਨੂੰ ਜਹਾਨ ਖ਼ਾਨ ਦਾ ਸਹਾਇਕ ਅਤਾਈ ਖ਼ਾਨ ਆਪਣੀ ਭਾਰੀ ਫ਼ੌਜ ਲੈ ਕੇ ਆ ਗਿਆ, ਜਿਸ ਨਾਲ ਮੈਦਾਨ-ਏ-ਜੰਗ ਦਾ ਰੂਪ ਬਦਲ ਗਿਆ। ਇਸ ਘਮਸਾਣ ਦੀ ਜੰਗ ਅੰਦਰ ਸਿੱਖਾਂ ਦਾ ਭਾਰੀ ਜਾਨੀ ਨੁਕਸਾਨ ਹੋਣਾ ਸ਼ੁਰੂ ਹੋ ਗਿਆ। ਸਿੰਘ ਇਕ-ਇਕ ਕਰਕੇ ਸ਼ਹੀਦ ਹੋਣ ਲੱਗੇ। ਜੰਗ ਦਾ ਮੈਦਾਨ ਤਿੰਨ ਕੋਹਾਂ ਵਿਚ ਫੈਲ ਚੁੱਕਿਆ ਸੀ। ਸਾਰਾ ਮੈਦਾਨ ਖ਼ੂਨ ਨਾਲ ਲੱਥ ਪਥ ਹੋ ਚੁਕਾ ਸੀ । ਬਾਬਾ ਜੀ ਅਤੇ ਸਿੰਘ ਵੀ ਤਬਾਹੀ ਮਚਾ ਰਹੇ ਸਨ। ਪੰਜ ਹਜ਼ਾਰੀ ਫ਼ੌਜ ਦਾ ਮਾਲਕ ਅਮੀਰ ਜਾਨ ਖ਼ਾਨ ਹਾਥੀ ਉੱਤੋਂ ਲੜਦਾ ਅਤੇ ਆਪਣੀ ਫ਼ੌਜ ਨੂੰ ਕਮਾਂਡ ਦੇ ਰਿਹਾ ਸੀ। ਉਸ ਵਕਤ ਪੰਜ ਸੌ ਸਿੰਘਾਂ ਦੇ ਜਥੇ ਨਾਲ ਆਪਣਾ ਜੰਗੀ ਜੌਹਰ ਦਿਖਾ ਰਹੇ ਭਾਈ ਦਿਆਲ ਸਿੰਘ ਨੇ ਘੋੜੇ ਦਾ ਪੌੜ ਜਾਨ ਖ਼ਾਨ ਦੇ ਹਾਥੀ ਦੇ ਮੱਥੇ 'ਤੇ ਰਖਾ ਕੇ ਤਲਵਾਰ ਦੇ ਵਾਰ ਨਾਲ ਅਮੀਰ ਜਾਨ ਖ਼ਾਨ ਦਾ ਸਿਰ ਲਾਹ ਦਿੱਤਾ। ਅਯੂਬ ਖਾਂ ਦਿਆਲ ਸਿੰਘ ਦੀ ਫੁਰਤੀ ਅਤੇ ਬਹਾਦਰੀ ਦੇਖ ਰਿਹਾ ਸੀ। ਇੰਨੇ ਨੂੰ ਅਮਾਨ ਖਾਂ, ਯਕੂਬ ਖਾਂ ਤੇ ਹੋਰ ਅਫ਼ਗਾਨੀ ਜਰਨੈਲ ਵੀ ਲਾਹੌਰ ਤੋਂ ਮੈਦਾਨ ਏ ਜੰਗ ਵਿਚ ਅੱਪੜ ਗਏ। ਸਿੰਘ ਪਠਾਣਾਂ ਦੇ ਹੰਕਾਰ ਦੂਰ ਕਰ ਰਹੇ ਸਨ। ਸਿੰਘਾਂ ਨੂੰ ਅੱਗੇ ਵਧਦਾ ਦੇਖ ਅਬਦਾਲੀਆਂ ਨੇ ਗਊਆਂ ਲਿਆ ਖੜੀਆਂ ਕੀਤੀਆਂ। ਬਾਬਾ ਦੀਪ ਸਿੰਘ ਜੀ ਦੇ ਆਦੇਸ਼ 'ਤੇ ਸਿੰਘਾਂ ਨੇ ਤੀਰ ਅਤੇ ਬੰਦੂਕਾਂ ਛੱਡ ਕੇ ਤਲਵਾਰਾਂ ਸੂਤ ਲਈਆਂ। ਉਸ ਵਕਤ ਯਕੂਬ ਖਾਂ ਨੇ ਬਾਬਾ ਦੀਪ ਸਿੰਘ ਨੂੰ ਯੁੱਧ ਲਈ ਵੰਗਾਰਿਆ। ਦੋਹਾਂ 'ਚ ਜ਼ਬਰਦਸਤ ਜੰਗ ਹੋਈ। ਦੋਹਾਂ ਦੇ ਘੋੜੇ ਮਾਰੇ ਗਏ। ਫਿਰ ਹੱਥੋਂ ਪਾਈ ਹੋ ਕੇ ਲੜੇ, ਬਾਬਾ ਦੀਪ ਸਿੰਘ ਜੀ ਨੇ ਗੁਰਜ ਦਾ ਵਾਰ ਕਰਦਿਆਂ ਯਕੂਬ ਖਾਂ ਦਾ ਸਿਰ ਸਣੇ ਫ਼ੌਲਾਦੀ ਟੋਪ ਚੂਰ-ਚੂਰ ਕਰ ਦਿੱਤਾ। ਅਫ਼ਗਾਨੀ ਸਿੰਘਾਂ ਦੇ ਕਰਤਬ ਦੇਖ ਅਸ਼ ਅਸ਼ ਕਰ ਉੱਠੇ। ਇੱਥੇ ਹੀ ਅਫ਼ਗ਼ਾਨ ਕਮਾਂਡਰ ਜਹਾਨ ਖ਼ਾਨ (ਗਿਆਨੀ ਗਿਆਨ ਸਿੰਘ ਅਨੁਸਾਰ ਅਮਾਨ ਖ਼ਾਨ) ਨੇ ਵੀ ਬਾਬਾ ਦੀਪ ਸਿੰਘ ਨਾਲ ਦਵੰਦ ਯੁੱਧ ਦੀ ਇੱਛਾ ਜਤਾਈ। ਬਾਬਾ ਦੀਪ ਸਿੰਘ ਨੇ ਉਸ ਨਾਲ ਦਵੰਦ ਯੁੱਧ ਕੀਤਾ। ਜਿੱਥੇ ਦੋਹਾਂ ਦੇ ਘੋੜੇ ਮਾਰੇ ਗਏ ਅਤੇ ਸੰਜੋਅ ਵੀ ਟੁੱਟ ਗਈਆਂ। ਅਖੀਰ ਦੋਹਾਂ ਦੇ ਆਪਸ ਵਿਚੀਂ ਸਾਂਝੇ ਵਾਰ ਨਾਲ ਦੋਹਾਂ ਦੇ ਸੀਸ ਲੱਥ ਗਏ।

'ਚਲੀ ਤੇਗ ਅਤਿ ਬੇਗ ਸੈਂ, ਦੁਹੂੰ ਕੇਰ ਬਲ-ਵਾਰ।।
ਉਤਰ ਗਏ ਸਿਰ ਦੁਹੂੰ ਕੇ, ਪਰਸ-ਪਰੈਂ ਇਕ ਸਾਰ।।"

ਬਾਬਾ ਜੀ ਦਾ ਸੀਸ ਧੜ ਤੋਂ ਅਲੱਗ ਹੋ ਜਾਣ ਸਦਕਾ ਸਰੀਰ ਜ਼ਮੀਨ 'ਤੇ ਡਿੱਗ ਪਿਆ। ਇਹ ਕੌਤਕ ਦੇਖ ਇਕ ਸਿੰਘ ਨੇ ਹੱਥ ਜੋੜ ਕੇ ਬਾਬਾ ਜੀ ਨੂੰ ਬੇਨਤੀ ਕੀਤੀ, ਕਿ ਬਾਬਾ ਜੀ ਤੁਸਾਂ ਅਰਦਾਸ ਕੀਤੀ ਸੀ ਸੀਸ ਸੁਧਾਸਰ ਜਾ ਕੇ ਗੁਰੂ ਦੇ ਚਰਨਾਂ 'ਚ ਭੇਟ ਕਰਨਾ ਹੈ। ਇਹ ਹੁਣ ਕੀ ਭਾਣਾ ਵਰਤਾਇਆ ਜੇ ? ਸੁਧਾਸਰ ਇੱਥੋਂ ਦੋ ਕੋਹ ਦੂਰ ਹੈ।

"ਢਿਗ ਤੈ ਏਕ ਸਿੰਘ ਪਿਖਿ ਕਹਯੋ। ਪਰਣ ਤੁਮਾਰਾ ਦੀਪ ਸਿੰਘ ਰਹਯੋ।
ਗੁਰਪੁਰਿ ਜਾਇ ਸੀਸ ਮੈਂ ਦੈਹੋਂ। ਸੋ ਤੇ ਦੋਇ ਕੋਸ ਇਸ ਠੈਹੋਂ।'।

ਫੇਰ ਕੀ ਸੀ ਬਚਨ ਕੇ ਬਲੀ ਸੂਰਬੀਰ ਯੋਧੇ ਬਾਬਾ ਜੀ ਦਾ ਧੜ ਹਰਕਤ ਵਿਚ ਆਇਆ ਅਤੇ ਉਨ੍ਹਾਂ ਆਪਣਾ ਪਾਵਨ ਸੀਸ ਖੱਬੇ ਹੱਥ 'ਤੇ ਧਰ ਕੇ ਸਜੇ ਹੱਥ ਨਾਲ ਤਿੱਖਾ ਖੰਡਾ ਵਾਹੁੰਦੇ ਹੋਏ ਲੜਦੇ ਗਏ। ਗੋਲੀਆਂ, ਤਲਵਾਰਾਂ ਦੀ ਖਣਕ ਅਤੇ ਜੈਕਾਰਿਆਂ ਦੀ ਗੂੰਜ 'ਚ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਲਾਡਲੇ, ਸ਼ਸਤਰ ਤੇ ਸ਼ਾਸਤਰ ਦਾ ਸੁਮੇਲ, 75 ਸਾਲਾਂ ਦੇ ਬੁੱਢਾ ਜਰਨੈਲ ਜਥੇਦਾਰ ਬਾਬਾ ਦੀਪ ਸਿੰਘ ਜੀ ਸ਼ਹੀਦ ਖੱਬੇ ਹੱਥ ਦੀ ਹਥੇਲੀ 'ਤੇ ਸੀਸ ਟਿਕਾਈ ਦੁਸ਼ਮਣਾਂ ਦੀ ਆਹੂ ਲਾਹ ਕੇ ਜਮਪੁਰੀ ਪਹੁੰਚਾ ਰਿਹਾ ਤੇ ਪਿੱਛੇ ਗੁਰੂ ਕੇ ਸਿੰਘ ਰਣ ਸਿੰਗਾ ਵਜਾਉਂਦੇ ਹੋਏ ਪੂਰੇ ਜੌਹਰ ਨਾਲ ਲੜਦੇ ਹਨ। ਸਿੰਘਾਂ ਦੇ ਧੜ ਸਿਰਾਂ ਤੋਂ ਬਿਨਾ ਲੜਨ ਦੀ ਇਸ ਅਸਚਰਜਤਾ ਅਤੇ ਅਜਿਹੇ ਅਲੋਕਾਰ ਅਲੌਕਿਕ ਦ੍ਰਿਸ਼ ਨੂੰ ਦੇਖ ਕੇ ਸਾਰੀ ਤੁਰਕਾਂ ਦੀ ਅਫ਼ਗਾਨੀ ਫ਼ੌਜ ਹੈਰਾਨ - ਪ੍ਰੇਸ਼ਾਨ ਅਤੇ ਭੈ-ਭੀਤ ਹੋ ਨੱਠਣਾ ਸ਼ੁਰੂ ਕਰ ਦਿੱਤਾ। ਇਸ ਤਰ੍ਹਾਂ ਇਸ ਘਮਸਾਣ ਦੀ ਜੰਗ ਅੰਦਰ ਅਫ਼ਗ਼ਾਨ ਜਰਨੈਲਾਂ ਦੇ ਮਾਰੇ ਜਾਣ ਤੇ ਬਾਬਾ ਜੀ ਵੱਲੋਂ ਕਈ ਪਠਾਣ ਤੇ ਅਫ਼ਗਾਨੀਆਂ ਨੂੰ ਮਾਰ ਮੁਕਾਏ ਜਾਣ ਨਾਲ ਅਫ਼ਗਾਨੀ ਫ਼ੌਜ ਦੇ ਹੌਸਲੇ ਟੁੱਟ ਗਏ । ਬਾਬਾ ਦੀਪ ਸਿੰਘ ਜੀ ਲੜਦੇ ਹੋਏ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪ੍ਰਕਰਮਾ ਤਕ ਜਾ ਪਹੁੰਚੇ। ਸਿੰਘਾਂ ਨੇ ਜਿੱਤ ਦੇ ਜੈਕਾਰੇ ਗੁੰਜਾਏ, ਬਾਬਾ ਜੀ ਨੇ ਸੀਸ ਸਤਿਗੁਰੂ ਸ੍ਰੀ ਗੁਰੂ ਰਾਮਦਾਸ ਜੀ ਦੇ ਚਰਨਾਂ 'ਚ ਭੇਟ ਕਰਦਿਆਂ ਸੱਚਖੰਡ ਨੂੰ ਪਿਆਨਾ ਕੀਤਾ ਇਸ ਤਰ੍ਹਾਂ ਇਹ ਸਾਰਾ ਕੌਤਕ ਅਕਾਲ ਪੁਰਖ ਜੀ ਨੇ ਬਾਬਾ ਦੀਪ ਸਿੰਘ ਜੀ ਰਾਹੀਂ ਗੁਰਬਾਣੀ ਦੇ ਮਹਾਂਵਾਕ

ਜਉ ਤਉ ਪ੍ਰੇਮ ਖੇਲਣ ਕਾ ਚਾਉ ਸਿਰੁ ਧਰਿ ਤਲੀ ਗਲੀ ਮੇਰੀ ਆਉ।
ਇਤੁ ਮਾਰਗਿ ਪੈਰੁ ਧਰੀਜੈ ਸਿਰ ਦੀਜੈ ਕਾਣਿ ਨ ਕੀਜੈ।

ਨੂੰ ਅਮਲੀ ਰੂਪ 'ਚ ਸਿੱਧ ਕੀਤਾ।

ਇਸੇ ਤਰਾਂ ਉਨ੍ਹਾਂ ਦੇ ਸਾਥੀ ਸਿੰਘ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਬੇਅਦਬੀ ਦਾ ਜ਼ਾਲਮਾਂ ਤੋਂ ਬਦਲਾ ਲੈਂਦੇ ਹੋਏ ਅਤੇ ਧਰਮ ਤੇ ਕੌਮ ਦੀ ਸ਼ਾਨ ਬਦਲੇ ਆਪਣੀਆਂ ਜਾਨਾਂ ਕੁਰਬਾਨ ਕਰ ਗਏ।

ਇਸ ਜੰਗ ਵਿੱਚ ਸਰਾਇ ਗੋਤ ਦਾ ਜੱਟ ਮਹਿਤ ਸਿੰਘ ਵੀ ਬਿਨ ਸੀਸ ਚਾਟੀਵਿੰਡ ਤਕ ਲੜਿਆ। "ਜੱਟ ਸਰਾਇ ਮਹਿਤ ਸਿੰਘ ਤਯੋਂ ਹੀ ... ਲਰਯੋ ਕਬੰਧ ਤਾਂਹਿ ਕਾ ਭਾਰਾ"। ਜਥੇਦਾਰ ਰਾਮ ਸਿੰਘ ਵੀ ਬਿਨਾ ਸੀਸ ਲੜਿਆ। "ਲਰਯੋ ਕਬੰਧ ਰਾਮ ਸਿੰਘ ਕੇਰਾ" ਬੀਸ ਹਜ਼ਾਰੀ ਜ਼ਬਰਦਸਤ ਖਾਂ ਨਾਲ ਭਾਈ ਬਲਵੰਤ ਸਿੰਘ ਨੇ ਅਤੇ ਇਸੇ ਤਰਾਂ ਕਈ ਹੋਰਨਾਂ ਨੇ ਵੀ ਦਵੰਦ ਯੁੱਧ ਕੀਤੇ। ਇਸ ਘਮਸਾਣ ਦੀ ਜੰਗ ਅੰਦਰ ਅਫ਼ਗ਼ਾਨ ਜਰਨੈਲਾਂ ਦੇ ਮਾਰੇ ਜਾਣ ਨਾਲ ਅਫ਼ਗਾਨੀ ਫ਼ੌਜ ਦੇ ਹੌਸਲੇ ਟੁੱਟ ਗਏ ।ਇੰਨੇ ਨੂੰ ਪਿੰਡ ਚੱਬੇ ਕੋਲ ਮੀਰ ਜਾਨ ਖਾਂ ਨੇ ਬਾਬੇ ਨੌਧ ਸਿੰਘ ਗਿੱਲ ਨੂੰ ਵੰਗਾਰਿਆ ਤਾਂ ਨੌਧ ਸਿੰਘ ਗਿੱਲ ਘੋੜਾ ਲੈ ਕੇ ਮੀਰ ਜਾਨ ਖਾਂ ਦੇ ਮੂਹਰੇ ਹੋ ਗਿਆ। ਲੜਾਈ 'ਚ ਦੋਹਾਂ ਦੇ ਘੋੜੇ ਢਿਗ ਪਏ, ਫਿਰ ਤਲਵਾਰਾਂ ਵੀ ਟੁੱਟ ਗਈਆਂ, ਸੰਜੋਆਂ ਅਤੇ ਢਾਲਾਂ ਵੀ ਟੁੱਟ ਗਈਆਂ, ਅਖੀਰ ਦੋਹਾਂ ਨੇ ਕਟਾਰਾਂ ਪਕੜ ਲਈਆਂ ਅਤੇ ਦੋਹਾਂ ਨੇ ਇੱਕੋ ਵਾਰ ਹੀ ਕਟਾਰਾਂ ਨੂੰ ਇਕ ਦੂਜੇ ਦੇ ਪੇਟ 'ਚ ਧਸਾ ਦਿੱਤੀਆਂ। ਬਾਬਾ ਨੌਧ ਸਿੰਘ ਜੀ ਜਿੱਥੇ ਸ਼ਹੀਦੀ ਪਾ ਗਏ ਉਸ ਥਾਂ ਤਰਨ ਤਾਰਨ ਰੋਡ 'ਤੇ ਯਾਦਗਾਰੀ ਗੁਰਦੁਆਰਾ ਸਾਹਿਬ ਸੁਭਾਇਮਾਨ ਹੈ।

ਇਸੇ ਤਰਾਂ ਧਰਮ ਤੇ ਕੌਮ ਦੀ ਸ਼ਾਨ ਬਦਲੇ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲਿਆਂ 'ਚ ਬਾਬਾ ਦੀਪ ਸਿੰਘ ਜੀ ਦੇ ਨਾਮਵਰ ਸਾਥੀ ਸਿੰਘਾਂ ਜਥੇਦਾਰ ਰਾਮ ਸਿੰਘ, ਜਥੇਦਾਰ ਸਜਣ ਸਿੰਘ, ਜਥੇਦਾਰ ਬਹਾਦਰ ਸਿੰਘ, ਜਥੇਦਾਰ ਹੀਰਾ ਸਿੰਘ, ਭਾਈ ਨਿਹਾਲ ਸਿੰਘ, ਭਾਈ ਸੰਤ ਸਿੰਘ, ਭਾਈ ਕੌਰ ਸਿੰਘ, ਭਾਈ ਸੁੱਧਾ ਸਿੰਘ, ਭਾਈ ਬਸੰਤ ਸਿੰਘ, ਭਾਈ ਬੀਰ ਸਿੰਘ, ਭਾਈ ਮੰਨਾ ਸਿੰਘ, ਭਾਈ ਹੀਰਾ ਸਿੰਘ, ਭਾਈ ਗੰਡਾ ਸਿੰਘ, ਭਾਈ ਲਹਿਣਾ ਸਿੰਘ, ਭਾਈ ਗੁਪਾਲ ਸਿੰਘ, ਭਾਈ ਰਣ ਸਿੰਘ, ਭਾਈ ਭਾਗ ਸਿੰਘ, ਭਾਈ ਨੱਥਾ ਸਿੰਘ,ਭਾਈ ਬਾਲ ਸਿੰਘ,ਭਾਈ ਤਾਰਾ ਸਿੰਘ ਕੰਗ ਦੇ ਨਾਮ ਗਿਆਨੀ ਗਿਆਨ ਸਿੰਘ ਨੇ ਗਿਣਵਾਏ ਹਨ। ਇਹ ਕਹਿਣਾ ਅਤਿਕਥਨੀ ਨਹੀਂ ਹੋਵੇਗਾ ਕਿ ਧਰਮ ਤੋਂ ਪ੍ਰੇਰਿਤ ਸਾਡੇ ਬਜ਼ੁਰਗਾਂ ਵੱਲੋਂ ਕੀਤੇ ਗਏ ਕਾਰਨਾਮੇ ਕੌਮਾਂ ਦੀ ਸਮੁੱਚੀ ਚੇਤਨਤਾ - ਸਿਮ੍ਰਤੀਆਂ ਦਾ ਹਿੱਸਾ ਹੋ ਕੇ ਆਉਣ ਵਾਲੀਆਂ ਪੀੜੀਆਂ ਲਈ ਪ੍ਰੇਰਣਾ ਸਰੋਤ ਹੋ ਨਿੱਬੜਦੀਆਂ ਹਨ।

ਸ੍ਰੀ ਹਰਿਮੰਦਰ ਸਾਹਿਬ ਦੀਆਂ ਪ੍ਰਕਰਮਾ ਵਿਚ ਜਿੱਥੇ ਬਾਬਾ ਜੀ ਨੇ ਸੀਸ ਭੇਟ ਕੀਤਾ ਸੀ, ਉੱਥੇ ਯਾਦਗਾਰੀ ਗੁਰਦੁਆਰਾ ਸਾਹਿਬ ਸੁਭਾਇਮਾਨ ਹੈ।ਤਰਨ ਤਾਰਨ ਵਾਲੀ ਸੜਕ 'ਤੇ ਜਿੱਥੇ ਪਾਪਾ ਜੀ ਦਾ ਸਸਕਾਰ ਕੀਤਾ ਗਿਆ ਉੱਥੇ ਗੁਰਦੁਆਰਾ ਸ਼ਹੀਦ ਗੰਜ ਅਤੇ ਜਿਸ ਅਸਥਾਨ 'ਤੇ ਬਾਬਾ ਜੀ ਦਾ ਸੀਸ ਧੜ ਨਾਲੋਂ ਅਲੱਗ ਹੋਇਆ ਸੀ ਇਸ ਅਸਥਾਨ 'ਤੇ ਬਹੁਤ ਵੱਡੇ ਆਕਾਰ ਦਾ ਟਾਹਲੇ ਦਾ ਰੁੱਖ ਹੋਣ ਕਰਕੇ ਉੱਥੇ ਹੁਣ ਸ਼ਾਨਦਾਰ ਅਤੇ ਅਤਿ ਸੁੰਦਰ ਗੁਰਦੁਆਰਾ 'ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ' ਸੁਸ਼ੋਭਿਤ ਹੈ। ਜਿਸ ਦੀ ਕਾਰਸੇਵਾ ਸੰਗਤਾਂ ਦੇ ਸਹਿਯੋਗ ਨਾਲ ਸੰਤ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਵਾਲੇ ਕਰਵਾ ਰਹੇ ਹਨ। ਇੱਥੇ ਲੰਗਰ ਹਾਲ ਦੀ ਤਿੰਨ ਮੰਜ਼ਲੀ ਨਵੀਂ ਇਮਾਰਤ ਦੀ ਉਸਾਰੀ ਦੀ ਕਾਰ ਸੇਵਾ ਚੱਲ ਰਹੀ ਹੇ। ਇੱਥੇ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਮੱਥਾ ਟੇਕਣ, ਸੇਵਾ ਅਤੇ ਮੁਰਾਦਾਂ ਪਾਉਣ ਆਉਂਦੀਆਂ ਹਨ। ਜਦ ਕਿ ਐਤਵਾਰ ਨੂੰ ਚੁਪਹਿਰਾ ਗੁਰਮਤਿ ਸਮਾਗਮ 'ਚ ਅਣਗਿਣਤ ਸੰਗਤਾਂ ਦੀ ਆਮਦ ਨਾਲ ਗੁਰਦੁਆਰਾ ਟਾਹਲਾ ਸਾਹਿਬ ਅੱਜ ਸਿੱਖ ਧਰਮ ਦਾ ਪ੍ਰਚਾਰ ਪ੍ਰਸਾਰ ਦਾ ਕੇਂਦਰ ਬਣ ਚੁੱਕਿਆ ਹੈ। ਬਾਬਾ ਦੀਪ ਸਿੰਘ ਜੀ ਦਾ ਉਹ ਦੋ-ਧਾਰਾ ਖੰਡਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸ਼ਸਤਰਾਂ ਵਿਚ ਸੰਭਾਲ ਕੇ ਰੱਖਿਆ ਗਿਆ ਹੈ, ਜਿਸ ਦੇ ਹਰ ਰੋਜ਼ ਸ਼ਾਮ ਨੂੰ ਸੰਗਤਾਂ ਨੂੰ ਦਰਸ਼ਨ ਕਰਵਾਏ ਜਾਂਦੇ ਹਨ।15 ਨਵੰਬਰ ਨੂੰ ਬਾਬਾ ਦੀਪ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਹੈ।



-ਪ੍ਰੋ. ਸਰਚਾਂਦ ਸਿੰਘ ਖਿਆਲਾ

ਅੱਜ 15 ਨਵੰਬਰ ਨੂੰ ਜਨਮ ਦਿਨ 'ਤੇ ਵਿਸ਼ੇਸ਼

ਸ਼੍ਰੋਮਣੀ ਇਤਿਹਾਸਕਾਰ ਡਾ: ਗੰਡਾ ਸਿੰਘ ਨੂੰ ਯਾਦ ਕਰਦਿਆਂ



ਪੰਜਾਬ ਦੀ ਧਰਤੀ ਦਾ ਲਾਡਲਾ ਡਾ: ਗੰਡਾ ਸਿੰਘ ਅਜਿਹਾ ਇਤਿਹਾਸਕਾਰ ਸੀ, ਜਿਸ ਨੂੰ ਸਮੁੱਚੇ ਸੰਸਾਰ ਦੇ ਇਤਿਹਾਸਕਾਰਾਂ ਤੇ ਇਤਿਹਾਸ ਦੇ ਪਾਠਕਾਂ ਨੇ ਸਲਾਹਿਆ ਹੈ । ਇਤਿਹਾਸ ਦੇ ਸੱਚ ਨੂੰ ਲੋਕ-ਕਚਹਿਰੀ ਵਿੱਚ ਪੇਸ਼ ਕਰਨ ਤੋਂ ਪਹਿਲਾਂ ਪੂਰਬ ਨਿਰਧਾਰਿਤ ਭਾਵਾਂ ਤੋਂ ਮੁਕਤ ਹੋ ਕੇ ਨਿਸ਼ਠਾਵਾਨ ਇਤਿਹਾਸਕਾਰਾਂ ਦੀ ਕਤਾਰ ਵਿੱਚ ਖੜ੍ਹਨ ਵਾਲਿਆਂ ਵਿੱਚ ਡਾ: ਗੰਡਾ ਸਿੰਘ ਨੂੰ ਜਿਹੜਾ

ਆਵਾਜ਼ਿ ਕੌਮ AWAZE QAUM International Newspaper & WEB TV

ਮਾਣ ਮਿਲਿਆ ਹੈ, ਉਹ ਵਿਰਲੇ ਇਤਿਹਾਸਕਾਰਾਂ ਨੂੰ ਪ੍ਰਾਪਤ ਹੋਇਆ ਹੈ । ਇਸ ਇਤਿਹਾਸਕਾਰ ਦਾ ਜਨਮ 15 ਨਵੰਬਰ, 1900 ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦੇ ਕਸਬਾ ਹਰਿਆਣਾ ਵਿੱਚ ਸ। ਜਵਾਲਾ ਸਿੰਘ ਦੇ ਗ੍ਰਹਿ ਵਿਖੇ ਮਾਤਾ ਹੁਕਮ ਦੇਵੀ ਦੀ ਕੁੱਖ ਤੋਂ ਹੋਇਆ । ਇਨ੍ਹਾਂ ਮੁੱਢਲੀ ਸਿੱਖਿਆ ਇਸ ਕਸਬੇ ਦੀ ਮਸੀਤ ਤੋਂ ਪ੍ਰਾਪਤ ਕੀਤੀ ।ਪਿੱਛੋਂ ਇਹ ਪਰਿਵਾਰ ਪੁਰਹੀਰਾਂ (ਹੁਸ਼ਿਆਰਪੁਰ) ਆ ਗਿਆ । ਮਿਡਲ ਦੀ ਪ੍ਰੀਖਿਆ ਡੀ ਏ ਵੀ। ਸਕੂਲ ਹੁਸ਼ਿਆਰਪੁਰ ਅਤੇ ਦੱਸਵੀਂ ਸਰਕਾਰੀ ਹਾਈ ਸਕੂਲ ਤੋਂ 1919 ਈ: ਵਿੱਚ ਪਾਸ ਕੀਤੀ ।ਇਸ ਤੋਂ ਬਾਅਦ ਅਗਲੇਰੀ ਪੜ੍ਹਾਈ ਲਈ ਫਾਰਮਨ ਕ੍ਰਿਸ਼ਚੀਅਨ ਕਾਲਜ ਲਾਹੌਰ ਵਿੱਚ ਦਾਖਲਾ ਪ੍ਰਾਪਤ ਕੀਤਾ, ਪਰ ਪੜ੍ਹਾਈ ਵਿਚਾਲੇ ਛੱਡ ਕੇ ਫੌਜ ਵਿੱਚ ਭਰਤੀ ਹੋ ਗਿਆ ।ਇਸ ਫੌਜੀ ਨੌਕਰੀ ਦੌਰਾਨ ਥੋੜ੍ਹਾ ਸਮਾਂ ਰਾਵਲਪਿੰਡੀ ਅਤੇ ਪੇਸ਼ਾਵਰ ਵਿੱਚ ਸੇਵਾ ਨਿਭਾਈ ।ਫਿਰ ਬਸਰਾ ਵਿਖੇ ਬਦਲੀ ਹੋ ਗਈ ।ਇਥੇ ਹੀ ਲੜਾਈ ਦੌਰਾਨ ਜ਼ਖ਼ਮੀ ਹੋ ਗਿਆ, ਵਾਪਸ ਫਿਰ ਪੰਜਾਬ ਪਰਤ ਆਇਆ ।ਇਸ ਤੋਂ ਬਾਅਦ ਜਦੋਂ ਜ਼ਖ਼ਮ ਠੀਕ ਹੋ ਗਏ ਤਾਂ ਫਿਰ ਈਰਾਨ ਦੀ ਉਸ ਸਮੇਂ ਦੀ ਐਂਗਲੋ-ਪਰਸ਼ੀਅਨ ਆਇਲ ਕੰਪਨੀ ਵਿੱਚ ਬਤੌਰ ਅਕਾਊਂਟਸ ਅਫ਼ਸਰ ਸੇਵਾ ਨਿਭਾਈ । ਦੱਸਿਆ ਜਾਂਦਾ ਹੈ ਕਿ ਇਥੇ ਹੀ ਅੰਗ੍ਰੇਜ਼ ਵਿਦਵਾਨ ਸਰ ਅਰਨਾਰਡ ਵਿਲਸਨ ਨਾਲ ਮਿਲਾਪ ਹੋਇਆ ।ਉਸ ਅੰਗ੍ਰੇਜ਼ ਵਿਦਵਾਨ ਤੋਂ ਪ੍ਰਭਾਵਿਤ ਹੋ ਕੇ ਪੰਜਾਬ ਬਾਰੇ ਲਿਖੀਆਂ ਕਿਤਾਬਾਂ ਦੀ ਸੂਚੀ (ਬਿਬਲਿਓਗ੍ਰਾਫੀ) ਤਿਆਰ ਕਰਨੀ ਸ਼ੁਰੂ ਕੀਤੀ । ਜ਼ਿਕਰਯੋਗ ਹੈ ਕਿ ਈਰਾਨ ਵਿੱਚ ਰਹਿੰਦਿਆਂ ਇਨ੍ਹਾਂ ਆਪਣੀ ਪਹਿਲੀ ਪੁਸਤਕ ਮਾਈ ਫਸਟ ਥਰਟੀ ਡੇਜ਼ ਇਨ ਮੈਸੋਪੋਟਾਮੀਆਂ ਲਿਖੀ ।

ਜਦੋਂ ਡਾ: ਗੰਡਾ ਸਿੰਘ 1930 ਈ: ਵਿੱਚ ਪੰਜਾਬ ਵਾਪਸ ਪੁੱਜੇ ਤਾਂ ਇਥੇ ਆ ਕੇ ਫੁਲਵਾੜੀ ਨਾਂਅ ਦੇ ਮਾਸਿਕ-ਪੱਤਰ ਦੇ ਸੰਪਾਦਕੀ ਮੰਡਲ ਵਿੱਚ ਕੰਮ ਕਰਨਾ ਆਰੰਭ ਕੀਤਾ ।ਅਕਤੂਬਰ 1931 ਈ: ਵਿੱਚ ਖ਼ਾਲਸਾ ਕਾਲਜ ਅੰਮ੍ਰਿਤਸਰ ਦੇ ਨਵੇਂ ਬਣੇ ਵਿਭਾਗ ਸਿੱਖ ਹਿਸਟਰੀ ਰਿਸਰਚ ਡਿਪਾਰਟਮੈਂਟ ਦੇ ਮੁਖੀ ਵਜੋਂ ਨਿਯੁਕਤ ਹੋਏ । 1949 ਵਿੱਚ ਪੈਪਸੂ ਸਰਕਾਰ ਵਿੱਚ ਪਟਿਆਲਾ ਵਿਖੇ ਪੁਰਾਤਤਵ ਵਿਭਾਗ ਦੇ ਡਾਇਰੈਕਟਰ ਅਤੇ ਅਜਾਇਬ ਘਰ ਦੇ ਨਿਗਰਾਨ ਵਜੋਂ ਨਿਯੁਕਤੀ ਹੋਈ ।ਇਸ ਤੋਂ ਇਕ ਸਾਲ ਬਾਅਦ ਪੰਜਾਬੀ ਮਹਿਕਮੇ (ਭਾਸ਼ਾ ਵਿਭਾਗ) ਦੇ ਡਾਇਰੈਕਟਰ ਦੀ ਜ਼ਿੰਮੇਵਾਰੀ ਵੀ ਸੌਂਪ ਦਿੱਤੀ ਗਈ । ਡਾ: ਗੰਡਾ ਸਿੰਘ ਨੇ ਇਸੇ ਦੌਰਾਨ ਸਖ਼ਤ ਮਿਹਨਤੀ ਹੋਣ ਦਾ ਸਬੂਤ ਦਿੰਦਿਆਂ ਸੈਂਟਰਲ ਪਬਲਿਕ ਲਾਇਬ੍ਰੇਰੀ ਦੀ ਸਥਾਪਨਾ ਵੀ ਕੀਤੀ ।

1954 ਈ: ਵਿੱਚ ਇਨ੍ਹਾਂ ਅਹਿਮਦਸ਼ਾਹ ਦੁਰਾਨੀ ਦੇ ਸਬੰਧ ਵਿੱਚ ਸ਼ੋਧ-ਪ੍ਰਬੰਧ ਲਿਖ ਕੇ ਪੰਜਾਬ ਯੂਨੀਵਰਸਿਟੀ ਤੋਂ ਪੀ ਐੱਚ ਡੀ। ਦੀ ਡਿਗਰੀ ਪ੍ਰਾਪਤ ਕੀਤੀ ।ਸੇਵਾ-ਮੁਕਤ ਹੋਣ ਤੋਂ ਪਿੱਛੋਂ ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਵਜੋਂ ਨਿਯੁਕਤ ਹੋਏ । ਇਥੋਂ ਹੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਪੰਜਾਬ ਇਤਿਹਾਸ ਅਧਿਐਨ ਵਿਭਾਗ ਦੀ ਆਰੰਭਤਾ ਕਰਨ ਦਾ ਸੱਦਾ ਪ੍ਰਾਪਤ ਹੋਇਆ ।1965 ਈ: ਵਿੱਚ ਪੰਜਾਬ ਹਿਸਟਰੀ ਕਾਨਫਰੰਸ ਕਰਵਾਈ ।1967 ਈ: ਵਿੱਚ ਪੰਜਾਬ ਪਾਸਟ ਐਂਡ ਪ੍ਰੈਜ਼ਟ ਦਾ ਤਿਮਾਹੀ ਮੈਗਜ਼ੀਨ ਸ਼ੁਰੂ ਕੀਤਾ । ਇਨ੍ਹਾਂ ਦੋਵਾਂ ਕੰਮਾਂ ਨੇ ਪੰਜਾਬ ਦੇ ਇਤਿਹਾਸ ਵਿੱਚ ਆਪਣਾ ਚਿਰ-ਸਥਾਈ ਯੋਗਦਾਨ ਪਾਇਆ ।

ਡਾਕਟਰ ਸਾਹਿਬ ਨੂੰ 1963 ਈ: ਵਿੱਚ ਪੰਜਾਬ ਭਾਸ਼ਾ ਵਿਭਾਗ ਵੱਲੋਂ ਸ਼੍ਰੋਮਣੀ ਇਤਿਹਾਸਕਾਰ ਦਾ ਸਨਮਾਨ, 1964 ਈ: ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਨਮਾਨ, ਫਿਰ ਮੁਸਲਿਮ ਯੂਨੀਵਰਸਿਟੀ ਅਲੀਗੜ੍ਹ ਵੱਲੋਂ ਡੀ।ਲਿਟ ਦੀ ਆਨਰੇਰੀ ਡਿਗਰੀ ਨਾਲ ਸਨਮਾਨਿਆ ਗਿਆ । 1974 ਈ: ਵਿੱਚ ਸਿੱਖ ਐਜੂਕੇਸ਼ਨ ਕਾਨਫਰੰਸ ਕਾਨਪੁਰ, 1976 ਈ: ਵਿੱਚ ਪੰਜਾਬੀ ਯੂਨੀਵਰਸਿਟੀ ਵੱਲੋਂ ਸਨਮਾਨਿਤ ਕੀਤਾ ਗਿਆ । 1978 ਈ: ਵਿੱਚ ਪੰਜਾਬੀ ਯੂਨੀਵਰਸਿਟੀ ਵੱਲੋਂ ਵੀ ਡੀ।ਲਿਟ ਨਾਲ ਸਨਮਾਨ ਦਿੱਤਾ ਗਿਆ ।1984 ਈ: ਵਿੱਚ ਭਾਰਤ ਸਰਕਾਰ ਵੱਲੋਂ ਪਦਮ ਭੂਸ਼ਨ ਦਾ ਸਨਮਾਨ ਦਿੱਤਾ ਗਿਆ । 1987 ਈ: ਵਿੱਚ ਇੰਡੀਅਨ ਹਿਸਟਰੀ ਕਾਨਫਰੰਸ ਗੋਆ ਵਿਖੇ ਪੰਜ ਪ੍ਰਮੁੱਖ ਇਤਿਹਾਸਕਾਰਾਂ ਵਿੱਚੋਂ ਇਕ ਹੋਣ ਦਾ ਸਨਮਾਨ ਮਿਲਿਆ । ਡਾਕਟਰ ਸਾਹਿਬ ਦੀਆਂ ਬਹੁਤ ਸਾਰੀਆਂ ਪੁਸਤਕਾਂ ਅੰਗ੍ਰੇਜ਼ੀ, ਪੰਜਾਬੀ, ਹਿੰਦੀ, ਉਰਦੂ ਅਤੇ ਫਾਰਸੀ ਭਾਸ਼ਾਵਾਂ ਵਿੱਚ ਮਿਲਦੀਆਂ ਹਨ ।ਅੰਗ੍ਰੇਜ਼ੀ ਦੀਆਂ 10 ਪੁਸਤਕਾਂ (ਇਤਿਹਾਸ) ਉੱਚ ਪਾਲੇ ਦੀਆਂ ਹਨ, ਜਿਨ੍ਹਾਂ ਨੂੰ ਸੰਸਾਰ ਦੇ ਪ੍ਰਮੁੱਖ ਇਤਿਹਾਸਕਾਰਾਂ ਨੇ ਮਾਣ ਦਿੱਤਾ ਹੈ ।ਪੰਜਾਬੀ ਵਿੱਚ ਥੋੜ੍ਹਾ ਮਲ ਬਹਾਦਰ, ਸ੍ਰੀ ਗੁਰ ਸੋਭਾ, ਸਰਦਾਰ ਸ਼ਾਮ ਸਿੰਘ ਅਟਾਰੀ, ਕੂਕਿਆਂ ਦੀ ਵਿਥਿਆ, ਪੰਜਾਬ ਉੱਤੇ ਅੰਗ੍ਰੇਜ਼ਾਂ ਦਾ ਕਬਜ਼ਾ, ਬਾਬਾ ਬੰਦਾ ਸਿੰਘ ਬਹਾਦਰ, ਹੁਕਮਨਾਮੇ, ਜੱਸਾ ਸਿੰਘ ਆਹਲੂਵਾਲੀਆ ਆਦਿ ਪ੍ਰਕਾਸ਼ਿਤ ਹੋ ਚੁੱਕੀਆਂ ਹਨ । ਇਸ ਤੋਂ ਇਲਾਵਾ ਅੱਧੀ ਦਰਜਨ ਪੁਸਤਕਾਂ ਹਿੰਦੀ, ਉਰਦੂ ਤੇ ਫਾਰਸੀ ਵਿੱਚ ਵੀ ਮਿਲਦੀਆਂ ਹਨ । ਇਨ੍ਹਾਂ ਸਾਰੀਆਂ ਪੁਸਤਕਾਂ ਵਿੱਚ ਕੁਝ ਅਨੁਵਾਦਿਤ ਅਤੇ ਸੰਪਾਦਿਤ ਵੀ ਹਨ। ਇਹ ਮਹਾਨ ਇਤਿਹਾਸਕਾਰ ਤੇ ਸਿਰੜੀ ਇਨਸਾਨ 27 ਦਸੰਬਰ, 1987 ਈ: ਵਿੱਚ ਪਟਿਆਲਾ ਵਿਖੇ ਇਸ ਨਾਸ਼ਵਾਨ ਸੰਸਾਰ ਨੂੰ ਅਲਵਿਦਾ ਆਖ ਗਿਆ ।ਉਨ੍ਹਾਂ ਦੀਆਂ ਇਤਿਹਾਸਕ ਲਿਖਤਾਂ ਸਾਡਾ ਵੱਡਮੁੱਲਾ ਖ਼ਜ਼ਾਨਾ ਹਨ।

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040



70 ਨਾਬਾਲਗ ਲੜਕੀਆਂ ਦਾ ਆਨਲਾਈਨ ਜਿਨਸੀ ਸ਼ੋਸ਼ਣ ਕਰਨ ਵਾਲੇ

ਭਾਰਤੀ ਮੂਲ ਦੇ ਬਿਲਾਲ ਕਾਜ਼ੀ ਨੂੰ 30 ਸਾਲ ਦੀ ਕੈਦ

ਪੀਐੱਚਡੀ ਕਰਨ ਲਈ ਬ੍ਰਿਟੇਨ ਆਇਆ ਸੀ 27 ਸਾਲਾ ਨੌਜਵਾਨ; 180 ਲੜਕੀਆਂ ਨੂੰ ਨਿਸ਼ਾਨਾ ਬਣਾਉਣ ਦਾ ਸ਼ੱਕ, 70 ਪੀੜਤਾਂ ਦੀ ਹੋਈ ਪਛਾਣ



ਇੰਗਲੈਂਡ, 14 ਨਵੰਬਰ (ਆਵਾਜ਼ ਕੌਮ ਬਿਊਰੋ)- ਬ੍ਰਿਟੇਨ ਵਿੱਚ ਉੱਚ ਸਿੱਖਿਆ ਹਾਸਲ ਕਰਨ ਲਈ ਪਹੁੰਚੇ ਭਾਰਤੀ ਮੂਲ ਦੇ 27 ਸਾਲਾ ਬਿਲਾਲ ਕਾਜ਼ੀ ਨੂੰ ਨਾਬਾਲਗ ਲੜਕੀਆਂ ਦਾ ਆਨਲਾਈਨ ਜਿਨਸੀ ਸ਼ੋਸ਼ਣ ਕਰਨ ਅਤੇ ਉਨ੍ਹਾਂ ਨੂੰ ਬਲੈਕਮੇਲ ਕਰਨ ਦੇ ਗੰਭੀਰ ਮਾਮਲੇ ਵਿੱਚ ਚੈਸਟਰ ਕ੍ਰਾਊਨ ਕੋਰਟ ਵੱਲੋਂ 30 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਹੈ। ਇਸ ਤੋਂ ਇਲਾਵਾ ਉਸ ਨੂੰ ਅੱਠ ਸਾਲ ਦੀ ਵਾਧੂ ਨਿਗਰਾਨੀ ਹੇਠ ਰੱਖਣ ਦਾ ਹੁਕਮ ਵੀ ਦਿੱਤਾ ਗਿਆ ਹੈ। ਅਦਾਲਤੀ ਫੈਸਲੇ ਅਨੁਸਾਰ ਉਸ ਨੂੰ ਘੱਟੋ-ਘੱਟ 20 ਸਾਲ ਜੇਲ੍ਹ ਵਿੱਚ ਰਹਿਣਾ ਪਵੇਗਾ, ਜਿਸ ਤੋਂ ਬਾਅਦ ਹੀ ਉਹ ਪੈਰੋਲ ਲਈ ਯੋਗ ਹੋ ਸਕੇਗਾ।

ਚੈਸ਼ਾਇਰ ਪੁਲਿਸ ਦੀ ਜਾਂਚ ਅਨੁਸਾਰ ਬਿਲਾਲ ਕਾਜ਼ੀ ਨੇ ਅਗਸਤ 2021 ਤੋਂ ਅਗਸਤ 2025 ਦਰਮਿਆਨ ਸਨੈਪਚੈਟ, ਰੋਬਲੋਕਸ ਅਤੇ ਵਿੰਕ ਵਰਗੇ ਆਨਲਾਈਨ ਪਲੇਟਫਾਰਮਾਂ ਦੀ ਵਰਤੋਂ ਕਰਦਿਆਂ ਨਾਬਾਲਗ ਲੜਕੀਆਂ ਨੂੰ ਆਪਣੇ ਜਾਲ ਵਿੱਚ ਫਸਾਇਆ। ਉਹ ਖ਼ੁਦ ਨੂੰ 'ਰੀਸ' ਨਾਮ ਦਾ 14 ਸਾਲਾ ਗੋਰਾ ਬ੍ਰਿਟਿਸ਼ ਲੜਕਾ ਦੱਸਦਾ ਸੀ ਅਤੇ ਇੱਕ ਅਣਪਛਾਤੇ ਲੜਕੇ ਦੀਆਂ ਤਸਵੀਰਾਂ ਵਰਤ ਕੇ ਲੜਕੀਆਂ ਦਾ ਭਰੋਸਾ ਜਿੱਤਦਾ ਸੀ। ਮੁੱਢਲੇ ਪੜਾਅ ਵਿੱਚ ਦੋਸਤੀ ਅਤੇ ਪਿਆਰ ਦਾ ਭਰੋਸਾ ਦੇਣ ਤੋਂ ਬਾਅਦ ਉਹ ਲੜਕੀਆਂ ਤੋਂ ਨਿੱਜੀ ਤਸਵੀਰਾਂ ਅਤੇ ਵੀਡੀਓਜ਼ ਹਾਸਲ ਕਰਦਾ ਸੀ। ਬਾਅਦ ਵਿੱਚ ਹੋਰ ਤਸਵੀਰਾਂ ਅਤੇ ਵੀਡੀਓਜ਼ ਭੇਜਣ ਲਈ ਦਬਾਅ ਪਾਉਂਦਾ ਅਤੇ ਇਨਕਾਰ ਕਰਨ ਵਾਲੀਆਂ ਲੜਕੀਆਂ ਨੂੰ ਪਹਿਲਾਂ ਹਾਸਲ ਕੀਤੀ ਸਮੱਗਰੀ ਉਨ੍ਹਾਂ ਦੇ ਦੋਸਤਾਂ ਅਤੇ ਪਰਿਵਾਰਕ ਮੈਂਬਰਾਂ ਨਾਲ ਸਾਂਝੀ ਕਰਨ ਦੀਆਂ ਧਮਕੀਆਂ ਦਿੰਦਾ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਪੁਲਿਸ ਨੇ ਉਸ ਦੇ ਮੋਬਾਈਲ ਫੋਨ ਦੀ ਡਿਜੀਟਲ ਜਾਂਚ ਦੌਰਾਨ 180 ਸੰਭਾਵਿਤ ਪੀੜਤਾਂ ਦੀ ਪਛਾਣ ਕੀਤੀ। ਇਨ੍ਹਾਂ ਵਿੱਚੋਂ 70 ਲੜਕੀਆਂ ਦੀ ਪਛਾਣ ਹੋਈ, ਜਿਨ੍ਹਾਂ ਦੀ ਉਮਰ ਅਪਰਾਧਾਂ ਸਮੇਂ 11 ਤੋਂ 17 ਸਾਲ ਦਰਮਿਆਨ ਸੀ। ਇਹ ਲੜਕੀਆਂ ਬ੍ਰਿਟੇਨ ਦੀਆਂ 28 ਵੱਖ-ਵੱਖ ਪੁਲਿਸ ਫੋਰਸਾਂ ਦੇ ਅਧਿਕਾਰ ਖੇਤਰਾਂ ਵਿੱਚ ਰਹਿੰਦੀਆਂ ਸਨ।

ਜਾਂਚ ਦੀ ਸ਼ੁਰੂਆਤ ਇੱਕ ਨਾਬਾਲਗ ਲੜਕੀ ਵੱਲੋਂ ਕੀਤੀ ਗਈ ਸ਼ਿਕਾਇਤ ਤੋਂ ਹੋਈ ਸੀ। ਉਸ ਨੇ 2021 ਵਿੱਚ ਡਰਬੀਸ਼ਾਇਰ ਪੁਲਿਸ ਨੂੰ ਦੱਸਿਆ ਕਿ ਸਨੈਪਚੈਟ ਰਾਹੀਂ ਉਸ ਦੇ ਸੰਪਰਕ ਵਿੱਚ ਆਏ ਵਿਅਕਤੀ ਨੇ ਉਸ ਦਾ ਜਿਨਸੀ ਸ਼ੋਸ਼ਣ ਕੀਤਾ ਅਤੇ ਬਾਅਦ ਵਿੱਚ ਉਸ ਦਾ ਅਕਾਊਂਟ ਹੈਕ ਕਰਕੇ ਨਿੱਜੀ ਸਮੱਗਰੀ ਉਸ ਦੇ ਦੋਸਤਾਂ ਤੱਕ ਪਹੁੰਚਾ ਦਿੱਤੀ। ਇਸ ਤੋਂ ਬਾਅਦ ਮਾਮਲੇ ਦੀ ਜਾਂਚ ਚੈਸ਼ਾਇਰ ਪੁਲਿਸ ਦੀ ਆਨਲਾਈਨ ਚਾਈਲਡ ਐਬਿਊਜ਼ ਇਨਵੈਸਟੀਗੇਸ਼ਨ ਟੀਮ ਨੇ ਆਪਣੇ ਹੱਥ ਵਿੱਚ ਲੈ ਲਈ।

ਬਿਲਾਲ ਕਾਜ਼ੀ ਮੂਲ ਰੂਪ ਵਿੱਚ ਮੁੰਬਈ ਦਾ ਰਹਿਣ ਵਾਲਾ ਹੈ। ਉਹ ਯੂਨੀਵਰਸਿਟੀ ਆਫ ਚੈਸਟਰ ਵਿੱਚ ਪੀਐੱਚਡੀ ਦੀ ਪੜ੍ਹਾਈ ਕਰ ਰਿਹਾ ਸੀ ਅਤੇ ਬਾਅਦ ਵਿੱਚ ਬਰਮਿੰਘਮ ਯੂਨੀਵਰਸਿਟੀ ਵਿੱਚ ਕੈਮੀਕਲ ਇੰਜੀਨੀਅਰਿੰਗ ਦੀ ਪੜ੍ਹਾਈ ਕਰਨ ਲੱਗਾ। ਉਸ ਨੂੰ ਜੁਲਾਈ 2023 ਵਿੱਚ ਹੀਥਰੋ ਹਵਾਈ ਅੱਡੇ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ।

ਚੈਸਟਰ ਕ੍ਰਾਊਨ ਕੋਰਟ ਵਿੱਚ ਸੁਣਵਾਈ ਦੌਰਾਨ ਉਸ ਨੇ ਬੱਚਿਆਂ ਨਾਲ ਜਿਨਸੀ ਅਪਰਾਧਾਂ ਸਬੰਧੀ 37 ਦੋਸ਼ ਕਬੂਲ ਕੀਤੇ। ਇਨ੍ਹਾਂ ਵਿੱਚ ਬੱਚਿਆਂ ਨੂੰ ਜਿਨਸੀ ਗਤੀਵਿਧੀਆਂ ਵਿੱਚ ਸ਼ਾਮਲ ਕਰਨ, ਬਲੈਕਮੇਲ ਕਰਨ ਅਤੇ ਬੱਚਿਆਂ ਦੀਆਂ ਅਸ਼ਲੀਲ ਤਸਵੀਰਾਂ ਬਣਾਉਣ ਵਰਗੇ ਗੰਭੀਰ ਅਪਰਾਧ ਸ਼ਾਮਲ ਸਨ।

ਇਸ ਮਾਮਲੇ ਨੂੰ ਚੈਸ਼ਾਇਰ ਪੁਲਿਸ ਦੀ ਆਨਲਾਈਨ ਬਾਲ ਜਿਨਸੀ ਸ਼ੋਸ਼ਣ ਸਬੰਧੀ ਹੁਣ ਤੱਕ ਦੀ ਸਭ ਤੋਂ ਵੱਡੀ ਜਾਂਚ ਦੱਸਿਆ ਗਿਆ ਹੈ। ਇਸ ਘਟਨਾ ਨੇ ਬ੍ਰਿਟੇਨ ਵਿੱਚ ਬੱਚਿਆਂ ਦੀ ਆਨਲਾਈਨ ਸੁਰੱਖਿਆ ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ ਦੀ ਜਵਾਬਦੇਹੀ ਬਾਰੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਪੁਲਿਸ ਨੇ ਮਾਪਿਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਬੱਚਿਆਂ ਵੱਲੋਂ ਵਰਤੇ ਜਾਂਦੇ ਐਪਸ ਅਤੇ ਆਨਲਾਈਨ ਸੰਪਰਕਾਂ ਬਾਰੇ ਸੁਚੇਤ ਰਹਿਣ।

ਨਸ਼ਿਆਂ ਖ਼ਿਲਾਫ਼ ਲੜਨ ਵਾਲੇ ਯੋਧੇ ਦੇ ਪਰਿਵਾਰ ਨਾਲ ਖੜ੍ਹੇ ਹਾਂ — ਗੁਰਮੇਲ ਸਿੰਘ ਮੱਲੀ





ਲੰਡਨ, 13 ਨਵੰਬਰ (ਆਵਾਜ਼ਿ ਕੌਮ ਬਿਊਰੋ)— ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦੇ ਪ੍ਰਧਾਨ ਗੁਰਮੇਲ ਸਿੰਘ ਮੱਲੀ ਨੇ ਮਾਨਸਾ ਵਿਖੇ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਮਰਹੂਮ ਪਰਵਿੰਦਰ ਸਿੰਘ ਝੋਟਾ ਦੇ ਗ੍ਰਹਿ ਵਿਖੇ ਪਹੁੰਚ ਕੇ ਉਨ੍ਹਾਂ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਉਨ੍ਹਾਂ ਨੇ ਪਰਵਿੰਦਰ ਸਿੰਘ ਝੋਟਾ ਦੇ ਪਿਤਾ ਭੀਮ ਸਿੰਘ, ਪਤਨੀ ਅਤੇ ਹੋਰ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਦਿਆਂ ਡੂੰਘੀ ਹਮਦਰਦੀ ਪ੍ਰਗਟਾਈ। ਉਨ੍ਹਾਂ ਨੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਦੀ ਪ੍ਰਬੰਧਕ ਕਮੇਟੀ ਅਤੇ ਸੰਗਤ ਵੱਲੋਂ ਪਰਿਵਾਰ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ। ਗੁਰਮੇਲ ਸਿੰਘ ਮੱਲੀ ਨੇ ਪ੍ਰਸ਼ਾਸਨ ਤੋਂ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਵਧ ਰਿਹਾ ਰੁਝਾਨ ਬੇਹੱਦ ਚਿੰਤਾਜਨਕ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਸਰਕਾਰ, ਪ੍ਰਸ਼ਾਸਨ, ਧਾਰਮਿਕ ਸੰਸਥਾਵਾਂ ਅਤੇ ਆਮ ਲੋਕਾਂ ਨੂੰ ਇਕਜੁੱਟ ਹੋ ਕੇ ਠੋਸ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਬਚਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਅਤੇ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਸਮੁੱਚੇ ਸਮਾਜ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਪਵੇਗੀ। ਅੰਤ ਵਿੱਚ ਮੱਲੀ ਨੇ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨਾਲ ਹਰ ਔਖੀ ਘੜੀ ਵਿੱਚ ਖੜ੍ਹੇ ਰਹਿਣ ਦਾ ਭਰੋਸਾ ਦਿੰਦਿਆਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ ਲਈ ਅਰਦਾਸ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਦੀ ਧਰਤੀ 'ਤੇ ਰੋਕੀ ਜਾਏ ਬੇਲਗਾਮ ਪ੍ਰਵਾਸੀ ਆਮਦ, ਪੰਜਾਬੀਆਂ ਦੇ ਰੁਜ਼ਗਾਰ ਤੇ ਸਿਆਸੀ ਹੱਕਾਂ ਦੀ ਰਾਖੀ ਪਹਿਲਾਂ ਕਰੋ: ਭਾਈ ਗੁਰਦੇਵ ਸਿੰਘ ਕੋਹਾੜਕਾ

ਦੂਜੇ ਰਾਜਾਂ ਤੋਂ ਪੰਜਾਬ ਵੱਲ ਵਧ ਰਹੇ ਪ੍ਰਵਾਸ ਦੇ ਰੁਝਾਨ 'ਤੇ ਨੀਤੀਗਤ ਰੋਕ ਲਾਉਣ ਅਤੇ ਪੰਜਾਬ ਦੇ ਜਨਸੰਖਿਆਤਮਕ ਤੇ ਸੱਭਿਆਚਾਰਕ ਸਰੂਪ ਦੀ ਰਾਖੀ ਲਈ ਸਖ਼ਤ ਕਦਮ ਚੁੱਕਣ ਦੀ ਮੰਗ

ਨਵੀਂ ਦਿੱਲੀ 14 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੇ ਸਾਬਕਾ ਹਜ਼ੂਰੀ ਰਾਗੀ ਭਾਈ ਗੁਰਦੇਵ ਸਿੰਘ ਕੋਹਾੜਕਾ ਨੇ ਪੰਜਾਬ ਵਿੱਚ ਪਿਛਲੇ ਤਿੰਨ ਦਹਾਕਿਆਂ ਦੌਰਾਨ ਦੂਜੇ ਰਾਜਾਂ ਤੋਂ ਆ ਕੇ ਵੱਸਣ ਵਾਲੀ ਆਬਾਦੀ, ਇਸ ਦੇ ਪੰਜਾਬ ਦੇ ਜਨਸੰਖਿਆਤਮਕ ਸਰੂਪ, ਰੁਜ਼ਗਾਰ ਦੇ ਮੌਕਿਆਂ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਉੱਤੇ ਪੈ ਸਕਣ ਵਾਲੇ ਪ੍ਰਭਾਵਾਂ ਨੂੰ ਲੈ ਕੇ ਗੰਭੀਰ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭਾਸ਼ਾ, ਸੱਭਿਆਚਾਰ, ਧਾਰਮਿਕ ਪਛਾਣ ਅਤੇ ਸਿਆਸੀ ਅਧਿਕਾਰਾਂ ਦੀ ਰਾਖੀ ਲਈ ਸਮੇਂ ਸਿਰ ਗੰਭੀਰ ਵਿਚਾਰ-ਵਟਾਂਦਰਾ ਕਰਨਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਵਿੱਚ ਵੱਸ ਰਹੀ ਬਾਹਰੀ ਆਬਾਦੀ ਦੇ ਅੰਕੜਿਆਂ, ਵੋਟਰ ਸੂਚੀਆਂ, ਰਿਹਾਇਸ਼ੀ ਅਤੇ ਨਾਗਰਿਕਤਾ ਸਬੰਧੀ ਦਸਤਾਵੇਜ਼ਾਂ ਦੀ ਕਾਨੂੰਨ ਅਨੁਸਾਰ ਨਿਰਪੱਖ ਜਾਂਚ ਹੋਵੇ ਅਤੇ ਕਿਸੇ ਵੀ ਵਿਅਕਤੀ ਨੂੰ ਉਸ ਦੇ ਮੂਲ ਰਾਜ ਜਾਂ ਧਰਮ ਦੇ ਆਧਾਰ 'ਤੇ ਨਹੀਂ, ਸਗੋਂ ਕਾਨੂੰਨੀ ਸਥਿਤੀ ਅਤੇ ਅਸਲ ਤੱਥਾਂ ਦੇ ਆਧਾਰ 'ਤੇ ਪਰਖਿਆ ਜਾਵੇ। ਭਾਈ ਕੋਹਾੜਕਾ ਨੇ ਕਿਹਾ ਕਿ ਜੇਕਰ ਪੰਜਾਬ ਦੀਆਂ ਵਿਧਾਨ ਸਭਾ ਸੀਟਾਂ ਉੱਤੇ ਬਾਹਰੀ ਆਬਾਦੀ ਦੇ ਵਧਦੇ ਪ੍ਰਭਾਵ ਅਤੇ ਵੋਟਿੰਗ ਪੈਟਰਨ ਸਬੰਧੀ ਉਠ ਰਹੇ ਸਵਾਲਾਂ ਦੀ ਪਾਰਦਰਸ਼ੀ ਜਾਂਚ ਨਾ ਹੋਈ ਤਾਂ ਆਉਣ ਵਾਲੀਆਂ ਚੋਣਾਂ ਵਿੱਚ ਪੰਜਾਬ ਦੇ ਸਥਾਨਕ ਲੋਕਾਂ ਦੀਆਂ ਰਾਜਨੀਤਿਕ ਤਰਜੀਹਾਂ ਅਤੇ ਹਿੱਤਾਂ ਨੂੰ ਨੁਕਸਾਨ ਪਹੁੰਚਣ ਦਾ ਖ਼ਦਸ਼ਾ ਬਣਿਆ ਰਹੇਗਾ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਕਿਸੇ ਵੀ ਤਰ੍ਹਾਂ ਦੀ ਸਿਆਸੀ ਪ੍ਰਯੋਗਸ਼ਾਲਾ ਜਾਂ ਬਸਤੀ ਬਣਾਉਣ ਦੀ ਸੋਚ ਦਾ ਵਿਰੋਧ ਲੋਕਤੰਤਰਿਕ ਅਤੇ ਸੰਵਿਧਾਨਕ ਤਰੀਕੇ ਨਾਲ ਹੋਣਾ ਚਾਹੀਦਾ ਹੈ। ਭਾਈ ਗੁਰਦੇਵ ਸਿੰਘ ਕੋਹਾੜਕਾ ਨੇ ਵਿਸ਼ੇਸ਼ ਤੌਰ 'ਤੇ ਪੰਜਾਬ ਦੇ ਦਲਿਤ ਅਤੇ ਮਿਹਨਤਕਸ਼ ਵਰਗਾਂ ਦੇ ਰੁਜ਼ਗਾਰਕ ਹੱਕਾਂ ਦਾ ਮੁੱਦਾ ਉਠਾਉਂਦਿਆਂ ਕਿਹਾ ਕਿ ਸਥਾਨਕ ਨੌਜਵਾਨਾਂ ਨੂੰ ਰੁਜ਼ਗਾਰ ਦੇ ਬਰਾਬਰ ਮੌਕੇ ਨਾ ਮਿਲਣਾ ਅਤੇ ਆਰਥਿਕ ਤੌਰ 'ਤੇ ਹਾਸ਼ੀਏ 'ਤੇ ਧੱਕੇ ਜਾਣਾ ਸਮਾਜਿਕ ਅਸੰਤੋਸ਼ ਨੂੰ ਜਨਮ ਦਿੰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਰੁਜ਼ਗਾਰ, ਸਰਕਾਰੀ ਸਹੂਲਤਾਂ ਅਤੇ ਸਰਕਾਰੀ ਨੌਕਰੀਆਂ ਨਾਲ ਜੁੜੇ ਨਿਯਮਾਂ ਦੀ ਸਮੀਖਿਆ ਹੋਣੀ ਚਾਹੀਦੀ ਹੈ ਤਾਂ ਜੋ ਪੰਜਾਬ ਦੇ ਯੋਗ ਅਤੇ ਹੱਕਦਾਰ ਵਸਨੀਕਾਂ ਨਾਲ ਕਿਸੇ ਤਰ੍ਹਾਂ ਦਾ ਵਿਤਕਰਾ ਨਾ ਹੋਵੇ। ਉਨ੍ਹਾਂ ਇਹ ਵੀ ਕਿਹਾ ਕਿ ਧਰਮ ਪਰਿਵਰਤਨ ਵਰਗੇ ਸੰਵੇਦਨਸ਼ੀਲ ਮਸਲੇ ਨੂੰ ਕਿਸੇ ਇੱਕ ਭਾਈਚਾਰੇ ਜਾਂ ਬਾਹਰੀ ਆਬਾਦੀ ਨਾਲ ਜੋੜ ਕੇ ਦੇਖਣ ਦੀ ਬਜਾਏ ਇਸ ਦੇ ਪਿੱਛੇ ਮੌਜੂਦ ਸਮਾਜਿਕ, ਆਰਥਿਕ ਅਤੇ ਧਾਰਮਿਕ ਕਾਰਨਾਂ ਨੂੰ ਸਮਝਣਾ ਲਾਜ਼ਮੀ ਹੈ। ਭਾਈ ਕੋਹਾੜਕਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਸਮੂਹ ਤਖ਼ਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਰਾਗੀ ਸਭਾ, ਸ਼੍ਰੋਮਣੀ ਢਾਡੀ ਸਭਾ, ਸ਼੍ਰੋਮਣੀ ਗ੍ਰੰਥੀ ਸਭਾ, ਕਥਾਵਾਚਕਾਂ, ਕੀਰਤਨੀਆਂ, ਢਾਡੀਆਂ ਅਤੇ ਸਮਾਜਿਕ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੇ ਹੱਕਾਂ, ਰੁਜ਼ਗਾਰ, ਧਾਰਮਿਕ ਆਜ਼ਾਦੀ ਅਤੇ ਸੱਭਿਆਚਾਰਕ ਪਛਾਣ ਦੀ ਰਾਖੀ ਲਈ ਸਾਂਝਾ ਮੰਚ ਤਿਆਰ ਕਰਨ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਵਿਰੁੱਧ ਅਪਰਾਧ ਦੀ ਸ਼ਿਕਾਇਤ ਆਉਣ 'ਤੇ ਪੁਲਿਸ ਵੱਲੋਂ ਬਿਨਾਂ ਕਿਸੇ ਦਬਾਅ ਜਾਂ ਪੱਖਪਾਤ ਦੇ ਕਾਰਵਾਈ ਹੋਣੀ ਚਾਹੀਦੀ ਹੈ ਅਤੇ ਸ਼ਿਕਾਇਤਕਰਤਾਵਾਂ ਨੂੰ ਧਮਕਾਉਣ ਦੀ ਬਜਾਏ ਉਨ੍ਹਾਂ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ। ਪੰਜਾਬ ਦੇ ਹਿੱਤਾਂ ਦੀ ਰਾਖੀ ਕਿਸੇ ਧਰਮ ਜਾਂ ਸੂਬੇ ਦੇ ਲੋਕਾਂ ਨਾਲ ਨਫ਼ਰਤ ਕਰਕੇ ਨਹੀਂ, ਸਗੋਂ ਕਾਨੂੰਨ ਦੀ ਬਰਾਬਰ ਪਾਲਣਾ, ਸਥਾਨਕ ਲੋਕਾਂ ਦੇ ਹੱਕਾਂ ਦੀ ਸੁਰੱਖਿਆ ਅਤੇ ਜਵਾਬਦੇਹ ਸਿਆਸੀ ਵਿਵਸਥਾ ਰਾਹੀਂ ਹੀ ਸੰਭਵ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ੴ ਸਤਿਗੁਰ ਪ੍ਰਸਾਦਿ ॥

ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥
ਪੁਰਜਾ ਪੁਰਜਾ ਕਟਿ ਮਰੈ ਕਬਹੁ ਨ ਛਾਡੈ ਖੇਤੁ ॥੨॥੨॥



ਭੋਗ ਤੇ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ

ਸ਼ਹੀਦ ਭਾਈ ਪਰਵਿੰਦਰ ਸਿੰਘ ਖਾਲਸਾ (ਝੋਟਾ)

ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਆਵਾਜ਼ ਬੁਲੰਦ ਕਰਨ ਵਾਲੇ ਅਤੇ ਇਸ ਸੰਘਰਸ਼ ਦੌਰਾਨ ਆਪਣੀ ਜਾਨ ਵਾਰਨ ਵਾਲੇ ਸ਼ਹੀਦ ਭਾਈ ਪਰਵਿੰਦਰ ਸਿੰਘ ਖ਼ਾਲਸਾ (ਝੋਟਾ) ਜੀ ਦੀ ਨਿੱਘੀ ਯਾਦ ਵਿੱਚ ਭੋਗ ਅਤੇ ਅੰਤਿਮ ਅਰਦਾਸ ਹੋਵੇਗੀ।

ਮਿਤੀ: 15 ਨਵੰਬਰ 2026, ਦਿਨ ਐਤਵਾਰ

ਸਥਾਨ: ਤਖ਼ਤ ਸ਼੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ, ਜ਼ਿਲ੍ਹਾ ਬਠਿੰਡਾ, ਪੰਜਾਬ

ਆਵਾਜ਼ਿ ਕੌਮ AWAZE QAUM International Newspaper & WEB TV



ਭਾਈ ਰਘਬੀਰ ਸਿੰਘ
ਪ੍ਰਧਾਨ



ਭਾਈ ਪਰਮਜੀਤ ਸਿੰਘ ਢਾਡੀ
ਅੰਤਰ-ਰਾਸ਼ਟਰੀ ਆਰਗੇਨਾਈਜ਼ਰ



ਭਾਈ ਕਪਤਾਨ ਸਿੰਘ
ਜਨਰਲ ਸਕੱਤਰ ਅਤੇ ਮੁੱਖ ਬੁਲਾਰਾ



ਬਾਬਾ ਬਘੇਲ ਸਿੰਘ
ਜਥੇਦਾਰ ਧਾਰਮਿਕ ਵਿੰਗ
ਇੰਗਲੈਂਡ ਅਤੇ ਯੂਰਪ

ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

ਵੱਲੋਂ : ਇੰਟਰਨੈਸ਼ਨਲ ਪੰਥਕ ਦਲ, ਪਰਿਵਾਰ ਅਤੇ ਸਮੂਹ ਸੰਗਤ

ਸ੍ਰੀ ਹਜ਼ੂਰ ਸਾਹਿਬ ਵਿਖੇ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ

ਜੋਤੀ ਜੋਤ (ਸੱਚਖੰਡ ਗਮਨ) ਦਿਵਸ ਮੌਕੇ ਸੰਗਤੀ ਰੂਪ ਵਿੱਚ ਮੂਲ ਮੰਤਰ ਦੇ ਪਾਠ









ਚੌਕ ਮਹਿਤਾ, 14 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸਰਬੰਸ ਦਾਨੀ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪਵਿੱਤਰ ਜੋਤੀ ਜੋਤ(ਸੱਚਖੰਡ ਗਮਨ) ਦਿਵਸ ਦੇ ਮੌਕੇ 'ਤੇ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਬੜੀ ਸ਼ਰਧਾ ਅਤੇ ਸਤਿਕਾਰ ਸਹਿਤ ਕਰਵਾਏ ਗਏ। ਇਸ ਮੌਕੇ ਗੁਰਦੁਆਰਾ ਬੋਰਡ ਦੇ ਸੁਪਰਡੈਂਟ ਸ. ਰਵਿੰਦਰ ਸਿੰਘ ਕਪੂਰ ਜੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਇਤਿਹਾਸਕ ਜਾਣਕਾਰੀ ਸਾਂਝੀ ਕੀਤੀ ਕਿ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਸੰਨ 1708 ਈਸਵੀ ਵਿੱਚ ਇਸੇ ਪਵਿੱਤਰ ਅਸਥਾਨ ਵਿਖੇ ਸ਼ਬਦ ਗੁਰੂ 'ਸ੍ਰੀ ਗੁਰੂ ਗ੍ਰੰਥ ਸਾਹਿਬ ਜੀ' ਨੂੰ ਗੁਰਤਾਗੱਦੀ 'ਤੇ ਬਿਰਾਜਮਾਨ ਕੀਤਾ ਸੀ। ਇਸ ਉਪਰੰਤ ਪੰਚਮੀ ਵਾਲੇ ਦਿਨ ਦਸਮ ਪਾਤਸ਼ਾਹ ਇਸੇ ਪਾਵਨ ਧਰਤੀ ਤੋਂ ਸੱਚਖੰਡ ਗਮਨ ਕਰ ਗਏ ਸਨ। ਉਸੇ ਦਿਨ ਦੀ ਯਾਦ ਵਿੱਚ ਪੁਰਾਤਨ ਸਮੇਂ ਤੋਂ ਚਲੀ ਆ ਰਹੀ ਰਵਾਇਤ ਮੁਤਾਬਕ ਅੱਜ ਦੁਪਹਿਰ ਤੋਂ ਹੀ ਗੁਰਬਾਣੀ ਕੀਰਤਨ ਆਰੰਭ ਕੀਤਾ ਗਿਆ, ਜਿਸ ਵਿੱਚ ਤਖ਼ਤ ਸਾਹਿਬ ਦੇ ਸਮੂਹ ਰਾਗੀ ਜਥਿਆਂ ਵੱਲੋਂ ਵਾਰੀ-ਵਾਰੀ ਇਲਾਹੀ ਦਰਗਾਹੀ ਬਾਣੀ ਦੇ ਕੀਰਤਨ ਰਾਹੀਂ ਹਾਜ਼ਰੀ ਭਰੀ ਗਈ। ਇਸ ਦੌਰਾਨ ਭਾਈ ਪਰਮਵੀਰ ਸਿੰਘ ਜੀ ਨੇ ਸੰਗਤਾਂ ਨੂੰ ਦਸਮ ਪਿਤਾ ਜੀ ਦੇ ਸੱਚਖੰਡ ਗਮਨ ਦੀ ਸਾਖੀ ਬੜੇ ਹੀ ਵਿਸਥਾਰ ਅਤੇ ਸ਼ਰਧਾ ਨਾਲ ਸਰਵਣ ਕਰਵਾਈ। ਇਸ ਪਵਿੱਤਰ ਮੌਕੇ ਗੁਰੂ ਸਾਹਿਬ ਜੀ ਨੂੰ ਵਿਸ਼ੇਸ਼ ਤੌਰ 'ਤੇ ਸ਼ੱਕਰ-ਪਾਰੇ ਦੇ ਪ੍ਰਸ਼ਾਦ ਦਾ ਭੋਗ ਲਗਾਇਆ ਗਿਆ। ਸਮਾਗਮ ਦੀ ਲੜੀ ਤਹਿਤ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਦੇ ਕਾ.ਜਥੇਦਾਰ ਸਿੰਘ ਸਾਹਿਬ ਸੰਤ ਬਾਬਾ ਰਾਮ ਜੀ ਅਤੇ ਸਮੂਹ ਪੰਜ ਪਿਆਰੇ ਸਾਹਿਬਾਨ ਦੀ ਮੁੱਖ ਹਾਜ਼ਰੀ ਵਿੱਚ ਸ਼ਾਮ 04:15 ਤੋਂ 04:30 ਵਜੇ ਤੱਕ (15 ਮਿੰਟ ਲਈ) ਸੰਗਤੀ ਰੂਪ ਵਿੱਚ ਮੂਲ ਮੰਤਰ ਦੇ ਪਾਠ ਕੀਤੇ ਗਏ। ਉਪਰੰਤ ਸਮੁੱਚੇ ਵਿਸ਼ਵ ਵਿੱਚ ਸੁੱਖ-ਸ਼ਾਂਤੀ, ਆਪਸੀ ਭਾਈਚਾਰੇ ਅਤੇ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਇਸ ਮੌਕੇ 'ਤੇ ਸੰਤ ਬਾਬਾ ਬਲਵਿੰਦਰ ਸਿੰਘ ਜੀ ਲੰਗਰ ਸਾਹਿਬ ਵਾਲੇ ਅਤੇ ਗੁਰਦੁਆਰਾ ਬੋਰਡ ਦੇ ਸਕੱਤਰ ਸ. ਰਵਿੰਦਰ ਸਿੰਘ ਬੁੰਗਈ, ਗੁਰਦੁਆਰਾ ਬੋਰਡ ਮੈਂਬਰ ਸ. ਮਨਪ੍ਰੀਤ ਸਿੰਘ ਕੁੰਜੀਵਾਲੇ,ਬੋਰਡ ਮੈਂਬਰ,ਸ. ਗੁਰਮੀਤ ਸਿੰਘ ਮਹਾਜਨ, ਸਹਾਇਕ ਸੁਪਰਡੈਂਟ ਸ. ਜੈਮਲ ਸਿੰਘ ਢਿੱਲੋਂ, ਸਹਾਇਕ ਸੁਪਰਡੈਂਟ ਸ. ਬਲਵਿੰਦਰ ਸਿੰਘ ਫੌਜੀ ਅਤੇ ਪਤਵੰਤੇ ਸੱਜਣਾਂ ਅਤੇ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਗੁਰੂ ਘਰ ਹਾਜ਼ਰੀ ਭਰਨ ਪਹੁੰਚੀਆਂ ਸੰਗਤਾਂ ਵੱਡੀ ਗਿਣਤੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਪਿੰਡ ਬੇਨੜਾ ਵਿਖੇ

35 ਲੱਖ ਰੁਪਏ ਦੀ ਲਾਗਤ ਨਾਲ ਬਣੇ ਸਿਹਤ ਕੇਂਦਰ ਦਾ ਉਦਘਾਟਨ

ਧੂਰੀ (ਰਣਜੀਤ ਸਿੰਘ ਪੇਧਨੀ)-ਪਿੰਡ ਬੇਨੜਾ, ਬਲਾਕ ਧੂਰੀ ਵਿਖੇ ਕਰੀਬ 35 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਉਸਾਰੇ ਗਏ ਸਿਹਤ ਕੇਂਦਰ (ਹੈਲਥ ਐਂਡ ਵੈਲਨੈੱਸ ਸੈਂਟਰ) ਦਾ ਉਦਘਾਟਨ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸ. ਸੁਖਵੀਰ ਸਿੰਘ ਵੱਲੋਂ ਕੀਤਾ ਗਿਆ।



ਇਸ ਮੌਕੇ ਉਨ੍ਹਾਂ ਕਿਹਾ ਕਿ ਸਿਹਤ ਸੇਵਾਵਾਂ ਨੂੰ ਆਮ ਲੋਕਾਂ ਦੀ ਪਹੁੰਚ ਵਿੱਚ ਲਿਆਉਣਾ ਅਤੇ ਪਿੰਡ ਪੱਧਰ 'ਤੇ ਮਿਆਰੀ ਸਿਹਤ ਸਹੂਲਤਾਂ ਉਪਲਬਧ ਕਰਵਾਉਣਾ ਸਰਕਾਰ ਦੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਇਸ ਕੇਂਦਰ ਦੇ ਸ਼ੁਰੂ ਹੋਣ ਨਾਲ ਪਿੰਡ ਬੇਨੜਾ ਅਤੇ ਆਸ-ਪਾਸ ਦੇ ਇਲਾਕਿਆਂ ਦੇ ਵਸਨੀਕਾਂ ਨੂੰ ਆਪਣੇ ਘਰਾਂ ਦੇ ਨੇੜੇ ਹੀ ਮੁੱਢਲੀਆਂ ਅਤੇ ਮਿਆਰੀ ਸਿਹਤ ਸੇਵਾਵਾਂ ਪ੍ਰਾਪਤ ਹੋਣਗੀਆਂ ਅਤੇ ਇਲਾਜ ਲਈ ਦੂਰ-ਦੁਰਾਡੇ ਜਾਣ ਦੀ ਲੋੜ ਘਟੇਗੀ।

ਕੇਂਦਰ ਵਿਖੇ ਲੋਕਾਂ ਨੂੰ ਮੁਫ਼ਤ ਜਾਂਚ, ਦਵਾਈਆਂ, ਲੈਬ ਟੈਸਟਿੰਗ ਅਤੇ ਟੀਕਾਕਰਨ ਸਮੇਤ ਮਿਲਣਗੀਆਂ ਵੱਖ-ਵੱਖ ਸਿਹਤ ਸਹੂਲਤਾਂ

ਉਨ੍ਹਾਂ ਦੱਸਿਆ ਕਿ ਇਸ ਸਿਹਤ ਕੇਂਦਰ ਵਿਖੇ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਕੇਂਦਰ ਵਿਖੇ ਸ਼ੂਗਰ, ਬਲੱਡ ਪ੍ਰੈਸ਼ਰ ਸਮੇਤ ਗੈਰ-ਸੰਚਾਰੀ ਬਿਮਾਰੀਆਂ ਦੀ ਜਾਂਚ ਅਤੇ ਸਕ੍ਰੀਨਿੰਗ ਕੀਤੀ ਜਾਂਦੀ ਹੈ। ਤਾਇਨਾਤ ਕਮਿਊਨਿਟੀ ਹੈਲਥ ਅਫ਼ਸਰ ਵੱਲੋਂ ਮਰੀਜ਼ਾਂ ਦੀ ਓ.ਪੀ.ਡੀ. ਵਿੱਚ ਜਾਂਚ ਕੀਤੀ ਜਾਂਦੀ ਹੈ ਅਤੇ ਲੋੜ ਅਨੁਸਾਰ ਮੁਫ਼ਤ ਦਵਾਈਆਂ ਦਿੱਤੀਆਂ ਜਾਂਦੀਆਂ ਹਨ। ਕੇਂਦਰ ਵਿਖੇ ਹੀਮੋਗਲੋਬਿਨ ਦੀ ਜਾਂਚ ਸਮੇਤ ਮੁੱਢਲੀਆਂ ਲੈਬ ਟੈਸਟਿੰਗ ਸਹੂਲਤਾਂ ਵੀ ਉਪਲਬਧ ਹਨ, ਜਿਸ ਨਾਲ ਖ਼ੂਨ ਦੀ ਕਮੀ ਅਤੇ ਹੋਰ ਸਿਹਤ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਕਰਨ ਵਿੱਚ ਮਦਦ ਮਿਲਦੀ ਹੈ। ਇਸ ਤੋਂ ਇਲਾਵਾ, ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਰੀਜ਼ਾਂ ਨੂੰ ਮਿਆਰੀ ਦਵਾਈਆਂ ਮੁਫ਼ਤ ਮੁਹੱਈਆ ਕਰਵਾਈਆਂ ਜਾਂਦੀਆਂ ਹਨ।

ਉਨ੍ਹਾਂ ਦੱਸਿਆ ਕਿ ਕੇਂਦਰ ਵਿਖੇ ਜੱਚਾ-ਬੱਚਾ ਸਿਹਤ ਸੰਭਾਲ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਤਾਇਨਾਤ ਏ.ਐੱਨ.ਐੱਮ. ਵੱਲੋਂ ਗਰਭਵਤੀ ਔਰਤਾਂ ਅਤੇ ਬੱਚਿਆਂ ਦੀ ਸਿਹਤ ਦੀ ਦੇਖਭਾਲ ਕੀਤੀ ਜਾਂਦੀ ਹੈ। ਹਾਈ ਰਿਸਕ ਗਰਭਵਤੀ ਔਰਤਾਂ ਦੀ ਵਿਸ਼ੇਸ਼ ਨਿਗਰਾਨੀ ਕੀਤੀ ਜਾਂਦੀ ਹੈ ਅਤੇ ਲੋੜ ਪੈਣ 'ਤੇ ਉਨ੍ਹਾਂ ਨੂੰ ਨੇੜਲੇ ਸਰਕਾਰੀ ਹਸਪਤਾਲ ਵਿੱਚ ਰੈਫਰ ਕੀਤਾ ਜਾਂਦਾ ਹੈ। ਹਰ ਬੁੱਧਵਾਰ ਨੂੰ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਮੁਫ਼ਤ ਟੀਕਾਕਰਨ ਵੀ ਕੀਤਾ ਜਾਂਦਾ ਹੈ।

ਇਸ ਦੇ ਨਾਲ ਹੀ ਮਲਟੀਪਰਪਜ਼ ਹੈਲਥ ਵਰਕਰ (ਮੇਲ) ਵੱਲੋਂ ਵੈਕਟਰ ਬੋਰਨ ਬਿਮਾਰੀਆਂ ਤੋਂ ਬਚਾਅ ਸਬੰਧੀ ਸਮੇਂ-ਸਮੇਂ 'ਤੇ ਜਾਗਰੂਕਤਾ ਗਤੀਵਿਧੀਆਂ ਅਤੇ ਕੈਂਪ ਲਗਾਏ ਜਾਂਦੇ ਹਨ। ਲੋਕਾਂ ਨੂੰ ਮੱਛਰਾਂ ਦੀ ਪੈਦਾਵਾਰ ਰੋਕਣ ਅਤੇ ਆਲੇ-ਦੁਆਲੇ ਦੀ ਸਫ਼ਾਈ ਰੱਖਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ। ਇਸ ਤਹਿਤ ਹਰ ਸ਼ੁੱਕਰਵਾਰ ਨੂੰ ਡਰਾਈ ਡੇਅ ਵੀ ਮਨਾਇਆ ਜਾਂਦਾ ਹੈ।

ਸ. ਸੁਖਵੀਰ ਸਿੰਘ ਨੇ ਕਿਹਾ ਕਿ ਪਿੰਡ ਪੱਧਰ 'ਤੇ ਅਜਿਹੇ ਸਿਹਤ ਕੇਂਦਰ ਲੋਕਾਂ ਨੂੰ ਸਮੇਂ ਸਿਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਅਤੇ ਬਿਮਾਰੀਆਂ ਦੀ ਮੁੱਢਲੇ ਪੜਾਅ 'ਤੇ ਪਛਾਣ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਸਿਹਤ ਸਹੂਲਤਾਂ ਦੀ ਉਪਲਬਧਤਾ ਨਾਲ ਲੋਕਾਂ ਨੂੰ ਸਮੇਂ ਅਤੇ ਪੈਸੇ ਦੀ ਬੱਚਤ ਹੋਵੇਗੀ ਅਤੇ ਪੇਂਡੂ ਖੇਤਰਾਂ ਵਿੱਚ ਮੁੱਢਲੀਆਂ ਸਿਹਤ ਸੇਵਾਵਾਂ ਦਾ ਦਾਇਰਾ ਹੋਰ ਵਿਸ਼ਾਲ ਹੋਵੇਗਾ।

ਇਸ ਮੌਕੇ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਹਰਜਿੰਦਰ ਸਿੰਘ ਕਾਂਝਲਾ, ਕੁਲਵਿੰਦਰ ਸਿੰਘ ਮੈਂਬਰ ਬਲਾਕ ਸੰਮਤੀ, ਗੁਰਚਰਨ ਸਿੰਘ ਕਾਲਾ ਬਲਾਕ ਪ੍ਰਧਾਨ, ਸਰਪੰਚ ਗੋਪਾਲ ਕ੍ਰਿਸਨ ਬੇਨੜਾ, ਮੰਨੂ ਸ਼ਰਮਾ ਸਮੇਤ ਸਿਹਤ ਵਿਭਾਗ ਦੇ ਅਧਿਕਾਰੀ, ਪਿੰਡ ਦੇ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਹਠੂਰ 'ਚ ਲੱਗਿਆ ਲੀਵਰ ਦੀ ਕਲਰ ਸਕੈਨਿੰਗ ਅਤੇ ਫਰੀ ਮੈਡੀਕਲ ਕੈਂਪ

ਸਰਪੰਚ ਨਿੱਪਾ ਹਠੂਰ ਨੇ ਡਾਕਟਰੀ ਟੀਮ ਅਤੇ ਸਹਿਯੋਗੀ ਐੱਨ ਆਰ ਆਈ ਵੀਰਾ ਦਾ ਕੀਤਾ ਧੰਨਵਾਦ







ਹਠੂਰ/ਜਗਰਾਉਂ (ਵਰਿਆਮ ਹਠੂਰ)-ਇਤਿਹਾਸਕ ਕਸਬਾ ਹਠੂਰ ਦੇ ਮੇਨ ਬੱਸ ਸਟੈਂਡ ਤੇ ਅਜਾਦ ਸਪੋਰਟਸ ਐਂਡ ਵੈੱਲਵੇਅਰ ਕਲੱਬ ਵੱਲੋਂ ਗ੍ਰਾਮ ਪੰਚਾਇਤ, ਐੱਨ ਆਰ ਆਈ ਵੀਰਾਂ, ਅਤੇ ਰੂਰਲ ਏਰੀਆ ਹੈੱਲਥ ਇੰਪਰੂਵੈਂਟ ਟਰੱਸਟ (ਰਜਿ:) ਦੇ ਸਹਿਯੋਗ ਸਦਕਾ ਲੀਵਰ ਦੀ ਕਲਰ ਸਕੈਨਿੰਗ ਅਤੇ ਫਰੀ ਮੈਡੀਕਲ ਕੈਂਪ ਲਗਾਇਆ ਗਿਆ, ਜਿਸ ਵਿੱਚ ਡਾਕਟਰ ਅਤੁਲ ਆਸ਼ੂਤੋਸ਼ ਭਿੰਡਰ, ਡਾਕਟਰ ਜਸਵਿੰਦਰ ਸਿੰਘ ਲੁਧਿਆਣਾ, ਡਾਕਟਰ ਨਿਰਮਲ ਸਿੰਘ ਉੱਪਲ ਨੇ ਮਰੀਜਾਂ ਦਾ ਚੈੱਕਅਪ ਕੀਤਾ, ਤੇ ਮਰੀਜਾਂ ਨੂੰ ਕੈਂਪ ਵਿੱਚ ਦਵਾਈਆਂ ਮੁਫਤ ਦਿੱਤੀਆਂ ਗਈਆਂ, ਤੇ ਅਨੇਕਾਂ ਮਰੀਜਾਂ ਨੇ ਇਸ ਕੈਂਪ ਦਾ ਲਾਹਾ ਲਿਆ, ਗੱਲਬਾਤ ਕਰਦਿਆਂ ਡਾਕਟਰ ਜਸਵਿੰਦਰ ਸਿੰਘ ਲੁਧਿਆਣਾ, ਡਾਕਟਰ ਨਿਰਮਲ ਸਿੰਘ ਉੱਪਲ, ਡਾਕਟਰ ਅਤੁਲ ਆਸ਼ੂਤੋਸ਼ ਭਿੰਡਰ, ਅਤੇ ਸਰਪੰਚ ਜਸ਼ਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਕਿਹਾ ਕਿ ਜੇ ਲੀਵਰ ਦੀ ਫਾਈਬਰੋ ਕਲਰ ਸਕੈਨਿੰਗ ਦੀ ਗੱਲ ਕਰੀਏ ਤਾਂ ਕਾਫੀ ਮਹਿੰਗੀ ਹੁੰਦੀ ਹੈ। ਪਰ ਇੱਥੇ ਕੈਂਪ ਵਿੱਚ ਬਹੁਤ ਹੀ ਘੱਟ ਫੀਸ ਜਾਣੀ 350 ਰੁਪਏ ਵਿੱਚ ਕੀਤੀ ਗਈ, ਤੇ ਕਰੀਬ 150 ਮਰੀਜਾਂ ਨੇ ਸਕੈਨਿੰਗ ਅਤੇ 80 ਮਰੀਜਾਂ ਨੇ ਹੋਰ ਜਾਂਚ ਕਰਵਾ ਕੇ ਦਵਾਈਆਂ ਲਈਆਂ ਤੇ ਕੁਲ ਮਿਲਾ ਕੇ 230 ਮਰੀਜਾਂ ਨੇ ਇਸ ਮੁਫਤ ਮੈਡੀਕਲ ਕੈਂਪ ਦਾ ਲਾਹਾ ਲਿਆ, ਕੈਂਪ ਵਿੱਚ ਹਠੂਰ ਥਾਣਾ ਮੁਖੀ ਗੁਰਸੇਵਕ ਸਿੰਘ ਵੀ ਪੁਲਿਸ ਪਾਰਟੀ ਸਮੇਤ ਕੈਂਪ ਵਿੱਚ ਪਹੁੰਚੇ ਜਿਨ੍ਹਾਂ ਨੇ ਕਲੱਬ, ਗ੍ਰਾਮ ਪੰਚਾਇਤ, ਅਤੇ ਐੱਨ ਆਰ ਆਈ ਵੀਰਾਂ ਦੇ ਕੈਂਪ ਲਈ ਪੁੱਟੇ ਕਦਮਾਂ ਦੀ ਸਲਾਘਾ ਕੀਤੀ, ਇਸ ਮੌਕੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਅਤੇ ਪ੍ਰਬੰਧਕਾਂ ਨੇ ਡਾਕਟਰੀ ਟੀਮ ਅਤੇ ਥਾਣਾ ਮੁਖੀ ਗੁਰਸੇਵਕ ਸਿੰਘ ਸਮੇਤ ਮੁਲਾਜਮਾਂ ਦਾ ਵੀ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ, ਇਸ ਮੌਕੇ ਨਗਰ ਦੇ ਲੋਕਾਂ ਨੇ ਵੀ ਕੈਂਪ ਲਗਾਉਣ ਲਈ ਗਰਾਮ ਪੰਚਾਇਤ, ਅਤੇ ਐੱਨ ਆਰ ਵੀਰਾਂ ਦਾ ਧੰਨਵਾਦ ਕੀਤਾ, ਸਰਪੰਚ ਨਿੱਪਾ ਹਠੂਰ ਨੇ ਕਿਹਾ ਕਿ ਇਸ ਕੈਂਪ ਲਈ ਜਿੱਥੇ ਅਮਰਜੀਤ ਸਿੰਘ ਬੈਲਜੀਅਮ, ਜੱਸਾ ਬੈਲਜੀਅਮ, ਰਮਨ ਕੈਨੇਡਾ, ਦੁੱਲਾ ਯੂ ਐੱਸ ਏ, ਪ੍ਰਿੰਸ ਕੈਨੇਡਾ ਦਾ ਵਿਸ਼ੇਸ਼ ਸਹਿਯੋਗ ਰਿਹਾ ਉੱਥੇ ਗ੍ਰਾਮ ਪੰਚਾਇਤ ਹਠੂਰ ਅਤੇ ਡਾਕਟਰੀ ਟੀਮ ਨੇ ਵੀ ਵਧੀਆ ਸੇਵਾਵਾਂ ਨਿਭਾ ਕੇ ਸਹਿਯੋਗ ਦਿੱਤਾ ਅੰਤ ਵਿੱਚ ਉਨ੍ਹਾਂ ਡਾਕਟਰੀ ਟੀਮ ਅਤੇ ਸਹਿਯੋਗੀ ਐੱਨ ਆਰ ਵੀਰਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਡਾਕਟਰ ਸਵਿੰਦਰਜੀਤ ਸਿੰਘ, ਹਾਕੀ ਕੋਚ ਪ੍ਰੀਤਮ ਸਿੰਘ, ਰਾਜਵੀਰ ਸਿੰਘ ਧਾਲੀਵਾਲ, ਟੋਨੀ ਧਾਲੀਵਾਲ, ਅਮਨਾ ਵਾਸੀ, ਪੰਚ ਮੁਖਤਿਆਰ ਸਿੰਘ, ਪੰਚ ਜਗਦੀਪ ਸਿੰਘ ਦੀਪਾ ਸਰਾਂ, ਪ੍ਰਧਾਨ ਕਮਲਜੀਤ ਸਿੰਘ, ਅਮਨਪ੍ਰੀਤ ਸਿੰਘ ਅੰਮੂ, ਕਮਲਪ੍ਰੀਤ ਸਿੰਘ, ਪੰਚ ਰਣਯੋਧ ਸਿੰਘ ਜੋਧਾ, ਸਮੇਤ ਹੋਰ ਨੌਜਵਾਨ ਸੇਵਾਦਾਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਪਰਾਲੀ ਪ੍ਰਬੰਧਨ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਖੇਤੀਬਾੜੀ ਵਿਭਾਗ ਵੱਲੋਂ ਕਣਕ ਦੀ ਸਿੱਧੀ ਬਿਜਾਈ ਸਬੰਧੀ ਪ੍ਰਦਰਸ਼ਨੀ ਪਲਾਟ ਲਗਾਏ ਗਏ

ਅੰਮ੍ਰਿਤਸਰ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)-ਮਾਣਯੋਗ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮੁੱਖ ਖੇਤੀਬਾੜੀ ਅਫ਼ਸਰ ਅੰਮ੍ਰਿਤਸਰ ਸ. ਅਮਰਜੀਤ ਸਿੰਘ ਦੁਸਾਂਝ ਦੀ ਅਗਵਾਈ ਹੇਠ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦਾ ਖੇਤਾਂ ਵਿੱਚ ਹੀ ਸੁਚੱਜਾ ਪ੍ਰਬੰਧਨ (ਇਨ-ਸੀਟੂ ਮੈਨੇਜਮੈਂਟ) ਕਰਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਇਸੇ ਮੁਹਿੰਮ ਤਹਿਤ ਖੇਤੀਬਾੜੀ ਵਿਭਾਗ ਵੱਲੋਂ ਜ਼ਿਲ੍ਹੇ ਅੰਦਰ ਕਣਕ ਦੀ ਸਿੱਧੀ ਬਿਜਾਈ ਸਬੰਧੀ ਕਿਸਾਨਾਂ ਦੇ ਖੇਤਾਂ ਵਿੱਚ ਪ੍ਰਦਰਸ਼ਨੀ ਪਲਾਟ ਲਗਾਏ ਜਾ ਰਹੇ ਹਨ। ਇਨ੍ਹਾਂ ਪਲਾਟਾਂ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਕੇ ਵਾਤਾਵਰਣ ਦੀ ਸੰਭਾਲ ਅਤੇ ਖੇਤੀ ਦੀ ਉਤਪਾਦਕਤਾ ਵਧਾਉਣ ਲਈ ਪ੍ਰੇਰਿਤ ਕਰਨਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ ਸ. ਅਮਰਜੀਤ ਸਿੰਘ ਦੁਸਾਂਝ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਵੱਲੋਂ ਸੀ.ਆਰ.ਐਮ. ਸਕੀਮ ਅਧੀਨ ਸੁਪਰ ਸੀਡਰ, ਹੈਪੀ ਸੀਡਰ ਆਦਿ ਮਸ਼ੀਨਾਂ ਕਿਸਾਨਾਂ ਨੂੰ ਸਬਸਿਡੀ 'ਤੇ ਮੁਹੱਈਆ ਕਰਵਾਈਆਂ ਗਈਆਂ ਹਨ, ਜੋ ਪਰਾਲੀ ਦੇ ਸੁਚੱਜੇ ਪ੍ਰਬੰਧਨ ਵਿੱਚ ਬਹੁਤ ਲਾਹੇਵੰਦ ਸਾਬਤ ਹੋ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸੁਪਰ ਸੀਡਰ ਦੀ ਵਰਤੋਂ ਨਾਲ ਝੋਨੇ ਦੀ ਪਰਾਲੀ ਵਾਲੇ ਖੇਤਾਂ ਵਿੱਚ ਬਿਨਾਂ ਪਰਾਲੀ ਸਾੜੇ ਕਣਕ ਦੀ ਸਿੱਧੀ ਬਿਜਾਈ ਕੀਤੀ ਜਾ ਸਕਦੀ ਹੈ। ਇਸ ਮਸ਼ੀਨ ਨਾਲ ਪਰਾਲੀ ਦੀ ਰਹਿੰਦ-ਖੂੰਹਦ ਖੇਤ ਵਿੱਚ ਹੀ ਮਿੱਟੀ ਵਿੱਚ ਮਿਲ ਜਾਂਦੀ ਹੈ, ਜੋ ਗਲਣ-ਸੜਨ ਉਪਰੰਤ ਮਿੱਟੀ ਵਿੱਚ ਜੈਵਿਕ ਮਾਦੇ ਅਤੇ ਪੌਸ਼ਟਿਕ ਤੱਤਾਂ ਦਾ ਵਾਧਾ ਕਰਨ ਵਿੱਚ ਸਹਾਇਕ ਹੁੰਦੀ ਹੈ। ਇਸ ਨਾਲ ਮਿੱਟੀ ਦੀ ਬਣਤਰ, ਨਮੀ ਸੰਭਾਲਣ ਦੀ ਸਮਰੱਥਾ ਅਤੇ ਉਪਜਾਊ ਸ਼ਕਤੀ ਵਿੱਚ ਵੀ ਸੁਧਾਰ ਹੁੰਦਾ ਹੈ। ਇਸ ਮੌਕੇ ਬਲਾਕ ਖੇਤੀਬਾੜੀ ਅਫ਼ਸਰ ਮਜੀਠਾ ਸ. ਹਰਭਿੰਦਰ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕਰਨ, ਕਿਉਂਕਿ ਇਸ ਨਾਲ ਵਾਤਾਵਰਣ ਵਿੱਚ ਹਾਨੀਕਾਰਕ ਗੈਸਾਂ ਅਤੇ ਧੂੰਆਂ ਫੈਲਦਾ ਹੈ। ਇਸ ਕਾਰਨ ਹਵਾ ਪ੍ਰਦੂਸ਼ਣ ਵਧਣ ਦੇ ਨਾਲ-ਨਾਲ ਮਨੁੱਖਾਂ ਅਤੇ ਪਸ਼ੂਆਂ ਦੀ ਸਿਹਤ 'ਤੇ ਵੀ ਮਾੜਾ ਅਸਰ ਪੈਂਦਾ ਹੈ। ਉਨ੍ਹਾਂ ਕਿਹਾ ਕਿ ਪਰਾਲੀ ਸਾੜਨ ਨਾਲ ਮਿੱਟੀ ਵਿੱਚ ਮੌਜੂਦ ਜ਼ਰੂਰੀ ਪੌਸ਼ਟਿਕ ਤੱਤਾਂ ਦੇ ਨਾਲ-ਨਾਲ ਲਾਹੇਵੰਦ ਸੂਖਮ ਜੀਵ ਵੀ ਨਸ਼ਟ ਹੋ ਜਾਂਦੇ ਹਨ, ਜਿਸ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਪ੍ਰਭਾਵਿਤ ਹੁੰਦੀ ਹੈ।

ਗੁਰਦੁਆਰਾ ਬੰਗਲਾ ਸਾਹਿਬ ਵਿਖੇ ਗੁਰੂ ਨਾਨਕ ਦੇਵ ਜੀ ਦੇ

ਪ੍ਰਕਾਸ਼ ਪੁਰਬ ਨੂੰ ਸਮਰਪਿਤ 15 ਰੋਜ਼ਾ ਪ੍ਰਦਰਸ਼ਨੀ ਸ਼ੁਰੂ



ਨਵੀਂ ਦਿੱਲੀ, 14 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲਾਨਾ ਪ੍ਰਦਰਸ਼ਨੀ ਗੁਰਦੁਆਰਾ ਬੰਗਲਾ ਸਾਹਿਬ ਕੰਪਲੈਕਸ ਵਿਖੇ ਸਰੋਵਰ ਦੇ ਕੰਢੇ ਸ਼ੁਰੂ ਕੀਤੀ ਗਈ, ਜੋ ਅਗਲੇ 15 ਦਿਨਾਂ ਤੱਕ ਸੰਗਤਾਂ ਦੇ ਦਰਸ਼ਨਾਂ ਲਈ ਖੁੱਲ੍ਹੀ ਰਹੇਗੀ। ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਪ੍ਰਦਰਸ਼ਨੀ ਵਿੱਚ ਗੁਰੂ ਨਾਨਕ ਦੇਵ ਜੀ ਦੇ ਜਨਮ ਤੋਂ ਲੈ ਕੇ ਉਨ੍ਹਾਂ ਦੀਆਂ ਉਦਾਸੀਆਂ, ਮਹਾਨ ਸਿੱਖਿਆਵਾਂ ਅਤੇ ਕਰਤਾਰਪੁਰ ਸਾਹਿਬ ਵਿਖੇ ਖੇਤੀਬਾੜੀ ਕਰਦਿਆਂ ਬਤੀਤ ਕੀਤੇ ਅੰਤਿਮ ਜੀਵਨ ਨੂੰ ਚਿੱਤਰਾਂ ਰਾਹੀਂ ਬਾਖੂਬੀ ਦਰਸਾਇਆ ਗਿਆ ਹੈ। ਇਸ ਦੇ ਨਾਲ ਹੀ ਗੁਰਮਤਿ ਸਾਹਿਤ ਦੀ ਪ੍ਰਦਰਸ਼ਨੀ ਵੀ ਲਗਾਈ ਗਈ ਹੈ, ਜੋ ਸੰਗਤਾਂ ਖ਼ਾਸ ਕਰਕੇ ਵਿਦਿਆਰਥੀਆਂ ਲਈ ਗਿਆਨ ਅਤੇ ਪ੍ਰੇਰਨਾ ਦਾ ਮਹੱਤਵਪੂਰਨ ਸਰੋਤ ਹੈ। ਉਨ੍ਹਾਂ ਦੱਸਿਆ ਕਿ ਇਸ ਵਾਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨਾਲ ਸਬੰਧਤ ਚਿੱਤਰਾਂ ਨੂੰ ਵੀ ਪ੍ਰਦਰਸ਼ਨੀ ਦਾ ਹਿੱਸਾ ਬਣਾਇਆ ਗਿਆ ਹੈ, ਤਾਂ ਜੋ ਸੰਗਤਾਂ ਗੁਰੂ ਸਾਹਿਬ ਦੀ ਲਾਸਾਨੀ ਕੁਰਬਾਨੀ ਅਤੇ ਸਿੱਖ ਇਤਿਹਾਸ ਤੋਂ ਜਾਣੂ ਹੋ ਸਕਣ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਸਮੇਤ ਪ੍ਰਦਰਸ਼ਨੀ ਦੇ ਦਰਸ਼ਨ ਕਰਨ ਅਤੇ ਗੁਰੂ ਸਾਹਿਬਾਨ ਦੇ ਜੀਵਨ ਤੇ ਫ਼ਲਸਫ਼ੇ ਤੋਂ ਸੇਧ ਪ੍ਰਾਪਤ ਕਰਨ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਨਵੀਂ ਪੀੜ੍ਹੀ ਨੂੰ ਆਪਣੇ ਅਮੀਰ ਸਿੱਖ ਇਤਿਹਾਸ, ਗੁਰਮਤਿ ਸਿਧਾਂਤਾਂ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਪ੍ਰਦਰਸ਼ਨੀ ਦੀ ਸ਼ੁਰੂਆਤ ਤੋਂ ਪਹਿਲਾਂ ਗੁਰਦੁਆਰਾ ਬੰਗਲਾ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਨੇ ਅਰਦਾਸ ਕੀਤੀ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਕਾਨੂੰਨੀ ਪ੍ਰਕਿਰਿਆ ਪੂਰੀ ਕਰਨ ਲਈ ਸਮਾਂ ਨਾ ਮਿਲਣ ਕਾਰਨ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਅੱਜ ਪੰਜਾਬ ਨਹੀਂ ਲਿਆਂਦਾ ਜਾ ਸਕਿਆ, ਪੈਰੋਲ ਦੀ ਮਿਆਦ ਵਧਾਉਣ ਲਈ ਸੋਮਵਾਰ ਨੂੰ ਅਦਾਲਤ ਵਿੱਚ ਅਰਜ਼ੀ ਦਾਇਰ ਕੀਤੀ ਜਾਵੇਗੀ

ਅਕਾਲੀ ਦਲ ਵਾਰਿਸ ਪੰਜਾਬ ਦੇ ਲੀਗਲ ਟੀਮ ਵੱਲੋਂ ਪੈਰੋਲ ਸਬੰਧੀ ਅਮੈਂਡਮੈਂਟ ਲਈ ਕੀਤੀਆਂ ਗਈਆਂ ਸਾਰੀਆਂ ਕੋਸ਼ਿਸ਼ਾਂ ਰਹੀਆਂ ਬੇਸਿੱਟਾ

ਅੰਮ੍ਰਿਤਸਰ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)-ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੀ ਦਾਦੀ ਮਾਤਾ ਚਰਨ ਕੌਰ ਜੀ ਦੇ ਅਕਾਲ ਚਲਾਣੇ ਉਪਰੰਤ ਉਨ੍ਹਾਂ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੀ ਪੈਰੋਲ ਸਬੰਧੀ ਅਰਜ਼ੀ ਮਿਤੀ 11 ਨਵੰਬਰ ਨੂੰ ਦਾਇਰ ਕੀਤੀ ਗਈ ਸੀ। ਇਸ ਸਬੰਧੀ ਮਾਣਯੋਗ ਅਦਾਲਤ ਵੱਲੋਂ 13 ਨਵੰਬਰ ਨੂੰ ਹੁਕਮ ਜਾਰੀ ਕਰਦਿਆਂ 14 ਨਵੰਬਰ ਨੂੰ ਉਨ੍ਹਾਂ ਨੂੰ ਪੰਜਾਬ ਲਿਆਉਣ ਸਬੰਧੀ ਇਜਾਜ਼ਤ ਦਿੱਤੀ ਗਈ ਸੀ। ਇਸ ਦੇ ਨਾਲ ਹੀ ਉਨ੍ਹਾਂ ਦੇ ਚਾਚਾ ਜੀ ਹਰਜੀਤ ਸਿੰਘ ਜੀ ਅਤੇ ਮਾਤਾ ਚਰਨ ਕੌਰ ਜੀ ਦੇ ਦੋਹਤੇ ਸਖਮਨਪ੍ਰੀਤ ਸਿੰਘ ਜੀ ਨੂੰ ਵੀ ਨਾਲ ਲਿਆਉਣ ਦੀ ਵਿਵਸਥਾ ਸਬੰਧੀ ਹੁਕਮ ਸਨ। ਪਰ 13 ਨਵੰਬਰ ਨੂੰ ਹੁਕਮ ਜਾਰੀ ਹੋਣ ਤੋਂ ਬਾਅਦ 14 ਨਵੰਬਰ ਦੀ ਤਾਰੀਖ ਤੱਕ ਬਹੁਤ ਥੋੜ੍ਹਾ ਸਮਾਂ ਬਚਿਆ ਹੋਣ ਅਤੇ ਲੋੜੀਂਦੀ ਕਾਨੂੰਨੀ ਤੇ ਪ੍ਰਸ਼ਾਸਨਿਕ ਪ੍ਰਕਿਰਿਆ ਪੂਰੀ ਨਾ ਹੋ ਸਕਣ ਕਾਰਨ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਅੱਜ ਪੰਜਾਬ ਨਹੀਂ ਲਿਆਂਦਾ ਜਾ ਸਕਿਆ। ਇਸ ਮਾਮਲੇ ਵਿੱਚ ਪੈਰੋਲ ਦੀ ਤਾਰੀਖ ਵਿੱਚ ਸੋਧ ਕਰਵਾਉਣ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਲੀਗਲ ਟੀਮ ਜਿੰਨਾ ਵਿੱਚ ਐਡਵੋਕੇਟ ਸ੍ਰ ਹਰਜੋਤ ਸਿੰਘ ਮਾਨ, ਐਡਵੋਕੇਟ ਸ੍ਰ ਕਰਮਵੀਰ ਸਿੰਘ, ਐਡਵੋਕੇਟ ਸ੍ਰੀ ਗੀਤੂ ਰਾਜ ਅਤੇ ਐਡਵੋਕੇਟ ਸ੍ਰ ਕੁਲਜੀਤ ਸਿੰਘ ਜੀ ਵੱਲੋਂ ਸਬੰਧਤ ਡਿਊਟੀ ਮੈਜਿਸਟਰੇਟ ਸਾਹਿਬ ਨੂੰ ਅਮੈਂਡਮੈਂਟ ਲੈਟਰ/ਅਰਜ਼ੀ ਦੇਣ ਲਈ ਉਨ੍ਹਾਂ ਦੀ ਰਿਹਾਇਸ਼ 'ਤੇ ਪਹੁੰਚ ਕੀਤੀ ਗਈ, ਪਰ ਉੱਥੇ ਅਰਜ਼ੀ ਸਵੀਕਾਰ ਨਹੀਂ ਕੀਤੀ ਗਈ। ਇਸ ਤੋਂ ਬਾਅਦ ਲੀਗਲ ਟੀਮ ਵੱਲੋਂ ਦੂਸਰੇ ਮਾਣਯੋਗ ਡਿਊਟੀ ਮੈਜਿਸਟ੍ਰੇਟ ਸਾਹਿਬ ਨੂੰ ਅਰਜ਼ੀ ਪੇਸ਼ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਉੱਥੇ ਵੀ ਅੱਜ ਇਸ ਮਾਮਲੇ ਨੂੰ ਸੁਣਵਾਈ ਲਈ ਐਂਟਰਟੇਨ ਨਹੀਂ ਕੀਤਾ ਜਾ ਸਕਿਆ। ਇਸ ਤੋਂ ਬਾਅਦ ਲੀਗਲ ਟੀਮ ਵੱਲੋਂ ਮਾਣਯੋਗ ਸੈਸ਼ਨ ਜੱਜ ਸਾਹਿਬ ਦੀ ਰਿਹਾਇਸ਼ 'ਤੇ ਵੀ ਪਹੁੰਚ ਕੀਤੀ ਗਈ, ਪਰ ਜੱਜ ਸਾਹਿਬ ਦੇ ਉਪਲਬਧ ਨਾ ਹੋਣ ਕਾਰਨ ਅੱਜ ਇਸ ਮਾਮਲੇ ਵਿੱਚ ਕੋਈ ਅਗਲੀ ਕਾਨੂੰਨੀ ਕਾਰਵਾਈ ਸੰਭਵ ਨਹੀਂ ਹੋ ਸਕੀ। ਹੁਣ ਬਚਾਅ ਪੱਖ ਦੇ ਵਕੀਲਾਂ ਦੀ ਲੀਗਲ ਟੀਮ ਵੱਲੋਂ ਸੋਮਵਾਰ ਨੂੰ ਅਦਾਲਤਾਂ ਦੇ ਕੰਮਕਾਜ ਵਾਲੇ ਦਿਨ ਮਾਣਯੋਗ ਅਦਾਲਤ ਵਿੱਚ ਨਵੀਂ ਅਰਜ਼ੀ ਦਾਇਰ ਕਰਕੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਆਪਣੀ ਦਾਦੀ ਮਾਤਾ ਚਰਨ ਕੌਰ ਜੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਲਈ ਪੈਰੋਲ ਦੀਆਂ ਅਗਲੀਆਂ ਤਰੀਕਾਂ ਦੇਣ ਦੀ ਮੰਗ ਕੀਤੀ ਜਾਵੇਗੀ। ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਪਸ਼ਟ ਕੀਤਾ ਗਿਆ ਹੈ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨੂੰ ਆਪਣੀ ਦਾਦੀ ਜੀ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਦਾ ਹੱਕ ਮਿਲਣਾ ਚਾਹੀਦਾ ਹੈ ਅਤੇ ਇਸ ਸਬੰਧੀ ਲੋੜੀਂਦੀ ਹਰ ਕਾਨੂੰਨੀ ਚਾਰਾਜੋਈ ਪੂਰੀ ਤਨਦੇਹੀ ਨਾਲ ਜਾਰੀ ਰੱਖੀ ਜਾਵੇਗੀ।



ਆਵਾਜ਼ਿ ਕੌਮ AWAZE QAUM International Newspaper & WEB TV

ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਵਿਦਿਅਕ ਸੰਸਥਾਵਾਂ, ਚੁੰਗ ਵਿਖੇ ਸ਼ਾਨਦਾਰ ਸਾਇੰਸ ਮੇਲਾ ਕਰਵਾਇਆ ਗਿਆ



ਚੌਕ ਮਹਿਤਾ 14 ਨਵੰਬਰ:(ਬਾਬਾ ਸੁਖਵੰਤ ਸਿੰਘ ਚੰਨਣਕੇ)-ਅੱਜ ਬਾਲ ਦਿਵਸ ਮੌਕੇ 'ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਵਿਦਿਅਕ ਸੰਸਥਾਵਾਂ, ਚੁੰਗ' ਵਿਖੇ ਵਿਦਿਆਰਥੀਆਂ ਅੰਦਰ ਵਿਗਿਆਨਕ ਸੋਚ ਪੈਦਾ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ਾਲ ਸਾਇੰਸ ਮੇਲੇ ਦਾ ਆਯੋਜਨ ਕੀਤਾ ਗਿਆ। ਇਸ ਮੇਲੇ ਵਿੱਚ ਸਕੂਲ ਦੀਆਂ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਸਾਇੰਸ ਮੇਲੇ ਦੌਰਾਨ ਵਿਦਿਆਰਥੀਆਂ ਵੱਲੋਂ ਵਿਗਿਆਨ ਅਤੇ ਤਕਨਾਲੋਜੀ ਨਾਲ ਸੰਬੰਧਿਤ ਬਹੁਤ ਹੀ ਜਾਣਕਾਰੀ ਭਰਪੂਰ ਵਰਕਿੰਗ ਅਤੇ ਨਾਨ-ਵਰਕਿੰਗ ਮਾਡਲ ਬਣਾ ਕੇ ਪ੍ਰਦਰਸ਼ਿਤ ਕੀਤੇ ਗਏ। ਬੱਚਿਆਂ ਨੇ ਆਪਣੇ ਪ੍ਰੋਜੈਕਟਾਂ ਰਾਹੀਂ ਵਾਤਾਵਰਣ ਸੰਭਾਲ, ਸੂਰਜੀ ਊਰਜਾ, ਪੁਲਾੜ ਵਿਗਿਆਨ, ਪ੍ਰਦੂਸ਼ਣ ਦੀ ਸਮੱਸਿਆ ਅਤੇ ਆਧੁਨਿਕ ਤਕਨੀਕਾਂ ਵਰਗੇ ਅਹਿਮ ਵਿਸ਼ਿਆਂ ਬਾਰੇ ਬਹੁਤ ਹੀ ਖੂਬਸੂਰਤ ਢੰਗ ਨਾਲ ਜਾਣਕਾਰੀ ਦਿੱਤੀ। ਮਾਡਲਾਂ ਨੂੰ ਦੇਖਣ ਵਾਲੇ ਹਰ ਵਿਅਕਤੀ ਨੇ ਬੱਚਿਆਂ ਦੀ ਸੋਚ ਅਤੇ ਉਨ੍ਹਾਂ ਦੀ ਕਾਰਜਕੁਸ਼ਲਤਾ ਦੀ ਜੰਮ ਕੇ ਤਾਰੀਫ਼ ਕੀਤੀ। ਇਸ ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਦੇ ਮਾਤਾ ਪਿਤਾ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਚੇਅਰਮੈਨ ਰਘਬੀਰ ਸਿੰਘ ਸੋਹਲ, ਡਾ. ਰਣਜੀਤ ਸਿੰਘ ਅਠਵਾਲ, ਐਡਵੋਕੇਟ ਅਮਨਦੀਪ ਸਿੰਘ ਉਦੋਕੇ ਵਾਈਸ ਪ੍ਰੈਜ਼ੀਡੈਂਟ ਲੀਗਲ ਵਿੰਗ, ਬਿਕਰਮ ਸਿੰਘ ਖੱਬੇ ਰਾਜਪੂਤਾਂ, ਗੁਰਬੀਰ ਕੌਰ ਰੰਧਾਵਾ (ਪ੍ਰਿੰਸੀਪਲ ਦਸਮੇਸ਼ ਵਿੱਦਿਅਕ ਸੰਸਥਾਵਾਂ) ਅਤੇ ਹੋਰ ਬਾਹਰੋਂ ਆਈਆਂ ਸ਼ਖਸ਼ੀਅਤਾਂ ਨੇ ਸਾਇੰਸ ਮੇਲੇ ਦਾ ਨਿਰੀਖਣ ਕਰਦਿਆਂ ਵਿਦਿਆਰਥੀਆਂ ਦੀ ਮਿਹਨਤ ਅਤੇ ਸਾਇੰਸ ਅਧਿਆਪਕਾਂ ਦੀ ਯੋਗ ਅਗਵਾਈ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਬੱਚਿਆਂ ਦੇ ਬਹੁ-ਪੱਖੀ ਵਿਕਾਸ ਅਤੇ ਉਨ੍ਹਾਂ ਵਿੱਚ ਵਿਗਿਆਨਕ ਨਜ਼ਰੀਆ ਵਿਕਸਿਤ ਕਰਨ ਲਈ ਬਹੁਤ ਜ਼ਰੂਰੀ ਹਨ। ਮਾਪਿਆਂ ਅਤੇ ਪਤਵੰਤੇ ਸੱਜਣਾਂ ਨੇ ਵੀ ਵਿਦਿਆਰਥੀਆਂ ਦੁਆਰਾ ਬਣਾਏ ਗਏ ਪ੍ਰੋਜੈਕਟਾਂ ਨੂੰ ਬਹੁਤ ਪਸੰਦ ਕੀਤਾ ਅਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕਰਦਿਆਂ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਇਸ ਮੌਕੇ ਡਾਇਰੈਕਟਰ ਪ੍ਰਿੰਸੀਪਲ ਜਸਪ੍ਰੀਤ ਕੌਰ ਸੋਹਲ, ਪ੍ਰਿੰਸੀਪਲ ਮੰਤੇਸ਼ ਕੁਮਾਰ, ਪ੍ਰਿੰਸੀਪਲ ਮਨਪ੍ਰੀਤ ਕੌਰ ਛੀਨਾ ਅਤੇ ਹੋਰ ਸਟਾਫ਼ ਮੈਂਬਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਵਿਸ਼ਵ ਡਾਇਬਟੀਜ਼ ਦਿਵਸ ਮਨਾਇਆ

ਡਾਕਟਰ ਅਮਨਦੀਪ ਸਿੰਘ ਸੇਠੀ ਵੱਲੋਂ ਲਗਾਇਆ ਜਾਗਰੂਕਤਾ ਕੈਂਪ





ਤਲਵੰਡੀ ਸਾਬੋ, 14 ਨਵੰਬਰ (ਗੁਰਜੰਟ ਸਿੰਘ ਨਥੇਹਾ)-ਮਾਨਯੋਗ ਸਿਵਲ ਸਰਜਨ ਡਾਕਟਰ ਤਪਿੰਦਰ ਜੋਤ ਕੌਸ਼ਲ ਦੀ ਰਹਿਨੁਮਾਈ ਹੇਠ ਅਤੇ ਸੀਨੀਅਰ ਮੈਡੀਕਲ ਅਫਸਰ ਐਸ.ਡੀ.ਐੱਚ. ਤਲਵੰਡੀ ਸਾਬੋ ਡਾਕਟਰ ਰਵੀ ਕਾਂਤ ਗੁਪਤਾ ਦੀ ਅਗਵਾਈ ਹੇਠ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਵਿਸ਼ਵ ਡਾਇਬਟੀਜ਼ ਦਿਵਸ ਮਨਾਇਆ ਗਿਆ। ਇਸ ਮੌਕੇ ਡਾਕਟਰ ਅਮਨਪ੍ਰੀਤ ਸਿੰਘ ਸੇਠੀ ਵੱਲੋਂ ਹਸਪਤਾਲ ਵਿਖੇ ਵਿਸ਼ੇਸ਼ ਸਿਹਤ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਮਰੀਜ਼ਾਂ ਦੀ ਸ਼ੂਗਰ ਦੀ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਬਿਮਾਰੀ ਤੋਂ ਬਚਾਅ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਡਾਇਬਟੀਜ਼ ਇੱਕ ਅਜਿਹੀ ਬਿਮਾਰੀ ਹੈ, ਜਿਸ ਪ੍ਰਤੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨੀ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਮੇਂ ਸਿਰ ਸ਼ੂਗਰ ਦੀ ਜਾਂਚ ਕਰਵਾਉਣ, ਸੰਤੁਲਿਤ ਖੁਰਾਕ ਲੈਣ, ਰੋਜ਼ਾਨਾ ਸਰੀਰਕ ਗਤੀਵਿਧੀਆਂ ਕਰਨ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਨਾਲ ਇਸ ਬਿਮਾਰੀ ਨੂੰ ਕਾਫ਼ੀ ਹੱਦ ਤੱਕ ਕੰਟਰੋਲ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਨੂੰ ਸ਼ੂਗਰ ਦੀ ਬਿਮਾਰੀ ਹੈ, ਉਨ੍ਹਾਂ ਨੂੰ ਡਾਕਟਰ ਦੀ ਸਲਾਹ ਅਨੁਸਾਰ ਨਿਯਮਿਤ ਦਵਾਈ ਲੈਣ ਅਤੇ ਸਮੇਂ-ਸਮੇਂ 'ਤੇ ਆਪਣੀ ਸ਼ੂਗਰ ਦੀ ਜਾਂਚ ਕਰਵਾਉਣੀ ਚਾਹੀਦੀ ਹੈ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਡਾਇਬਟੀਜ਼ ਦੇ ਲੱਛਣਾਂ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ ਅਤੇ ਬਿਮਾਰੀ ਦੀ ਸਮੇਂ ਸਿਰ ਪਛਾਣ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਵੱਖ-ਵੱਖ ਸਿਹਤ ਬਿਮਾਰੀਆਂ ਪ੍ਰਤੀ ਜਾਗਰੂਕ ਕਰਨ ਲਈ ਅਜਿਹੇ ਕੈਂਪ ਅਤੇ ਜਾਗਰੂਕਤਾ ਗਤੀਵਿਧੀਆਂ ਲਗਾਤਾਰ ਜਾਰੀ ਰੱਖੀਆਂ ਜਾ ਰਹੀਆਂ ਹਨ। ਇਸ ਮੌਕੇ ਹਸਪਤਾਲ ਦੇ ਮੈਡੀਕਲ ਅਤੇ ਪੈਰਾ ਮੈਡੀਕਲ ਸਟਾਫ਼ ਵੱਲੋਂ ਵੀ ਆਪਣੀਆਂ ਸੇਵਾਵਾਂ ਨਿਭਾਈਆਂ ਗਈਆਂ।



ਆਵਾਜ਼ਿ ਕੌਮ AWAZE QAUM International Newspaper & WEB TV

ਸਰਕਾਰੀ ਸਕੂਲਾਂ ਦੇ ਦੋ ਰੋਜ਼ਾ ਜ਼ਿਲ੍ਹਾ ਪੱਧਰੀ

ਸਾਇੰਸ ਪ੍ਰਦਰਸ਼ਨੀ ਪ੍ਰਤੀਯੋਗਿਤਾ ਮੁਕਾਬਲੇ ਖਾਲਸਾ ਯੂਨੀਵਰਸਿਟੀ 'ਚ ਆਰੰਭ



ਚੌਕ ਮਹਿਤਾ, 14 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਐੱਸਸੀਈਆਰਟੀ ਵੱਲੋਂ ਰਾਸ਼ਟਰੀ ਆਵਿਸ਼ਕਾਰ ਅਭਿਆਨ ਤਹਿਤ ਖਾਲਸਾ ਯੂਨੀਵਰਸਿਟੀ (ਪੁਰਾਣਾ ਨਾਂ ਖਾਲਸਾ ਕਾਲਜ, ਲੜਕੀਆਂ) ਅੰਮ੍ਰਿਤਸਰ ਦੇ ਸਹਿਯੋਗ ਨਾਲ ਸਰਕਾਰੀ ਸਕੂਲਾਂ ਦੇ ਜ਼ਿਲ੍ਹਾ ਪੱਧਰੀ ਸਾਇੰਸ ਪ੍ਰਦਰਸ਼ਨੀ ਮੁਕਾਬਲੇ ਖਾਲਸਾ ਯੂਨੀਵਰਸਿਟੀ ਵਿੱਚ ਕਰਵਾਏ ਗਏ। ਜ਼ਿਲ੍ਹਾ ਸਿੱਖਿਆ ਅਫ਼ਸਰ (ਸਸ) ਅੰਮ੍ਰਿਤਸਰ ਸ. ਹਰਜਿੰਦਰ ਸਿੰਘ ਅਤੇ ਹੈੱਡਮਾਸਟਰ ਕਮ ਜ਼ਿਲ੍ਹਾ ਨੋਡਲ ਅਫ਼ਸਰ ਰਾਸ਼ਟਰੀ ਆਵਿਸ਼ਕਾਰ ਅਭਿਆਨ ਸ. ਨਰਿੰਦਰ ਸਿੰਘ ਦੀ ਨਿਗਰਾਨੀ ਹੇਠ ਪ੍ਰੋਗਰਾਮ ਦਾ ਆਗਾਜ਼ ਕੀਤਾ ਗਿਆ। ਇਸ ਪ੍ਰੋਗਰਾਮ ਦੇ ਮੀਡੀਆ ਕੋਆਰਡੀਨੇਟਰ ਨਰਿੰਦਰ ਰਾਏ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੋਗਰਾਮ ਦੇ ਉੱਚ ਪ੍ਰਬੰਧਕੀ ਮੰਡਲ ਵਿੱਚ ਜ਼ਿਲ੍ਹਾ ਨੋਡਲ ਅਫਸਰ ਅਤੇ ਹੈੱਡਮਾਸਟਰ ਘਰਿੰਡਾ ਸ. ਨਰਿੰਦਰ ਸਿੰਘ, ਪ੍ਰਿੰਸੀਪਲ ਝੀਤੇ ਕਲਾਂ ਸ਼੍ਰੀਮਤੀ ਮੋਨਿਕਾ ਮੈਨੀ, ਹੈੱਡ ਮਾਸਟਰ ਮਿਹਰਬਾਨ ਪੁਰਾ ਸ. ਮਨਜਿੰਦਰ ਸਿੰਘ, ਹੈੱਡਮਾਸਟਰ ਪੁਤਲੀਘਰ ਸ੍ਰੀ ਵਿਨੋਦ ਕਾਲੀਆ, ਡੀਆਰਸੀ ਓਠੀਆਂ ਡਾ ਰਾਜਨ ਸ਼ਾਮਲ ਹਨ। ਪ੍ਰਿੰਸੀਪਲ ਮੇਹਰਬਾਨ ਪੁਰਾ ਸ. ਮਨਜਿੰਦਰ ਸਿੰਘ ਵੱਲੋਂ ਬਾਖੂਬੀ ਮੰਚ ਸੰਚਾਲਨ ਕਰਦਿਆਂ ਜੱਜਮੈਂਟ ਪੈਨਲ ਲੈਕਚਰਾਰ ਪਵਨਦੀਪ ਕੌਰ, ਨੀਰੂ, ਕਮਾਇਨੀ, ਦਿਨੇਸ਼ ਕੁਮਾਰ, ਕਵਲਜੀਤ ਕੌਰ, ਵਿਜੇ ਕੁਮਾਰੀ, ਮੋਨਿਕਾ ਸੂਦ, ਮੰਜੂਲਾ ਵਰਮਾ, ਮਨਕਿਰਨ ਕੌਰ, ਗਗਨਦੀਪ ਗਿੱਲ, ਰਾਜਵਿੰਦਰ ਕੌਰ, ਸੰਦੀਪ ਸ਼ਰਮਾਂ ਆਦਿ ਦਾ ਸ਼ੁਕਰੀਆ ਅਦਾ ਕੀਤਾ। ਇਨ੍ਹਾਂ ਮੁਕਾਬਲਿਆਂ 'ਚ ਵਿਦਿਆਰਥੀਆਂ ਵੱਲੋਂ ਵੱਧ-ਚੜ੍ਹ ਕੇ ਹਿੱਸਾ ਲਿਆ ਗਿਆ। ਨੋਡਲ ਅਫਸਰ ਨਰਿੰਦਰ ਸਿੰਘ ਵੱਲੋਂ ਆਪਣੇ ਨਾਲ ਸਾਥ ਦੇਣ ਵਾਲੇ ਅਧਿਆਪਕਾਂ ਰਜਿਸਟ੍ਰੇਸ਼ਨ ਕਮੇਟੀ ਦੇ ਸਾਰੇ ਬਲਾਕ ਰਿਸੋਰਸ ਕੋਆਰਡੀਨੇਟਜ਼ ਦੀਪਕ ਕੁਮਾਰ, ਵਿਕਰਮਜੀਤ, ਬਲਰਾਮ ਕੁਮਾਰ ਚੋਪੜਾ, ਅਜੈ ਪਾਲ ਸਿੰਘ, ਰਾਜਪ੍ਰੀਤ ਸਿੰਘ ਅਤੇ ਰਿਕਾਰਡ ਕਮ ਰਿਫਰੈਸ਼ਮੈਂਟ ਕਮੇਟੀ ਮਨਦੀਪ ਕੌਰ, ਸੋਨੀਆ ਸੇਠੀ, ਹਰਵੀਨ ਕੌਰ, ਸਟੀਫ਼ਨ ਗਿੱਲ, ਕੋਆਰਡੀਨੇਟਰ ਲੈਕਚਰਾਰ ਨਰਿੰਦਰ ਰਾਏ ਅਤੇ ਸਰਟੀਫਿਕੇਟ ਤਿਆਰ ਕਰਤਾ ਟੀਮ ਦੇ ਮੈਂਬਰ ਲੈਕਚਰਾਰ ਹਰਜੀਤ ਕੌਰ, ਪ੍ਰਭਜੋਤ ਕੌਰ, ਗਗਨਦੀਪ ਕੌਰ, ਹਰਬਲਜੀਤ ਕੌਰ, ਅਮਰਪ੍ਰੀਤ ਕੌਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਹੈੱਡਮਾਸਟਰ ਸ਼੍ਰੀ ਵਿਨੋਦ ਕਾਲੀਆ ਨੇ ਇਸ ਮੌਕੇ ਖਾਲਸਾ ਯੂਨੀਵਰਸਿਟੀ ਦੇ ਸਮੂਹ ਸਟਾਫ਼ ਵੱਲੋਂ ਕੀਤੇ ਪੂਰਨ ਸਹਿਯੋਗ ਲਈ ਧੰਨਵਾਦ ਕਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਕਾਰੀ ਸਕੂਲਾਂ ਦੀਆਂ 90 ਤੋਂ ਵੱਧ ਬਲਾਕ ਜੇਤੂ ਟੀਮਾਂ ਨੇ ਲਿਆ ਹਿੱਸਾ

ਇਸ ਸ਼ੁੱਭ ਮੌਕੇ ਖਾਲਸਾ ਯੂਨੀਵਰਸਿਟੀ ਦੀਆਂ ਵਿਦਿਆਰਥਣਾਂ ਵੱਲੋਂ ਧਾਰਮਿਕ ਸ਼ਬਦ ਨਾਲ ਇਨਾਮ ਵੰਡ ਸਮਾਰੋਹ ਦੀ ਸ਼ੁਰੂਆਤ ਕੀਤੀ। ਮੰਚ ਸੰਚਾਲਕ ਮਨਜਿੰਦਰ ਸਿੰਘ ਵੱਲੋਂ ਇਨਾਮ ਵੰਡ ਲਈ ਖਾਲਸਾ ਯੂਨੀਵਰਸਿਟੀ ਦੇ ਡੀਨ ਅਕੈਡਮਿਕ ਫੈਕਲਫੇਅਰ ਡਾ ਸੁਰਿੰਦਰ ਕੌਰ, ਹੈੱਡ ਆਫ ਦੀ ਡਿਪਾਰਟਮੈਂਟ "ਫੈਸ਼ਨ ਟੈਕਨਾਲੋਜੀ" ਡਾ ਸ਼ੈਰਿਨਾ ਮਹਾਜਨ, ਡਾ ਰਿੱਚਾ ਕਪੂਰ ਅਤੇ ਆਪਣੀ ਪੂਰੀ ਪ੍ਰਬੰਧਕੀ ਟੀਮ ਅਤੇ ਸਮੂਹ ਜੱਜਮੈਂਟ ਪੈਨਲ ਨੂੰ ਮੰਚ ਉੱਪਰ ਸੱਦਾ ਦਿੱਤਾ। ਇਸ ਮੌਕੇ ਡੀਨ ਡਾ ਸੁਰਿੰਦਰ ਕੌਰ ਵੱਲੋਂ ਸਮੂਹ ਹਾਜ਼ਰੀਨ ਨੂੰ "ਖਾਲਸਾ ਯੂਨੀਵਰਸਿਟੀ" ਵਿੱਚ ਆਉਣ ਤੇ ਜੀ ਆਇਆਂ ਕਿਹਾ ਗਿਆ। ਇਸ ਪ੍ਰਤੀਯੋਗਿਤਾ ਵਿੱਚ ਕੁੱਲ 13 ਬਲਾਕਾਂ ਦੀਆਂ 90 ਦੇ ਕਰੀਬ ਬਲਾਕ ਤੋਂ ਜੇਤੂ ਟੀਮਾਂ ਵੱਲੋਂ ਭਾਗ ਲਿਆ ਗਿਆ। ਨਤੀਜਾ ਇਸ ਪ੍ਰਕਾਰ ਰਿਹਾ:- ਥੀਮ-1 ਪਹਿਲਾ ਸਥਾਨ ਸਸਸਸ ਖਲਚੀਆਂ, ਦੂਸਰਾ ਸਥਾਨ ਸਸਸਸ ਬੱਲ ਕਲਾਂ, ਸਸਸਸ ਰਾਜਾਸਾਂਸੀ, ਥੀਮ-2 ਸਹਸ ਮਕਬੂਲ ਪੁਰਾ, ਦੂਸਰਾ ਸਥਾਨ ਸਸਸਸ ਭਗਤਾਂ ਵਾਲਾ, ਤੀਸਰਾ ਸਥਾਨ ਸਮਿਸ ਇਸਲਾਮਾਬਾਦ, ਥੀਮ-3 ਪਹਿਲਾ ਸਥਾਨ ਸਸਸਸ ਕੋਟ ਖਾਲਸਾ, ਦੂਸਰਾ ਸਥਾਨ ਸਮਿਸ ਮਾਂਗਾ ਸਰਾਏ, ਤੀਸਰਾ ਸਥਾਨ ਸਸਸਸ ਸਠਿਆਲਾ, ਥੀਮ-4 ਪਹਿਲਾ ਸਥਾਨ ਸਹਸ ਕਾਲਾ, ਦੂਸਰਾ ਸਥਾਨ ਸਹਸ ਛੱਜਲਵੱਡੀ, ਤੀਸਰਾ ਸਥਾਨ ਸਸਸਸ ਅਜਨਾਲਾ, ਥੀਮ-5 ਪਹਿਲਾ ਸਥਾਨ ਸਸਸਸ ਘੁੰਨੂਪੁਰ, ਦੂਸਰਾ ਸਥਾਨ ਸਹਸ ਪੰਡੋਰੀ ਕਲਾਂ, ਤੀਸਰਾ ਸਥਾਨ ਸਹਸ ਦਬੁਰਜੀ, ਥੀਮ-6 ਪਹਿਲਾ ਸਥਾਨ ਸਮਿਸ ਮਾਂਗਾ ਸਰਾਏ, ਦੂਸਰਾ ਸਥਾਨ ਸਮਿਸ ਕ੍ਰਿਸ਼ਨਾ ਨਗਰ, ਤੀਸਰਾ ਸਥਾਨ ਸਸਸਸ ਜਸਤਰਵਾਲ ਦੇ ਵਿਦਿਆਰਥੀਆਂ ਦੀਆਂ ਟੀਮਾਂ ਵੱਲੋਂ ਪ੍ਰਾਪਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬਾਲ ਦਿਵਸ ਤੇ ਕਰਵਾਏ ਸਮਾਗਮਾਂ ਦੌਰਾਨ ਸਕੂਲੀ ਅਧਿਆਪਕਾਂ ਤੇ ਬੱਚਿਆਂ ਨੂੰ ਕੀਤਾ ਸਨਮਾਨਿਤ

☛ ਲੰਬੇ ਅਰਸੇ ਤੋਂ ਭਾਰਤ ਵਿਕਾਸ ਪ੍ਰੀਸ਼ਦ ਲੋਕ ਹਿੱਤ ਵਿਚ ਕਰ ਰਿਹੈ ਕਾਰਜ—ਨਰੇਸ਼ ਕੁਮਾਰ ☛ ਪਰਮਵੀਰ ਸ਼ਰਮਾ ਬੈਸਟ ਅਧਿਆਪਕ ਤੇ ਰਾਗਿਨੀ ਧਵਨ ਬੈਸਟ ਸਟੂਡੈਂਟ ਵਜੋਂ ਹੋਏ ਸਨਮਾਨਿਤ



ਫ਼ਿਰੋਜ਼ਪੁਰ, 14 ਨਵੰਬਰ (ਮਨੋਹਰ ਲਾਲ) :— ਭਾਰਤ ਦੇ ਨਿਰਮਾਤਾ ਵਜੋਂ ਆਪਣੀ ਵਿਲੱਖਣ ਪਹਿਚਾਣ ਸਥਾਪਿਤ ਕਰਨ ਵਾਲੇ ਪੰਡਿਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਵਸ ਨੂੰ ਸਮਰਪਿਤ ਜਿਥੇ ਦੇਸ਼ ਭਰ ਵਿਚ ਬਾਲ ਦਿਵਸ ਸਮਾਗਮ ਕਰਵਾਏ ਗਏ, ਉਥੇ ਫ਼ਿਰੋਜ਼ਪੁਰ ਵਿਚ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਕਰਵਾਏ ਵਿਸ਼ੇਸ਼ ਸਮਾਗਮਾਂ ਦੌਰਾਨ ਸਕੂਲਾਂ ਵਿਚ ਵਧੀਆ ਤਾਲੀਮ ਦੇਣ ਵਾਲੇ ਅਧਿਆਪਕਾਂ ਸਮੇਤ ਅਨੁਸਾਸ਼ਨ ਪਸੰਦ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਫ਼ਿਰੋਜ਼ਪੁਰ ਦੇ ਐਸ.ਡੀ ਸੀਨੀਅਰ ਸੈਕੰਡਰੀ ਸਕੂਲ ਵਿਚ ਹੋਏ ਸਾਦੇ ਤੇ ਪ੍ਰਭਾਵਸ਼ਾਲੀ ਸਮਾਰੋਹ ਦੌਰਾਨ ਜਿਥੇ ਸਿੱਖਿਆ ਦੇ ਵਿਸ਼ੇਸ਼ਲੇਸ਼ਕ ਡਾ: ਸਤਿੰਦਰਪਾਲ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਉਥੇ ਕਈ ਸਤਿਕਾਰਤ ਸਖਸ਼ੀਅਤਾਂ ਨੇ ਸ਼ਿਰਕਤ ਕਰਕੇ ਸਮਾਗਮ ਨੂੰ ਚਾਰ ਚੰਨ ਲਾਏ। ਸਮਾਗਮਾਂ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਭਾਰਤ ਵਿਕਾਸ ਪ੍ਰੀਸ਼ਦ ਫ਼ਿਰੋਜ਼ਪੁਰ ਦੇ ਪ੍ਰਧਾਨ ਨਰੇਸ਼ ਕੁਮਾਰ ਤੇ ਸਾਥੀਆਂ ਨੇ ਦੱਸਿਆ ਕਿ ਉਨ੍ਹਾਂ ਦਾ ਮਨੋਰਥ ਪੜ੍ਹਣ ਵਾਲੇ ਅਨੁਸਾਸ਼ਨਪਸੰਦ ਬੱਚਿਆਂ ਨੂੰ ਅੱਗੇ ਲਿਆਉਣਾ ਹੈ ਤਾਂ ਜੋ ਉਨ੍ਹਾਂ ਤੋਂ ਪ੍ਰੇਰਿਤ ਹੋ ਕੇ ਹੋਰ ਬੱਚੇ ਵੀ ਸਮੇਂ ਦੇ ਹਾਣੀ ਬਣ ਸਕਣ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਮਾਗਮਾਂ ਦੌਰਾਨ ਫ਼ਿਰੋਜ਼ਪੁਰ ਦੇ ਹੋਰਨਾਂ ਸਕੂਲਾਂ ਦੇ ਬੱਚਿਆਂ ਤੇ ਅਧਿਆਪਕਾਂ ਨੂੰ ਸਨਮਾਨਿਤ ਕਰਨ ਦੇ ਨਾਲ—ਨਾਲ ਐਚ.ਐਮ.ਡੀ.ਏ.ਵੀ ਪਬਲਿਕ ਸਕੂਲ ਫ਼ਿਰੋਜ਼ਪੁਰ ਦੇ ਅਧਿਆਪਕ ਪਰਮਵੀਰ ਸ਼ਰਮਾ ਅਤੇ ਬਾਰਵੀਂ ਜਮਾਤ ਦੀ ਵਿਦਿਆਰਥਣ ਰਾਗਿਨੀ ਧਵਨ ਨੂੰ ਵਿਸ਼ੇਸ਼ ਸਨਮਾਨ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਐਚ.ਐਮ.ਡੀ.ਏ.ਵੀ ਪਬਲਿਕ ਸਕੂਲ ਫ਼ਿਰੋਜ਼ਪੁਰ ਵਿਚ ਬੱਚਿਆਂ ਨੂੰ ਪੜ੍ਹਾਈ ਦੇ ਨਾਲ—ਨਾਲ ਸਮੇਂ ਦੇ ਹਾਣੀ ਬਣਾਉਣ ਹਿੱਤ ਆਪਣਾ ਯੋਗਦਾਨ ਅਦਾ ਕਰਦੇ ਆ ਰਹੇ ਪਰਮਵੀਰ ਸ਼ਰਮਾ ਨੂੰ ਜਿਥੇ ਬੈਸਟ ਅਧਿਆਪਕ ਵਜੋਂ ਨਿਵਾਜਿਆ ਗਿਆ ਹੈ, ਉਥੇ ਰਾਗਿਨੀ ਨੂੰ ਬੈਸਟ ਸਟੂਡੈਂਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਗੱਲਬਾਤ ਕਰਦਿਆਂ ਨਰੇਸ਼ ਕੁਮਾਰ ਨੇ ਦੱਸਿਆ ਕਿ ਅਜਿਹੇ ਸਮਾਗਮਾਂ ਵਿਚ ਬੱਚਿਆਂ ਨੂੰ ਸਨਮਾਨਿਤ ਕਰਨ ਦਾ ਮੁੱਖ ਮਨੋਰਥ ਦੂਸਰੇ ਬੱਚਿਆਂ ਨੂੰ ਪੜ੍ਹਾਈ ਅਤੇ ਜਿੰਦਗੀ ਵਿਚ ਪਰਪੱਕ ਕਰਨਾ ਹੈ। ਉਨ੍ਹਾਂ ਦੱਸਿਆ ਕਿ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਸਿਵਲ ਪ੍ਰਸ਼ਾਸਨ ਫ਼ਿਰੋਜ਼ਪੁਰ ਨਾਲ ਮਿਲ ਕੇ ਕਈ ਸਮਾਜ ਸੇਵੀ ਕਾਰਜ ਕੀਤੇ ਜਾਂਦੇ ਹਨ ਅਤੇ ਲੰਬੇ ਅਰਸੇ ਤੋਂ ਟੀ.ਬੀ ਨਾਲ ਪੀੜਤ ਮਰੀਜਾਂ ਨੂੰ ਵਿਸ਼ੇਸ਼ ਕਿੱਟਾਂ ਮੁਹਇਆ ਕਰਵਾਈਆਂ ਜਾਂਦੀਆਂ ਹਨ। ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਬੈਸਟ ਅਧਿਆਪਕ ਐਵਾਰਡ ਪ੍ਰਾਪਤ ਕਰਨ ਉਪਰੰਤ ਸੰਸਥਾ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਪਰਮਵੀਰ ਸ਼ਰਮਾ ਨੇ ਕਿਹਾ ਕਿ ਉਹ ਸਕੂਲ ਪ੍ਰਿੰਸੀਪਲ ਸੰਜੈ ਕੁਮਾਰ ਦੇ ਦਿਲੋਂ ਧੰਨਵਾਦੀ ਹਨ, ਜਿਨ੍ਹਾਂ ਨੇ ਪੂਰੇ ਸਕੂਲ ਵਿਚੋਂ ਉਨ੍ਹਾਂ ਨੂੰ ਬੈਸਟ ਅਧਿਆਪਕ ਦਾ ਐਵਾਰਡ ਦੇਣ ਲਈ ਸੰਸਥਾ ਨੂੰ ਸਿਫਾਰਸ਼ ਕੀਤੀ। ਉਨ੍ਹਾਂ ਕਿਹਾ ਕਿ ਅਧਿਆਪਕ ਦਾ ਮੁੱਖ ਮਨੋਰਥ ਬੱਚਿਆਂ ਨੂੰ ਉਚੇਰੀ ਸਿੱਖਿਆ ਦੇ ਪਰਪੱਕ ਕਰਨ ਦੇ ਨਾਲ—ਨਾਲ ਸਮਾਜਿਕ ਕਦਰਾਂ—ਕੀਮਤਾਂ ਤੋਂ ਜਾਣੂ ਕਰਵਾਉਣਾ ਹੁੰਦਾ ਹੈ ਤਾਂ ਜੋ ਬੱਚੇ ਪੜ੍ਹਾਈ ਦੇ ਨਾਲ—ਨਾਲ ਮਾਨਸਿਕ ਤੌਰ ਤੇ ਵੀ ਕਾਮਯਾਬ ਹੋ ਸਕਣ। ਉਨ੍ਹਾਂ ਕਿਹਾ ਕਿ ਇਕ ਅਧਿਆਪਕ ਲਈ ਸਭ ਤੋਂ ਵੱਡੀ ਖੁਸ਼ੀ ਉਦੋਂ ਹੁੰਦੀ ਹੈ ਜਦੋਂ ਉਸ ਦਾ ਪੜ੍ਹਾਇਆ ਬੱਚਾ ਉਚਾਈਆਂ ਨੂੰ ਛੂਹਦਾ ਹੋਇਆ ਸਤਿਕਾਰਤ ਅਹੁਦਾ ਪ੍ਰਾਪਤ ਕਰੇ। ਗੱਲਬਾਤ ਕਰਦਿਆਂ ਪਰਮਵੀਰ ਸ਼ਰਮਾ ਨੇ ਕਿਹਾ ਕਿ ਸਕੂਲੀ ਵਿਦਿਆਰਥਣ ਰਾਗਿਨੀ ਜਿਥੇ ਹਰ ਕਲਾਸ ਵਿਚੋਂ ਅਵੱਲ ਆਉਂਦੀ ਰਹੀ ਹੈ, ਉਥੇ ਹਰ ਗਤੀਵਿਧੀ ਵਿਚ ਸ਼ਿਰਕਤ ਕਰਨਾ ਇਸ ਦੇ ਸੁਭਾਅ ਵਿਚ ਹੈ। ਉਨ੍ਹਾਂ ਕਿਹਾ ਕਿ ਆਪਣੇ ਇਰਾਦਿਆਂ ਤੇ ਪਰਪੱਕ ਹੋਣਾ ਦਾ ਗੁਣ ਕਿਸੇ—ਕਿਸੇ ਵਿਦਿਆਰਥੀ ਦੇ ਹਿੱਸੇ ਆਉਂਦਾ ਹੈ ਅਤੇ ਰਾਗਿਨੀ ਆਪਣੇ ਇਰਾਦਿਆਂ ਦੀ ਏਨ੍ਹੀ ਕੁ ਪਰਪੱਕ ਹੈ ਕਿ ਉਸ ਦੀ ਪ੍ਰਸੰਸਾ ਕਰਨੀ ਬਣਦੀ ਹੈ। ਉਨ੍ਹਾਂ ਕਿਹਾ ਕਿ ਸਕੂਲ ਪ੍ਰਬੰਧਕ ਆਪਣੀ ਵਿਦਿਆਰਥਣ ਰਾਗਿਨੀ ਦੇ ਉਜਵਲ ਭਵਿੱਖ ਦੀ ਕਾਮਨਾ ਕਰਦੇ ਹਨ ਅਤੇ ਸਕੂਲ ਪ੍ਰਬੰਧਕਾਂ ਨੂੰ ਇਹ ਵੀ ਮਾਣ ਹੈ ਕਿ ਉਕਤ ਵਿਦਿਆਰਥਣ ਛੇਤੀ ਸਕੂਲ ਦਾ ਨਾਮ ਰੋਸ਼ਨ ਕਰੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਲਿਵਰ ਦੀਆਂ ਬਿਮਾਰੀਆਂ ਦਾ ਸਮੇਂ ਸਿਰ ਪਤਾ ਲਗਾਉਣ ਲਈ ਅਮਨਦੀਪ ਹਸਪਤਾਲ ਵੱਲੋਂ 16 ਨਵੰਬਰ ਨੂੰ ਮੁਫ਼ਤ ਫਾਈਬਰੋ ਸਕੈਨ ਕੈਂਪ

ਉਜਾਲਾ ਸਿਗਨਸ ਹੈਲਥਕੇਅਰ ਦੇ ਸਹਿਯੋਗ ਨਾਲ ਲੱਗੇਗਾ ਕੈਂਪ, ਕਰੀਬ 4000 ਰੁਪਏ ਦੀ ਜਾਂਚ ਹੋਵੇਗੀ ਬਿਲਕੁਲ ਮੁਫ਼ਤ



ਫ਼ਿਰੋਜ਼ਪੁਰ, 14 ਨਵੰਬਰ (ਮਨੋਹਰ ਲਾਲ) :— ਲਿਵਰ ਨਾਲ ਸਬੰਧਤ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਅਤੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਦੇ ਸਹਿਯੋਗ ਨਾਲ 16 ਨਵੰਬਰ 2026 ਨੂੰ ਮੁਫ਼ਤ ਫਾਈਬਰੋ ਸਕੈਨ ਜਾਂਚ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਮੋਗਾ ਰੋਡ ਸਥਿਤ ਅਮਨਦੀਪ ਹਸਪਤਾਲ ਵਿਖੇ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਲਗਾਇਆ ਜਾਵੇਗਾ। ਕੈਂਪ ਦੌਰਾਨ ਇੰਟਰਨਲ ਮੈਡੀਸਨ ਵਿਭਾਗ ਦੇ ਮਾਹਿਰ ਡਾਕਟਰ ਚਰਨਜੀਤ ਸਿੰਘ ਅਤੇ ਡਾ: ਪ੍ਰਦੀਪ ਕੁਮਾਰ ਮਿੱਤਲ ਮਰੀਜ਼ਾਂ ਦੀ ਜਾਂਚ ਕਰਨਗੇ ਅਤੇ ਉਨ੍ਹਾਂ ਨੂੰ ਲਿਵਰ ਤੇ ਪੇਟ ਨਾਲ ਸਬੰਧਤ ਬਿਮਾਰੀਆਂ ਬਾਰੇ ਮਾਹਿਰ ਡਾਕਟਰੀ ਸਲਾਹ ਦੇਣਗੇ। ਕੈਂਪ ਦੀ ਖਾਸ ਗੱਲ ਇਹ ਹੈ ਕਿ ਆਮ ਤੌਰ ਤੇ ਲਗਭਗ 4000 ਰੁਪਏ ਦੀ ਲਾਗਤ ਵਾਲਾ ਫਾਈਬਰੋ ਸਕੈਨ ਟੈਸਟ ਇਸ ਮੌਕੇ ਬਿਲਕੁਲ ਮੁਫ਼ਤ ਕੀਤਾ ਜਾਵੇਗਾ। ਹਸਪਤਾਲ ਪ੍ਰਬੰਧਕਾਂ ਅਨੁਸਾਰ ਇਸ ਜਾਂਚ ਲਈ ਆਧੁਨਿਕ ਇਕੋਸੈਂਸ ਮਿਨੀ ਪਲੱਸ 430 ਮਸ਼ੀਨ ਦੀ ਵਰਤੋਂ ਕੀਤੀ ਜਾਵੇਗੀ। ਇਸ ਤਕਨੀਕ ਰਾਹੀਂ ਬਿਨਾਂ ਕਿਸੇ ਸਰਜਰੀ ਜਾਂ ਚੀਰ ਫਾੜ ਦੇ ਫੈਟੀ ਲਿਵਰ ਅਤੇ ਲਿਵਰ ਫਾਈਬਰੋਸਿਸ (ਲਿਵਰ ਦੀ ਸਖ਼ਤੀ) ਵਰਗੀਆਂ ਸਮੱਸਿਆਵਾਂ ਦਾ ਪਤਾ ਲਗਾਉਣ ਵਿੱਚ ਮਦਦ ਮਿਲਦੀ ਹੈ। ਇਸ ਨਾਲ ਲਿਵਰ ਦੀ ਸਿਹਤ ਦਾ ਮੁਲਾਂਕਣ ਕਰਕੇ ਬਿਮਾਰੀ ਦੀ ਸ਼ੁਰੂਆਤੀ ਪੜਾਅ ਵਿੱਚ ਪਛਾਣ ਕਰਨ ਵਿੱਚ ਸਹਾਇਤਾ ਮਿਲਦੀ ਹੈ। ਅਮਨਦੀਪ ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਬਦਲਦੀ ਜੀਵਨਸ਼ੈਲੀ ਅਤੇ ਖਾਣ—ਪੀਣ ਦੀਆਂ ਆਦਤਾਂ ਕਾਰਨ ਲਿਵਰ ਨਾਲ ਸਬੰਧਤ ਬਿਮਾਰੀਆਂ ਵਿੱਚ ਵਾਧਾ ਹੋ ਰਿਹਾ ਹੈ। ਕਈ ਵਾਰ ਸ਼ੁਰੂਆਤੀ ਪੜਾਅ ਵਿੱਚ ਇਨ੍ਹਾਂ ਬਿਮਾਰੀਆਂ ਦੇ ਲੱਛਣ ਸਪੱਸ਼ਟ ਨਹੀਂ ਹੁੰਦੇ, ਜਿਸ ਕਾਰਨ ਲੋਕ ਸਮੇਂ ਸਿਰ ਜਾਂਚ ਨਹੀਂ ਕਰਵਾਉਂਦੇ। ਉਨ੍ਹਾਂ ਕਿਹਾ ਕਿ ਗੰਭੀਰ ਬਿਮਾਰੀਆਂ ਤੋਂ ਬਚਾਅ ਲਈ ਸਮੇਂ ਸਿਰ ਜਾਂਚ ਅਤੇ ਮਾਹਿਰ ਡਾਕਟਰਾਂ ਦੀ ਸਲਾਹ ਲੈਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਇਸ ਮੁਫ਼ਤ ਕੈਂਪ ਦਾ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਅਤੇ ਆਸ—ਪਾਸ ਦੇ ਇਲਾਕਿਆਂ ਦੇ ਲੋਕ ਇਸ ਕੈਂਪ ਵਿੱਚ ਪਹੁੰਚ ਕੇ ਮੁਫ਼ਤ ਜਾਂਚ ਸਹੂਲਤ ਦਾ ਲਾਭ ਲੈ ਸਕਦੇ ਹਨ। ਵਧੇਰੇ ਜਾਣਕਾਰੀ ਅਤੇ ਅਪਾਇੰਟਮੈਂਟ ਲਈ 88725—01414 ਅਤੇ 01632—501414 ਤੇ ਸੰਪਰਕ ਕੀਤਾ ਜਾ ਸਕਦਾ ਹੈ।

ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਬਾਲ ਦਿਵਸ ਮੌਕੇ

ਸ਼ਾਨਦਾਰ ਬੇਬੀ ਸ਼ੋਅ ਦਾ ਕੀਤਾ ਆਯੋਜਨ









ਬਿਲਾਸਪੁਰ/ਮੋਗਾ, (ਵਰਿਆਮ ਹਠੂਰ)-ਵਿੱਦਿਆ ਦੇ ਖੇਤਰ ਵਿੱਚ ਦਿਨੋ ਦਿਨ ਤਰੱਕੀਆਂ ਕਰ ਰਹੀ ਨਾਮਵਾਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਬਾਲ ਦਿਵਸ ਦੇ ਸ਼ੁਭ ਅਵਸਰ ਨੂੰ ਸਮਰਪਿਤ ਇੱਕ ਬਹੁਤ ਹੀ ਸ਼ਾਨਦਾਰ, ਰੰਗਾਰੰਗ ਅਤੇ ਯਾਦਗਾਰੀ ਬੇਬੀ ਸ਼ੋਅ ਦਾ ਆਯੋਜਨ ਕੀਤਾ ਸਭ ਤੋਂ ਪਹਿਲਾਂ ਸਕੂਲ ਦੇ ਬੈਂਡ ਗਰੁੱਪ ਨੇ ਸਕੂਲ ਮੈਨਜਮੈਂਟ ਨੂੰ ਸਟੇਜ ਤੱਕ ਲਿਆਂਦਾ ਰੀਬਨ ਕੱਟਣ ਦੀ ਰਸਮ ਸਕੂਲ ਪ੍ਰਧਾਨ ਸ੍ਰ: ਚਰਨ ਸਿੰਘ ਨੇ ਨਿਭਾਈ, ਉਸ ਤੋਂ ਬਾਅਦ ਸ਼ਮਾ ਨੂੰ ਰੌਸ਼ਨ ਕੀਤਾ ਗਿਆ ਤੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ, ਇਸ ਸਮਾਗਮ ਵਿੱਚ ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ ਆਪਣੀਆਂ ਪਿਆਰੀਆਂ ਮੁਸਕਾਨਾਂ, ਮਾਸੂਮ ਅਦਾਵਾਂ ਅਤੇ ਬੇਮਿਸਾਲ ਆਤਮ-ਵਿਸ਼ਵਾਸ ਨਾਲ ਹਾਜ਼ਰ ਦਰਸ਼ਕਾਂ ਦਾ ਦਿਲ ਜਿੱਤ ਲਿਆ। ਸਕੂਲ ਦਾ ਸਮੁੱਚਾ ਕੈਂਪਸ ਬੱਚਿਆਂ ਦੀਆਂ ਕਲਕਾਰੀਆਂ, ਹਾਸੇ ਅਤੇ ਖੁਸ਼ੀਆਂ ਨਾਲ ਗੂੰਜ ਉੱਠਿਆ। ਇਸ ਵਿਸ਼ੇਸ਼ ਸਮਾਗਮ ਵਿੱਚ ਡੇਢ ਸਾਲ ਤੋਂ ਛੇ ਸਾਲ ਤੱਕ ਦੀ ਉਮਰ ਦੇ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਲਾਕੇ ਦੇ ਵੱਖ-ਵੱਖ ਪਿੰਡਾਂ ਅਤੇ ਆਸ-ਪਾਸ ਦੇ ਖੇਤਰਾਂ ਤੋਂ ਵੱਡੀ ਗਿਣਤੀ ਵਿੱਚ ਮਾਪੇ ਆਪਣੇ ਬੱਚਿਆਂ ਸਮੇਤ ਇਸ ਸਮਾਗਮ ਵਿੱਚ ਪਹੁੰਚੇ। ਬੱਚਿਆਂ ਦੇ ਨਾਲ-ਨਾਲ ਮਾਪਿਆਂ ਵਿੱਚ ਵੀ ਭਾਰੀ ਉਤਸ ਦੇਖਣ ਨੂੰ ਮਿਲਿਆ। ਮਾਪਿਆਂ ਨੇ ਆਪਣੇ ਬੱਚਿਆਂ ਨੂੰ ਸੁੰਦਰ ਅਤੇ ਮਨਮੋਹਕ ਪਹਿਰਾਵਿਆਂ ਵਿੱਚ ਸਜਾ ਕੇ ਇਸ ਸਮਾਗਮ ਦੀ ਰੌਣਕ ਨੂੰ ਹੋਰ ਵੀ ਵਧਾ ਦਿੱਤਾ। ਬੇਬੀ ਸ਼ੋਅ ਦੌਰਾਨ ਬੱਚਿਆਂ ਲਈ ਵੱਖ-ਵੱਖ ਮਨੋਰੰਜਕ ਅਤੇ ਰਚਨਾਤਮਕ ਗਤੀਵਿਧੀਆਂ ਦਾ ਪ੍ਰਬੰਧ ਕੀਤਾ ਗਿਆ। ਨੰਨ੍ਹੇ ਬੱਚਿਆਂ ਨੇ ਰੈਂਪ ਵਾਕ, ਮਨਮੋਹਕ ਪੇਸ਼ਕਾਰੀਆਂ ਅਤੇ ਹੋਰ ਦਿਲਚਸਪ ਗਤੀਵਿਧੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਹਰ ਬੱਚੇ ਦੀ ਪੇਸ਼ਕਾਰੀ ਆਪਣੇ ਆਪ ਵਿੱਚ ਵਿਲੱਖਣ ਸੀ। ਕਿਸੇ ਦੀ ਮਾਸੂਮ ਮੁਸਕਾਨ ਨੇ ਦਰਸ਼ਕਾਂ ਨੂੰ ਮੋਹ ਲਿਆ ਅਤੇ ਕਿਸੇ ਦੇ ਆਤਮ-ਵਿਸ਼ਵਾਸ ਨੇ ਸਭ ਨੂੰ ਹੈਰਾਨ ਕਰ ਦਿੱਤਾ। ਬੱਚਿਆਂ ਦੀਆਂ ਪਿਆਰੀਆਂ ਹਰਕਤਾਂ ਅਤੇ ਉਨ੍ਹਾਂ ਦੇ ਨਿਰਾਲੇ ਅੰਦਾਜ਼ ਨੇ ਸਮਾਗਮ ਨੂੰ ਯਾਦਗਾਰੀ ਬਣਾ ਦਿੱਤਾ। ਇਸ ਮੌਕੇ ਸਕੂਲ ਵੱਲੋਂ ਬੱਚਿਆਂ ਦੀ ਉਮਰ, ਭਾਗੀਦਾਰੀ, ਆਤਮ-ਵਿਸ਼ਵਾਸ ਅਤੇ ਪੇਸ਼ਕਾਰੀ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਭਾਗ ਲੈਣ ਵਾਲੇ ਬੱਚਿਆਂ ਨੂੰ ਇਨਾਮ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਉਪਰਾਲੇ ਦਾ ਮੁੱਖ ਉਦੇਸ਼ ਛੋਟੀ ਉਮਰ ਤੋਂ ਹੀ ਬੱਚਿਆਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰਨਾ, ਉਨ੍ਹਾਂ ਦੀਆਂ ਛੁਪੀਆਂ ਪ੍ਰਤਿਭਾਵਾਂ ਨੂੰ ਉਭਾਰਨਾ ਅਤੇ ਉਨ੍ਹਾਂ ਨੂੰ ਇੱਕ ਖੁਸ਼ਨੁਮਾ ਮੰਚ ਪ੍ਰਦਾਨ ਕਰਨਾ ਸੀ। ਸਮਾਗਮ ਨੂੰ ਸੰਬੋਧਨ ਕਰਦਿਆਂ ਸਕੂਲ ਪ੍ਰਧਾਨ ਸਮਾਜ ਸੇਵੀ ਸਰਦਾਰ ਚਰਨ ਸਿੰਘ, ਸਕੂਲ ਚੇਅਰਮੈਂਨ ਯੋਗਿੰਦਰ ਪ੍ਰਸਾਦ ਸ਼ਰਮਾ, ਤੇ ਪ੍ਰਿੰਸੀਪਲ ਸ. ਜਸਮੇਲ ਸਿੰਘ ਕਲਸੀ ਨੇ ਕਿਹਾ ਕਿ ਬੱਚੇ ਕਿਸੇ ਵੀ ਸਮਾਜ ਅਤੇ ਦੇਸ਼ ਦਾ ਅਨਮੋਲ ਸਰਮਾਇਆ ਹੁੰਦੇ ਹਨ। ਬਚਪਨ ਜ਼ਿੰਦਗੀ ਦਾ ਸਭ ਤੋਂ ਖੂਬਸੂਰਤ ਅਤੇ ਮਹੱਤਵਪੂਰਨ ਪੜਾਅ ਹੈ। ਇਸ ਸਮੇਂ ਬੱਚਿਆਂ ਨੂੰ ਪਿਆਰ, ਸਹੀ ਮਾਰਗਦਰਸ਼ਨ ਅਤੇ ਉਤਸ਼ਾਹ ਦੀ ਲੋੜ ਹੁੰਦੀ ਹੈ। ਉਨ੍ਹਾਂ ਕਿਹਾ ਕਿ ਸਕੂਲ ਦਾ ਉਦੇਸ਼ ਸਿਰਫ਼ ਬੱਚਿਆਂ ਨੂੰ ਕਿਤਾਬੀ ਗਿਆਨ ਦੇਣਾ ਹੀ ਨਹੀਂ, ਸਗੋਂ ਉਨ੍ਹਾਂ ਦੀ ਸ਼ਖ਼ਸੀਅਤ ਦੇ ਹਰ ਪੱਖ ਦਾ ਵਿਕਾਸ ਕਰਨਾ ਵੀ ਹੈ। ਅਜਿਹੇ ਸਮਾਗਮ ਬੱਚਿਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ, ਨਵੇਂ ਤਜਰਬੇ ਹਾਸਲ ਕਰਨ ਅਤੇ ਛੋਟੀ ਉਮਰ ਤੋਂ ਹੀ ਮੰਚ ਦਾ ਸਾਹਮਣਾ ਕਰਨ ਦਾ ਮੌਕਾ ਦਿੰਦੇ ਹਨ।

ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ ਆਪਣੀ ਮਾਸੂਮੀਅਤ ਅਤੇ ਪ੍ਰਤਿਭਾ ਨਾਲ ਲੁੱਟੀ ਵਾਹ-ਵਾਹ

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਨੇ ਇਸ ਸਮਾਗਮ ਵਿੱਚ ਭਾਗ ਲੈਣ ਵਾਲੇ ਸਾਰੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਵਿਸ਼ੇਸ਼ ਧੰਨਵਾਦ ਕੀਤਾ ਅਤੇ ਕਿਹਾ ਕਿ ਮਾਪਿਆਂ ਦਾ ਸਹਿਯੋਗ ਹੀ ਬੱਚਿਆਂ ਦੀ ਸਫ਼ਲਤਾ ਦੀ ਪਹਿਲੀ ਪੌੜੀ ਹੈ। ਉਨ੍ਹਾਂ ਨੇ ਮਾਪਿਆਂ ਨੂੰ ਬੱਚਿਆਂ ਦੀਆਂ ਰੁਚੀਆਂ ਅਤੇ ਪ੍ਰਤਿਭਾਵਾਂ ਨੂੰ ਪਛਾਣਨ ਅਤੇ ਉਨ੍ਹਾਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕਰਨ ਦਾ ਸੰਦੇਸ਼ ਵੀ ਦਿੱਤਾ। ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਕਿਹਾ ਗਿਆ ਕਿ ਸੁਪਰੀਮ ਕੌਨਵੈਂਟ ਸਕੂਲ ਹਮੇਸ਼ਾ ਹੀ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਸਿਰਜਣਾਤਮਕ ਅਤੇ ਸਿੱਖਿਆਦਾਇਕ ਪ੍ਰੋਗਰਾਮ ਕਰਵਾਏ ਜਾਂਦੇ ਰਹਿਣਗੇ। ਸਮਾਗਮ ਦੇ ਅੰਤ ਵਿੱਚ ਸਕੂਲ ਦੇ ਸਮੂਹ ਸਟਾਫ਼ ਵੱਲੋਂ ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ ਗਈ ਅਤੇ ਸਾਰੇ ਮਾਪਿਆਂ, ਮਹਿਮਾਨਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ। ਬੇਬੀ ਸ਼ੋਅ ਨੇ ਬੱਚਿਆਂ ਅਤੇ ਮਾਪਿਆਂ ਦੇ ਮਨਾਂ ਵਿੱਚ ਖੁਸ਼ੀ, ਉਤਸ਼ਾਹ ਅਤੇ ਅਭੁੱਲ ਯਾਦਾਂ ਦੀ ਇੱਕ ਸੁੰਦਰ ਛਾਪ ਛੱਡੀ।

ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿੱਚ ਬਾਲ ਦਿਵਸ ਉਤਸ਼ਾਹ ਨਾਲ ਮਨਾਇਆ



ਫ਼ਿਰੋਜ਼ਪੁਰ, 14 ਨਵੰਬਰ (ਮਨੋਹਰ ਲਾਲ) :— ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿੱਚ ਪੰਡਿਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਵਸ ਨੂੰ ਸਮਰਪਿਤ ਬਾਲ ਦਿਵਸ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਬੱਚਿਆਂ ਨਾਲ ਵਿਸ਼ੇਸ਼ ਪਿਆਰ ਅਤੇ ਸਨੇਹ ਰੱਖਣ ਵਾਲੇ ਚਾਚਾ ਨਹਿਰੂ ਨੂੰ ਯਾਦ ਕਰਦਿਆਂ ਸਕੂਲ ਵਿੱਚ ਵੱਖ—ਵੱਖ ਮਨੋਰੰਜਕ ਅਤੇ ਖੇਡ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਪੂਰੇ ਜੋਸ਼ ਨਾਲ ਭਾਗ ਲਿਆ। ਸਕੂਲ ਦੇ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੀ ਦੇਖ—ਰੇਖ ਹੇਠ ਕਰਵਾਏ ਗਏ ਇਸ ਸਮਾਗਮ ਦੌਰਾਨ ਵਿਦਿਆਰਥੀਆਂ ਨੇ ਵੱਖ—ਵੱਖ ਖੇਡਾਂ ਅਤੇ ਮਨੋਰੰਜਕ ਗਤੀਵਿਧੀਆਂ ਰਾਹੀਂ ਆਪਣੀ ਪ੍ਰਤਿਭਾ ਅਤੇ ਸਿਰਜਣਾਤਮਕਤਾ ਦਾ ਪ੍ਰਦਰਸ਼ਨ ਕੀਤਾ। ਸਮੁੱਚੇ ਸਕੂਲ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਬਣਿਆ ਰਿਹਾ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਨੇ ਵਿਦਿਆਰਥੀਆਂ ਨੂੰ ਬਾਲ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਜ਼ਿੰਦਗੀ ਵਿੱਚ ਵੱਡੇ ਸੁਪਨੇ ਦੇਖਣ, ਉਨ੍ਹਾਂ ਨੂੰ ਪੂਰਾ ਕਰਨ ਲਈ ਸਖ਼ਤ ਮਿਹਨਤ ਕਰਨ ਅਤੇ ਆਪਣੇ ਬਚਪਨ ਦੇ ਹਰ ਪਲ ਦਾ ਆਨੰਦ ਮਾਣਨ ਲਈ ਪ੍ਰੇਰਿਤ ਕੀਤਾ। ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਬੱਚਿਆਂ ਨੂੰ ਚੰਗੀ ਸਿੱਖਿਆ ਦੇਣ ਦੇ ਨਾਲ—ਨਾਲ ਪਿਆਰ, ਸੰਸਕਾਰ ਅਤੇ ਨੈਤਿਕ ਕਦਰਾਂ—ਕੀਮਤਾਂ ਨਾਲ ਜੋੜਨਾ ਵੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਤਮ—ਵਿਸ਼ਵਾਸੀ, ਜ਼ਿੰਮੇਵਾਰ ਅਤੇ ਦਿਆਲੂ ਇਨਸਾਨ ਬਣਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬੱਚਿਆਂ ਦੀ ਖੁਸ਼ੀ ਅਤੇ ਉਤਸ਼ਾਹ ਨੇ ਇਹ ਸੰਦੇਸ਼ ਦਿੱਤਾ ਕਿ ਬੱਚੇ ਹੀ ਦੇਸ਼ ਦੀ ਅਸਲ ਖੁਸ਼ੀ ਅਤੇ ਆਉਣ ਵਾਲੇ ਕੱਲ੍ਹ ਦੀ ਉਮੀਦ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਯੂ.ਕੇ ਵਿਖੇ ਧੰਨ—ਧੰਨ ਸ਼੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਗੁਰਪੁਰਬ ਨੂੰ ਸਮਰਪਿਤ ਅਤੇ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ ਬਰਸੀ ਨੂੰ ਸਮਰਪਿਤ ਸਮਾਗਮ 23 ਤੋਂ 29 ਨਵੰਬਰ ਤੱਕ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ ਤੇ—ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ



ਫ਼ਿਰੋਜ਼ਪੁਰ, 14 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਯੂ.ਕੇ ਵਿਖੇ ਧੰਨ—ਧੰਨ ਸ਼੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦੇ ਗੁਰਪੁਰਬ ਨੂੰ ਸਮਰਪਿਤ ਅਤੇ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ ਬਰਸੀ ਨੂੰ ਸਮਰਪਿਤ ਜੋ ਕਿ 23 ਨਵੰਬਰ ਤੋਂ 29 ਨਵੰਬਰ ਤੱਕ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ ਤੇ ਚੱਲ ਰਹੀਆਂ ਹਨ। ਇਹ ਜਾਣਕਾਰੀ ਸਾਂਝੀ ਕਰਦਿਆਂ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਅਤੇ ਮੁੱਖ ਪ੍ਰਬੰਧਕ ਬਾਬੇ ਕੇ ਫਾਰਮ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ੍ਰੀਮਾਨ ਸੰਤ ਬਾਬਾ ਨਾਹਰ ਸਿੰਘ ਸਨੇਰਾਂ ਵਾਲਿਆਂ ਦੀ 19ਵੀਂ ਬਰਸੀ ਬਾਬੇ ਕੇ ਫਾਰਮ ਬਰਮਿੰਘਮ ਯੂ.ਕੇ ਵਿਖੇ ਮਨਾਈ ਜਾ ਰਹੀ ਹੈ। ਇਹ ਸਮਾਗਮ 23 ਨਵੰਬਰ ਤੋਂ ਸ਼ੁਰੂ ਹੋ ਰਹੇ ਹਨ, ਜਿਨ੍ਹਾਂ ਦੀਆਂ ਤਿਆਰੀਆਂ ਜ਼ੋਰਾਂ ਨਾਲ ਚੱਲ ਰਹੀਆਂ ਹਨ। ਗੱਲਬਾਤ ਕਰਦਿਆਂ ਮਨਜੀਤ ਸਿੰਘ ਕਾਲਾ ਅਤੇ ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਖ ਗੁਣੀ ਗਿਆਨੀ ਰਾਗੀ, ਢਾਡੀ, ਕਥਾਵਾਚਕ ਜਥੇ ਪਹੁੰਚ ਰਹੇ ਹਨ। ਇਸ ਤੋਂ ਇਲਾਵਾ ਦੇਸ਼ਾਂ—ਵਿਦੇਸ਼ਾਂ ਤੋਂ ਵੀ ਮਹਾਂਪੁਰਖ ਪਹੁੰਚ ਰਹੇ ਹਨ, ਜਿਨ੍ਹਾਂ ਵਿਚ ਸੰਤ ਬਾਬਾ ਸੁਖਜੀਤ ਸਿੰਘ ਸੀਚੇਵਾਲ, ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ, ਭਾਈ ਅਮਨਜੀਤ ਸਿੰਘ ਖਾਲਸਾ ਦਿੱਲੀ ਵਾਲੇ, ਭਾਈ ਦਵਿੰਦਰ ਸਿੰਘ ਸੋਢੀ, ਭਾਈ ਦਿਲਬਾਗ ਸਿੰਘ ਸੰਗਰੂਰ ਵਾਲੇ, ਭਾਈ ਭਰਤ ਵਿਚ ਜਵੱਦੀ ਟਕਸਾਲ ਵਾਲੇ, ਬਾਬਾ ਹਰਜੀਤ ਸਿੰਘ ਮਹਿਤਾ ਚੌਕ ਵਾਲੇ ਪਹੁੰਚ ਰਹੇ ਹਨ। ਉਪਰੋਕਤ ਆਗੂਆਂ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ 23 ਨਵੰਬਰ ਨੂੰ ਸ਼ੁਰੂ ਹੋਵੇਗੀ ਅਤੇ 25 ਨਵੰਬਰ ਨੂੰ ਭੋਗ ਪਾਏ ਜਾਣਗੇ ਅਤੇ ਦੂਸਰਾ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ 25 ਨਵੰਬਰ ਤੋਂ ਸ਼ੁਰੂ ਹੋ ਕੇ 27 ਨਵੰਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਇਸੇ ਤਰ੍ਹਾਂ ਤੀਸਰੀ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ 27 ਨਵੰਬਰ ਤੋਂ ਸ਼ੁਰੂ ਹੋਵੇਗੀ, ਜਿਸ ਦੇ ਭੋਗ 29 ਨਵੰਬਰ ਨੂੰ ਪਾਏ ਜਾਣਗੇ। ਇਸ ਤੋਂ ਇਲਾਵਾ ਹਰ ਰੋਜ ਆਸਾਂ ਦੀ ਵਾਰ ਸਵੇਰੇ 5 ਵਜੇ ਤੋਂ 7 ਵਜੇ ਤੱਕ ਸੋਧਰ ਕੀਰਤਨ ਰਹਿਰਾਸ ਅਤੇ ਅਰਦਾਸ ਸ਼ਾਮ ਨੂੰ ਹੋਵੇਗੀ। ਇਸ ਤੋਂ ਇਲਾਵਾ ਸ਼ਨੀਵਾਰ 28 ਨਵੰਬਰ ਨੂੰ ਕੀਰਤਨ ਦਰਬਾਰ ਸਜਾਏ ਜਾਣਗੇ। ਉਪਰੋਕਤ ਆਗੂਆਂ ਨੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਗੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਖਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲਾ ਬਣਾਉਣ। ਇਸ ਮੌਕੇ ਤੇ 7 ਦਿਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ਿ ਕੌਮ AWAZE QAUM International Newspaper & WEB TV

ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ

ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਧਰ)

ਸਾਡਾ ਪਤਾ: Lambra near Jalandhar

ਬੇਲਗਾਮ ਭਾਰੀ ਵਾਹਨਾਂ ਦੀ ਐਂਟਰੀ ਅਤੇ ਸਿਆਸੀ ਦਖ਼ਲਅੰਦਾਜ਼ੀ ਕਾਰਨ

ਹੁਸ਼ਿਆਰਪੁਰ ਦੀ ਬਦਹਾਲ ਟ੍ਰੈਫਿਕ ਵਿਵਸਥਾ ਨੇ ਲੋਕਾਂ ਦੇ ਨੱਕ 'ਚ ਕੀਤਾ ਦਮ, ਬਾਜ਼ਾਰਾਂ ਵਿੱਚ ਲੱਗ ਰਹੇ ਲੰਬੇ-ਲੰਬੇ ਜਾਮ

ਟਰੈਫਿਕ ਪੁਲਿਸ ਦੀ ਕਾਰਗੁਜ਼ਾਰੀ 'ਤੇ ਉੱਠ ਰਹੇ ਵੱਡੇ ਸਵਾਲ





ਹੁਸ਼ਿਆਰਪੁਰ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)–ਹੁਸ਼ਿਆਰਪੁਰ ਸ਼ਹਿਰ ਦੀ ਟਰੈਫਿਕ ਵਿਵਸਥਾ ਇੱਕ ਵਾਰ ਫਿਰ ਪੂਰੀ ਤਰ੍ਹਾਂ ਲੜਖੜਾ ਗਈ ਹੈ ਅਤੇ ਸ਼ਹਿਰ ਦੇ ਤਕਰੀਬਨ ਹਰ ਪ੍ਰਮੁੱਖ ਬਾਜ਼ਾਰ ਤੇ ਚੌਂਕ ਵਿੱਚ ਲੱਗਣ ਵਾਲੇ ਲੰਬੇ–ਲੰਬੇ ਜਾਮ ਆਮ ਲੋਕਾਂ ਲਈ ਵੱਡੀ ਸਿਰਦਰਦੀ ਬਣ ਚੁੱਕੇ ਹਨ। ਹਾਲਾਤ ਇੰਨੇ ਖ਼ਰਾਬ ਹੋ ਚੁੱਕੇ ਹਨ ਕਿ ਇੱਕ–ਅੱਧੇ ਚੌਕ ਨੂੰ ਛੱਡ ਕੇ ਜ਼ਿਆਦਾਤਰ ਥਾਵਾਂ 'ਤੇ ਟਰੈਫਿਕ ਮੁਲਾਜ਼ਮ ਨਜ਼ਰ ਹੀ ਨਹੀਂ ਆਉਂਦੇ। ਸ਼ਹਿਰ ਵਾਸੀਆਂ ਵਿੱਚ ਇਸ ਗੱਲ ਦੀ ਜ਼ੋਰਦਾਰ ਚਰਚਾ ਹੈ ਕਿ ਜਦੋਂ ਤੋਂ ਸਾਬਕਾ ਟਰੈਫਿਕ ਇੰਚਾਰਜ ਸੁਭਾਸ਼ ਭਗਤ ਦਾ ਤਬਾਦਲਾ ਕੀਤਾ ਗਿਆ ਹੈ, ਉਦੋਂ ਤੋਂ ਸ਼ਹਿਰ ਦੀ ਟਰੈਫਿਕ ਪ੍ਰਣਾਲੀ ਪੂਰੀ ਤਰ੍ਹਾਂ ਬੇਕਾਬੂ ਹੋ ਗਈ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਸੁਭਾਸ਼ ਭਗਤ ਨੇ ਆਪਣੇ ਕਾਰਜਕਾਲ ਦੌਰਾਨ ਰੇਲਵੇ ਸਟੇਸ਼ਨ ਚੌਕ, ਮਹਾਵੀਰ ਸੇਤੂ, ਗਊਸ਼ਾਲਾ ਬਾਜ਼ਾਰ ਅਤੇ ਘੰਟਾਘਰ ਵਰਗੇ ਭੀੜ–ਭੜੱਕੇ ਵਾਲੇ ਇਲਾਕਿਆਂ ਦੀ ਟਰੈਫਿਕ ਵਿਵਸਥਾ ਨੂੰ ਕਾਫ਼ੀ ਹੱਦ ਤੱਕ ਸੁਧਾਰ ਦਿੱਤਾ ਸੀ। ਪਰ ਦੱਬੀ ਜ਼ੁਬਾਨ ਵਿੱਚ ਲੋਕ ਇਹ ਵੀ ਚਰਚਾ ਕਰ ਰਹੇ ਹਨ ਕਿ ਬੇਤਰਤੀਬੇ ਢੰਗ ਨਾਲ ਚੱਲਣ ਵਾਲੇ ਈ–ਰਿਕਸ਼ਾ ਚਾਲਕਾਂ ਖ਼ਿਲਾਫ਼ ਸਖ਼ਤੀ ਵਰਤਣਾ, ਚਲਾਨ ਕੱਟਣਾ ਅਤੇ ਦਿਨ ਵੇਲੇ ਬਾਜ਼ਾਰਾਂ ਵਿੱਚ ਭਾਰੀ ਵਾਹਨਾਂ ਦੇ ਦਾਖ਼ਲੇ 'ਤੇ ਰੋਕ ਲਾਉਣਾ ਸ਼ਾਇਦ ਸੱਤਾਧਾਰੀ ਧਿਰ ਦੇ ਆਗੂਆਂ ਨੂੰ ਰਾਸ ਨਹੀਂ ਆਇਆ। ਵੋਟ ਬੈਂਕ ਖਿਸਕਣ ਦੇ ਡਰੋਂ ਸਿਆਸੀ ਦਬਾਅ ਹੇਠ ਉਨ੍ਹਾਂ ਨੂੰ ਅਹੁਦੇ ਤੋਂ ਹਟਾ ਦਿੱਤਾ ਗਿਆ। ਮੌਜੂਦਾ ਹਾਲਾਤਾਂ ਨੂੰ ਦੇਖਦਿਆਂ ਸ਼ਹਿਰ ਵਾਸੀ ਮੌਜੂਦਾ ਟਰੈਫਿਕ ਇੰਚਾਰਜ ਸੁਰਿੰਦਰ ਕੁਮਾਰ ਦੀ ਕਾਰਜਸ਼ੈਲੀ ਅਤੇ ਪਕੜ 'ਤੇ ਵੀ ਗੰਭੀਰ ਸਵਾਲ ਉਠਾ ਰਹੇ ਹਨ। ਲੋਕਾਂ ਦਾ ਮੰਨਣਾ ਹੈ ਕਿ ਸ਼ਹਿਰ ਦੀ ਬੇਕਾਬੂ ਹੋ ਚੁੱਕੀ ਟਰੈਫਿਕ ਨੂੰ ਕੰਟਰੋਲ ਕਰਨਾ ਮੌਜੂਦਾ ਇੰਚਾਰਜ ਦੇ ਵੱਸ ਦੀ ਗੱਲ ਨਹੀਂ ਜਾਪਦੀ। ਆਮ ਲੋਕਾਂ ਵਿੱਚ ਇਹ ਚਰਚਾ ਵੀ ਆਮ ਸੁਣਨ ਨੂੰ ਮਿਲ ਰਹੀ ਹੈ ਕਿ ਜਿਸ ਤਰ੍ਹਾਂ ਬਾਜ਼ਾਰਾਂ ਵਿੱਚ ਈ–ਰਿਕਸ਼ਾ, ਆਟੋ ਰਿਕਸ਼ਾ, ਸਕੂਲ ਬੱਸਾਂ ਅਤੇ ਵੱਡੇ ਟੈਂਕਰ ਬਿਨਾਂ ਕਿਸੇ ਡਰ–ਭੈਅ ਦੇ ਘੁੰਮਦੇ ਹਨ, ਉਸ ਤੋਂ ਇੰਜ ਮਹਿਸੂਸ ਹੁੰਦਾ ਹੈ ਜਿਵੇਂ ਇਨ੍ਹਾਂ ਵਾਹਨ ਚਾਲਕਾਂ ਦੀ ਟਰੈਫਿਕ ਅਧਿਕਾਰੀਆਂ ਨਾਲ ਕੋਈ ਅੰਦਰਖਾਤੇ ਮਿਲੀਭੁਗਤ ਹੋਵੇ। ਦੂਜੇ ਪਾਸੇ, ਸੂਤਰਾਂ ਅਨੁਸਾਰ ਮੌਜੂਦਾ ਅਧਿਕਾਰੀ ਸਿਆਸੀ ਦਖ਼ਲਅੰਦਾਜ਼ੀ ਕਾਰਨ ਵੀ ਬੇਵੱਸ ਨਜ਼ਰ ਆਉਂਦੇ ਹਨ, ਕਿਉਂਕਿ ਜੇਕਰ ਕਿਸੇ ਵੱਡੇ ਵਾਹਨ ਨੂੰ ਰੋਕਿਆ ਜਾਂਦਾ ਹੈ ਤਾਂ ਤੁਰੰਤ ਕਿਸੇ ਨਾ ਕਿਸੇ ਆਗੂ ਦਾ ਫ਼ੋਨ ਆ ਜਾਂਦਾ ਹੈ ਅਤੇ ਵਾਹਨ ਛੱਡਣਾ ਪੈਂਦਾ ਹੈ। ਇਸ ਤੋਂ ਇਲਾਵਾ ਟਰੈਫਿਕ ਵਿਭਾਗ ਕੋਲ ਮੁਲਾਜ਼ਮਾਂ ਦੀ ਭਾਰੀ ਘਾਟ ਹੈ ਅਤੇ ਮੌਜੂਦ ਮੁਲਾਜ਼ਮਾਂ ਨੂੰ ਅਕਸਰ ਵੀ.ਆਈ.ਪੀ. ਡਿਊਟੀਆਂ 'ਤੇ ਬਾਹਰ ਭੇਜ ਦਿੱਤਾ ਜਾਂਦਾ ਹੈ। ਅੱਜ ਹਾਲਾਤ ਇਹ ਹਨ ਕਿ ਜਲੰਧਰ ਰੋਡ, ਰੇਲਵੇ ਰੋਡ ਅਤੇ ਕੋਤਵਾਲੀ ਬਾਜ਼ਾਰ ਵਿੱਚ ਦਿਨ–ਦਿਹਾੜੇ ਵੱਡੀਆਂ ਗੱਡੀਆਂ ਦਾਖ਼ਲ ਹੋ ਜਾਂਦੀਆਂ ਹਨ ਅਤੇ ਈ–ਰਿਕਸ਼ਾ ਦੀਆਂ ਲੰਬੀਆਂ ਕਤਾਰਾਂ ਕਾਰਨ ਪੈਦਲ ਚੱਲਣਾ ਵੀ ਮੁਹਾਲ ਹੋ ਗਿਆ ਹੈ। ਕਈ ਦੁਕਾਨਦਾਰ ਅਤੇ ਵਾਹਨ ਚਾਲਕ ਵੀ ਆਪਣੀ ਜ਼ਿੰਮੇਵਾਰੀ ਨਹੀਂ ਸਮਝਦੇ ਤੇ ਬਾਜ਼ਾਰਾਂ ਵਿੱਚ ਘੰਟਿਆਂਬੱਧੀ ਗੱਡੀਆਂ ਖੜ੍ਹੀਆਂ ਕਰਕੇ ਸਾਮਾਨ ਉਤਾਰਦੇ ਰਹਿੰਦੇ ਹਨ। ਆਉਣ ਵਾਲੀਆਂ ਚੋਣਾਂ ਦੇ ਮੱਦੇਨਜ਼ਰ ਸਿਆਸੀ ਆਗੂ ਸਖ਼ਤੀ ਕਰਨ ਤੋਂ ਗੁਰੇਜ਼ ਕਰ ਰਹੇ ਹਨ, ਪਰ ਇਸ ਲਾਪਰਵਾਹੀ ਦਾ ਖਮਿਆਜ਼ਾ ਆਮ ਜਨਤਾ ਨੂੰ ਆਪਣਾ ਕੀਮਤੀ ਸਮਾਂ ਅਤੇ ਮਹਿੰਗਾ ਤੇਲ ਬਰਬਾਦ ਕਰਕੇ ਭੁਗਤਣਾ ਪੈ ਰਿਹਾ ਹੈ।

ਹੁਸ਼ਿਆਰਪੁਰ ਵਿੱਚ ਭਾਜਪਾ ਦੀ ਬੀਤੇ ਕੱਲ੍ਹ ਹੋਈ ਰੈਲੀ ਨੇ ਖੋਲ੍ਹੀ ਵੱਡੇ ਲੀਡਰਾ ਦੀ ਪੋਲ, ਤਲਵਾੜ ਜੋੜੇ ਦੀ ਕਮੀ ਆਈ ਖੁੱਲ੍ਹ ਕੇ ਸਾਹਮਣੇ

ਸੰਜੀਵ ਤਲਵਾੜ ਅਤੇ ਨੀਤੀ ਤਲਵਾੜ ਵਰਗੇ ਮਿਹਨਤੀ ਆਗੂਆਂ ਦੀ ਅਹਿਮੀਅਤ ਨੂੰ ਅਣਡਿੱਠਾ ਕਰਨਾ ਭਾਜਪਾ ਨੂੰ ਪਿਆ ਭਾਰੀ, ਵੱਡੇ ਆਗੂ ਦੀ ਮੌਜੂਦਗੀ ਵੀ ਨਹੀਂ ਖਿੱਚ ਸਕੀ ਭੀੜ....





ਹੁਸ਼ਿਆਰਪੁਰ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)–ਸਿਆਸਤ ਵਿੱਚ ਵੱਡੇ ਆਗੂਆਂ ਦੀ ਮੌਜੂਦਗੀ ਨਾਲੋਂ ਜ਼ਿਆਦਾ ਅਹਿਮੀਅਤ ਉਸ ਸੰਗਠਨਾਤਮਕ ਤਾਕਤ ਦੀ ਹੁੰਦੀ ਹੈ, ਜੋ ਵਰਕਰਾਂ ਦੀ ਮਿਹਨਤ, ਲੋਕਾਂ ਨਾਲ ਸਿੱਧੇ ਸੰਪਰਕ ਅਤੇ ਜ਼ਮੀਨੀ ਪੱਧਰ 'ਤੇ ਬਣੇ ਭਰੋਸੇ ਨਾਲ ਤਿਆਰ ਹੁੰਦੀ ਹੈ। ਹੁਸ਼ਿਆਰਪੁਰ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਕਰਵਾਈ ਗਈ ਰੈਲੀ ਨੇ ਇਸੇ ਸਿਆਸੀ ਹਕੀਕਤ ਨੂੰ ਮੁੜ ਚਰਚਾ ਵਿੱਚ ਲਿਆ ਦਿੱਤਾ ਹੈ। ਹਰਿਆਣਾ ਸਟੇਟ ਦੇ ਮੁੱਖ ਮੰਤਰੀ ਦੀ ਵਿਸ਼ੇਸ਼ ਮੌਜੂਦਗੀ ਦੇ ਬਾਵਜੂਦ ਰੈਲੀ ਵਿੱਚ ਉਮੀਦ ਮੁਤਾਬਕ ਲੋਕਾਂ ਦੀ ਸ਼ਮੂਲੀਅਤ ਨਾ ਹੋਣ ਕਾਰਨ ਭਾਜਪਾ ਦੀ ਸਥਾਨਕ ਸੰਗਠਨਾਤਮਕ ਕਾਰਗੁਜ਼ਾਰੀ 'ਤੇ ਸਵਾਲ ਉੱਠਣੇ ਸੁਭਾਵਿਕ ਹਨ। ਇਸ ਰੈਲੀ ਦੀ ਚਰਚਾ ਦੌਰਾਨ ਹੁਸ਼ਿਆਰਪੁਰ ਦੀ ਸਿਆਸਤ ਵਿੱਚ ਸੰਜੀਵ ਤਲਵਾੜ ਅਤੇ ਨੀਤੀ ਤਲਵਾੜ ਦਾ ਨਾਂ ਵੀ ਮੁੜ ਉੱਭਰ ਕੇ ਸਾਹਮਣੇ ਆ ਰਿਹਾ ਹੈ। ਸਿਆਸੀ ਹਲਕਿਆਂ ਵਿੱਚ ਇਹ ਗੱਲ ਮਹਿਸੂਸ ਕੀਤੀ ਜਾ ਰਹੀ ਹੈ ਕਿ ਜਿਨ੍ਹਾਂ ਆਗੂਆਂ ਨੇ ਕਦੇ ਪਾਰਟੀ ਦੇ ਪ੍ਰੋਗਰਾਮਾਂ ਨੂੰ ਸਫ਼ਲ ਬਣਾਉਣ ਲਈ ਆਪਣੀ ਪੂਰੀ ਤਾਕਤ ਲਗਾਈ, ਅੱਜ ਉਨ੍ਹਾਂ ਵਰਗੇ ਸਰਗਰਮ ਚਿਹਰਿਆਂ ਦੀ ਗੈਰਮੌਜੂਦਗੀ ਪਾਰਟੀ ਦੀ ਜ਼ਮੀਨੀ ਤਾਕਤ ਵਿੱਚ ਕਮੀ ਵਜੋਂ ਦਿਖਾਈ ਦੇ ਰਹੀ ਹੈ। ਸੰਜੀਵ ਤਲਵਾੜ ਅਤੇ ਨੀਤੀ ਤਲਵਾੜ ਦੀ ਪਛਾਣ ਸਿਰਫ਼ ਪਾਰਟੀ ਦੇ ਅਹੁਦਿਆਂ ਤੱਕ ਸੀਮਤ ਨਹੀਂ ਰਹੀ, ਸਗੋਂ ਉਨ੍ਹਾਂ ਨੇ ਵਰਕਰਾਂ ਨਾਲ ਨਿੱਜੀ ਸਬੰਧ ਬਣਾਉਣ, ਲੋਕਾਂ ਨੂੰ ਪਾਰਟੀ ਨਾਲ ਜੋੜਨ ਅਤੇ ਹਰ ਛੋਟੇ–ਵੱਡੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਲਗਾਤਾਰ ਮਿਹਨਤ ਕੀਤੀ। ਪਾਰਟੀ ਦੇ ਅੰਦਰੂਨੀ ਸਮਾਗਮ ਹੋਣ ਜਾਂ ਵੱਡੇ ਸਿਆਸੀ ਪ੍ਰੋਗਰਾਮ, ਉਨ੍ਹਾਂ ਦੀ ਸਰਗਰਮੀ ਅਤੇ ਪ੍ਰਬੰਧਕੀ ਸਮਰੱਥਾ ਅਕਸਰ ਚਰਚਾ ਦਾ ਵਿਸ਼ਾ ਰਹੀ। ਸਿਆਸਤ ਦਾ ਇੱਕ ਅਹਿਮ ਸਬਕ ਇਹ ਹੈ ਕਿ ਸਟੇਜ 'ਤੇ ਬੈਠਣ ਵਾਲੇ ਆਗੂ ਕਿਸੇ ਵੀ ਰੈਲੀ ਦੀ ਤਸਵੀਰ ਤਾਂ ਬਣਾ ਸਕਦੇ ਹਨ, ਪਰ ਉਸ ਤਸਵੀਰ ਨੂੰ ਲੋਕਾਂ ਦੀ ਭੀੜ ਵਿੱਚ ਬਦਲਣ ਲਈ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੇ ਆਗੂਆਂ ਦੀ ਲੋੜ ਹੁੰਦੀ ਹੈ। ਸਿਰਫ਼ ਵੱਡੇ ਚਿਹਰਿਆਂ ਦੇ ਸਹਾਰੇ ਸੰਗਠਨ ਦੀ ਮਜ਼ਬੂਤੀ ਸਾਬਤ ਨਹੀਂ ਕੀਤੀ ਜਾ ਸਕਦੀ। ਇਸ ਲਈ ਵਰਕਰਾਂ ਨੂੰ ਨਾਲ ਲੈ ਕੇ ਚੱਲਣ ਅਤੇ ਉਨ੍ਹਾਂ ਦੀ ਮਿਹਨਤ ਨੂੰ ਸਨਮਾਨ ਦੇਣ ਦੀ ਲੋੜ ਹੁੰਦੀ ਹੈ।

ਹੁਸ਼ਿਆਰਪੁਰ ਦੀ ਰੈਲੀ ਨੇ ਭਾਜਪਾ ਦੇ ਸਥਾਨਕ ਆਗੂਆਂ ਸਾਹਮਣੇ ਵੀ ਇਹ ਸਵਾਲ ਖੜ੍ਹਾ ਕੀਤਾ ਹੈ ਕਿ ਕੀ ਪਾਰਟੀ ਨੇ ਆਪਣੇ ਉਨ੍ਹਾਂ ਪੁਰਾਣੇ ਅਤੇ ਤਜਰਬੇਕਾਰ ਚਿਹਰਿਆਂ ਦੀ ਸਮਰੱਥਾ ਦਾ ਸਹੀ ਮੁਲਾਂਕਣ ਕੀਤਾ, ਜਿਨ੍ਹਾਂ ਨੇ ਲੰਬੇ ਸਮੇਂ ਤੱਕ ਸੰਗਠਨ ਨੂੰ ਮਜ਼ਬੂਤ ਕਰਨ ਲਈ ਆਪਣਾ ਸਮਾਂ ਅਤੇ ਸਰੋਤ ਲਗਾਏ? ਜੇਕਰ ਪਾਰਟੀ ਦੇ ਸਮਰਪਿਤ ਵਰਕਰਾਂ ਦੀ ਮਿਹਨਤ ਨੂੰ ਬਣਦਾ ਮਾਣ–ਸਨਮਾਨ ਨਾ ਮਿਲੇ ਤਾਂ ਸੰਗਠਨ ਵਿੱਚ ਨਿਰਾਸ਼ਾ ਪੈਦਾ ਹੋਣਾ ਕੋਈ ਹੈਰਾਨੀ ਵਾਲੀ ਗੱਲ ਨਹੀਂ। ਸੰਜੀਵ ਤਲਵਾੜ ਅਤੇ ਨੀਤੀ ਤਲਵਾੜ ਦੀ ਕਾਰਜਸ਼ੈਲੀ ਨੂੰ ਇਸ ਸੰਦਰਭ ਵਿੱਚ ਇੱਕ ਉਦਾਹਰਨ ਵਜੋਂ ਦੇਖਿਆ ਜਾ ਰਿਹਾ ਹੈ। ਸਿਆਸੀ ਸਰਗਰਮੀ ਸਿਰਫ਼ ਚੋਣਾਂ ਦੇ ਸਮੇਂ ਦਿਖਾਈ ਦੇਣ ਨਾਲ ਨਹੀਂ ਬਣਦੀ, ਇਸ ਲਈ ਸਾਲਾਂ ਤੱਕ ਲੋਕਾਂ ਵਿਚਕਾਰ ਰਹਿਣਾ, ਵਰਕਰਾਂ ਦੀਆਂ ਮੁਸ਼ਕਲਾਂ ਸਮਝਣਾ ਅਤੇ ਸੰਗਠਨ ਲਈ ਨਿਰੰਤਰ ਕੰਮ ਕਰਨਾ ਪੈਂਦਾ ਹੈ। ਇਹੀ ਉਹ ਪੂੰਜੀ ਹੈ ਜੋ ਕਿਸੇ ਵੀ ਆਗੂ ਨੂੰ ਲੋਕਾਂ ਵਿੱਚ ਆਪਣੀ ਵੱਖਰੀ ਪਛਾਣ ਦਿਵਾਉਂਦੀ ਹੈ। ਭਾਜਪਾ ਲਈ ਇਹ ਰੈਲੀ ਸਿਰਫ਼ ਇੱਕ ਸਮਾਗਮ ਨਹੀਂ, ਸਗੋਂ ਆਪਣੇ ਸੰਗਠਨ ਦੀ ਅਸਲ ਸਥਿਤੀ ਦਾ ਜਾਇਜ਼ਾ ਲੈਣ ਦਾ ਮੌਕਾ ਵੀ ਹੈ। ਪਾਰਟੀ ਨੂੰ ਸਮਝਣਾ ਪਵੇਗਾ ਕਿ ਸਿਆਸੀ ਸਰਗਰਮੀ ਸਿਰਫ਼ ਮੀਟਿੰਗਾਂ, ਬਿਆਨਾਂ ਅਤੇ ਵੱਡੇ ਆਗੂਆਂ ਦੇ ਦੌਰਿਆਂ ਨਾਲ ਨਹੀਂ ਚੱਲਦੀ। ਇਸ ਲਈ ਅਜਿਹੇ ਆਗੂਆਂ ਦੀ ਲੋੜ ਹੁੰਦੀ ਹੈ, ਜਿਨ੍ਹਾਂ ਦਾ ਲੋਕਾਂ ਅਤੇ ਵਰਕਰਾਂ ਨਾਲ ਸਿੱਧਾ ਸੰਪਰਕ ਹੋਵੇ। ਅੱਜ ਹੁਸ਼ਿਆਰਪੁਰ ਦੀ ਸਿਆਸੀ ਚਰਚਾ ਵਿੱਚ ਇੱਕ ਗੱਲ ਸਾਫ਼ ਉੱਭਰ ਰਹੀ ਹੈ ਕਿ ਸੰਜੀਵ ਤਲਵਾੜ ਅਤੇ ਨੀਤੀ ਤਲਵਾੜ ਵਰਗੇ ਤਜਰਬੇਕਾਰ ਤੇ ਮਿਹਨਤੀ ਚਿਹਰਿਆਂ ਦੀ ਅਹਿਮੀਅਤ ਨੂੰ ਸਿਰਫ਼ ਅਹੁਦਿਆਂ ਨਾਲ ਨਹੀਂ ਤੋਲਿਆ ਜਾ ਸਕਦਾ। ਪਾਰਟੀਆਂ ਆਉਂਦੀਆਂ–ਜਾਂਦੀਆਂ ਰਹਿੰਦੀਆਂ ਹਨ, ਅਹੁਦੇ ਬਦਲਦੇ ਰਹਿੰਦੇ ਹਨ, ਪਰ ਲੋਕਾਂ ਵਿੱਚ ਬਣਾਈ ਪਛਾਣ ਅਤੇ ਵਰਕਰਾਂ ਦਾ ਵਿਸ਼ਵਾਸ ਹੀ ਕਿਸੇ ਆਗੂ ਦੀ ਅਸਲ ਤਾਕਤ ਹੁੰਦਾ ਹੈ। ਹੁਸ਼ਿਆਰਪੁਰ ਦੀ ਇਸ ਰੈਲੀ ਨੇ ਭਾਜਪਾ ਨੂੰ ਇਹ ਸੋਚਣ ਲਈ ਮਜਬੂਰ ਜ਼ਰੂਰ ਕੀਤਾ ਹੋਵੇਗਾ ਕਿ ਜ਼ਮੀਨੀ ਪੱਧਰ 'ਤੇ ਮਿਹਨਤ ਕਰਨ ਵਾਲੇ ਆਗੂਆਂ ਦੀ ਕਦਰ ਕਰਨਾ ਸੰਗਠਨ ਦੀ ਮਜ਼ਬੂਤੀ ਲਈ ਕਿੰਨਾ ਜ਼ਰੂਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੁੱਖ ਮੰਤਰੀ ਤੀਰਥ ਯਾਤਰਾ ਦੀਆਂ ਬੱਸਾਂ ਦੀ ਭਿਆਨਕ ਟੱਕਰ 'ਤੇ ਕਾਂਗਰਸ ਦੇ ਯੂਥ ਪ੍ਰਧਾਨ ਨਵਤੇਜ ਸਿੰਘ ਅਮਰਕੋਟ ਵੱਲੋਂ ਦੁੱਖ ਦਾ ਪ੍ਰਗਟਾਵਾ

ਹਾਦਸੇ ਵਿੱਚ ਹੋਏ ਜਾਨੀ ਨੁਕਸਾਨ 'ਤੇ ਪ੍ਰਗਟਾਈ ਡੂੰਘੀ ਸੰਵੇਦਨਾ, ਵਿਛੜੀਆਂ ਰੂਹਾਂ ਦੀ ਸ਼ਾਂਤੀ ਅਤੇ ਜ਼ਖ਼ਮੀਆਂ ਦੀ ਜਲਦ ਸਿਹਤਯਾਬੀ ਲਈ ਕੀਤੀ ਅਰਦਾਸ



ਜੰਡਿਆਲਾ ਗੁਰੂ:14 ਨਵੰਬਰ (ਕੁਲਵੰਤ ਸਿੰਘ ਵਿਰਦੀ)-ਮਨੁੱਖਤਾ ਦੀ ਸੇਵਾ ਸਭ ਤੋਂ ਵੱਡੀ ਸੇਵਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਦੇ ਯੂਥ ਪ੍ਰਧਾਨ ਨਵਤੇਜ ਸਿੰਘ ਅਮਰਕੋਟ ਨੇ ਮੋਗਾ ਤੋਂ ਵਾਪਸ ਆਉਂਦਿਆਂ ਨੁਸ਼ਹਿਰਾ ਦੇ ਨਜ਼ਦੀਕ ਮੁੱਖ ਮੰਤਰੀ ਤੀਰਥ ਯਾਤਰਾ ਦੀਆਂ ਬੱਸਾਂ ਵਿਚਕਾਰ ਵਾਪਰੇ ਭਿਆਨਕ ਸੜਕ ਹਾਦਸੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਇਸ ਮੰਦਭਾਗੀ ਦੁਰਘਟਨਾ ਵਿੱਚ ਕਈ ਕੀਮਤੀ ਜਾਨਾਂ ਚਲੀਆਂ ਗਈਆਂ ਅਤੇ 30 ਤੋਂ 35 ਦੇ ਕਰੀਬ ਲੋਕਾਂ ਦੇ ਗੰਭੀਰ ਰੂਪ ਵਿੱਚ ਜ਼ਖਮੀ ਹੋਣ ਦੀ ਜਾਣਕਾਰੀ ਮਿਲੀ ਹੈ। ਇਹ ਹਾਦਸਾ ਬੇਹੱਦ ਦੁਖਦਾਈ ਹੈ, ਜਿਸ ਨੇ ਹਰ ਸੰਵੇਦਨਸ਼ੀਲ ਇਨਸਾਨ ਦੇ ਮਨ ਨੂੰ ਝੰਜੋੜ ਕੇ ਰੱਖ ਦਿੱਤਾ ਹੈ।ਨਵਤੇਜ ਸਿੰਘ ਅਮਰਕੋਟ ਨੇ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਉਹ ਪੀੜਤ ਪਰਿਵਾਰਾਂ ਨਾਲ ਦਿਲੋਂ ਹਮਦਰਦੀ ਪ੍ਰਗਟ ਕਰਦੇ ਹਨ। ਉਨ੍ਹਾਂ ਪਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕੀਤੀ ਕਿ ਇਸ ਹਾਦਸੇ ਵਿੱਚ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਦੁਖੀ ਪਰਿਵਾਰਾਂ ਨੂੰ ਇਹ ਨਾ ਪੂਰਾ ਹੋਣ ਵਾਲਾ ਘਾਟਾ ਸਹਿਣ ਦਾ ਬਲ ਪ੍ਰਦਾਨ ਕਰਨ।

ਉਨ੍ਹਾਂ ਅੱਗੇ ਕਿਹਾ ਕਿ ਹਾਦਸੇ ਵਿੱਚ ਜ਼ਖਮੀ ਹੋਏ ਸਾਰੇ ਲੋਕ ਜਲਦ ਤੋਂ ਜਲਦ ਸਿਹਤਯਾਬ ਹੋ ਕੇ ਆਪਣੇ ਪਰਿਵਾਰਾਂ ਵਿੱਚ ਵਾਪਸ ਪਰਤਣ। ਉਨ੍ਹਾਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਭਵਿੱਖ ਵਿੱਚ ਕਦੇ ਵੀ ਕਿਸੇ ਪਰਿਵਾਰ ਨੂੰ ਅਜਿਹੇ ਦਰਦਨਾਕ ਹਾਦਸੇ ਦਾ ਸਾਹਮਣਾ ਨਾ ਕਰਨਾ ਪਵੇ।

ਆਂਗਣਵਾੜੀ ਸੈਂਟਰ ਨੰਬਰ 122 ਵਿਖੇ ਉਤਸ਼ਾਹ ਨਾਲ ਮਨਾਇਆ ਗਿਆ ਬਾਲ ਦਿਵਸ



ਮਾਛੀਵਾੜਾ ਸਾਹਿਬ, 14 ਨਵੰਬਰ (ਆਵਾਜ਼ਿ ਕੌਮ ਬਿਊਰੋ)-ਅੱਜ ਆਂਗਣਵਾੜੀ ਸੈਂਟਰ ਨੰਬਰ 122 ਵਿਖੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸਰਦਾਰ ਗੁਰਮੀਤ ਸਿੰਘ ਦੀ ਯੋਗ ਅਗਵਾਈ ਹੇਠ ਬਾਲ ਦਿਵਸ ਬਹੁਤ ਹੀ ਧੂਮ-ਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਅੱਜ ਦਾ ਦਿਨ ਸਾਡੇ ਸਾਰਿਆਂ ਲਈ ਬਹੁਤ ਖਾਸ ਹੈ, ਕਿਉਂ ਕਿ ਅੱਜ 14 ਨਵਬੰਰ ਨੂੰ ਸਾਡੇ ਦੇਸ਼ ਦੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਜੀ ਦਾ ਜਨਮ ਦਿਨ ਹੁੰਦਾ ਹੈ। ਅਤੇ ਉਹ ਬੱਚਿਆਂ ਨੂੰ ਬਹੁਤ ਪਿਆਰ ਕਰਦੇ ਸਨ। ਬੱਚੇ ਉਹਨਾਂ ਨੂੰ ਪਿਆਰ ਨਾਲ ਚਾਚਾ ਨਹਿਰੂ ਕਹਿਕੇ ਬੁਲਾਉਂਦੇ ਸਨ। ਅੱਜ ਦਾ ਦਿਨ ਪੂਰੇ ਦੇਸ਼ ਵਿੱਚ ਬਾਲ ਦਿਵਸ ਵਜੋਂ ਮਨਾਇਆ ਜਾਂਦਾ ਹੈ।ਇਸ ਸਮਾਗਮ ਵਿੱਚ ਮੁੱਖ ਮਹਿਮਾਨ ਹਲਕਾ ਸਮਰਾਲਾ ਦੇ ਵਿਧਾਇਕ (ਐੱਮ.ਐੱਲ.ਏ.) ਸਰਦਾਰ ਜਗਤਾਰ ਸਿੰਘ ਦਿਆਲਪੁਰਾ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਸੁਰੂਆਤ ਕਰਦੇ ਹੋਏ ਆਗਣਵਾੜੀ ਵਰਕਰ ਕੁਲਵੰਤ ਕੌਰ ਨੀਲੋਂ ਨੇ ਮੁੱਖ ਮਹਿਮਾਨਾ ਅਤੇ ਪੰਤਵੰਤੇ ਸਜਣਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਕੀਤਾ ਗਿਆ। ਜਿਲ੍ਹਾ ਪ੍ਰੋਗਰਾਮ ਅਫਸਰ ਨੇ ਕਿਹਾ ਕਿ ਆਂਗਣਵਾੜੀ ਸੈਂਟਰਾਂ ਦਾ ਮੁੱਖ ਮਕਸਦ ਵੀ ਇਹਨਾਂ ਨਿੱਕੇ ਨਿੱਕੇ ਫੁੱਲਾਂ ਦੀ ਨੂੰ ਸਹੀ ਪੋਸ਼ਣ, ਚੰਗੀ ਸਿਹਤ ਅਤੇ ਮੁੱਢਲੀ ਸਿਖਿਆ ਦੇ ਕੇ ਇਹਨਾਂ ਦੀ ਨੀਂਹ ਮਜ਼ਬੂਤ ਕਰਨਾ ਹੈ। ਜਦੋਂ ਬੱਚੇ ਇਥੇ ਹੱਸਦੇ ਖੇਡਦੇ ਹਨ ਅਤੇ ਨਵੀਆਂ –ਨਵੀਆ ਗੱਲਾਂ ਸਿੱਖਦੇ ਹਨ ਤਾਂ ਸਾਨੂੰ ਖੁਸ਼ੀ ਮਿਲਦੀ ਹੈ। ਇਸ ਮੌਕੇ ਸੈਂਟਰ ਦੇ ਨਿੱਕੇ–ਨਿੱਕੇ ਬੱਚਿਆਂ ਵੱਲੋਂ ਸੁੰਦਰ ਕਵਿਤਾਵਾਂ ਪੇਸ਼ ਕੀਤੀਆਂ ਗਈਆਂ, ਜਿਨ੍ਹਾਂ ਨੇ ਸਭ ਦਾ ਮਨ ਮੋਹ ਲਿਆ। ਬਾਲ ਦਿਵਸ ਦੀ ਖੁਸ਼ੀ ਵਿੱਚ ਬੱਚਿਆਂ ਨਾਲ ਮਿਲ ਕੇ ਕੇਕ ਵੀ ਕੱਟਿਆ ਗਿਆ। ਮੁੱਖ ਮਹਿਕਮੇ ਅਤੇ ਵਿਧਾਇਕ ਸਰਦਾਰ ਜਗਤਾਰ ਸਿੰਘ ਦਿਆਲਪੁਰਾ ਨੇ ਬੱਚਿਆਂ ਅਤੇ ਉੱਥੇ ਮੌਜੂਦ ਸਾਰੀਆਂ ਮਾਵਾਂ ਨੂੰ ਬਾਲ ਦਿਵਸ ਦੀ ਹਾਰਦਿਕ ਵਧਾਈ ਦਿੱਤੀ।

ਉਨ੍ਹਾਂ ਆਂਗਣਵਾੜੀ ਸੈਂਟਰ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ। ਸਮਾਗਮ ਦੇ ਵਿੱਚ ਛੋਟੇ–ਛੋਟੇ ਬੱਚਿਆਂ ਨੂੰ ਉਤਸ਼ਾਹਿਤ ਕਰਨ ਲਈ ਤੋਹਫ਼ੇ ਵਜੋਂ ਗਿਫ਼ਟ ਪੈਕ ਵੰਡੇ ਗਏ। ਸੈਂਟਰ ਨੂੰ ਬਹੁਤ ਹੀ ਸੁੰਦਰ ਤਰੀਕੇ ਨਾਲ ਸਜਾਇਆ ਗਿਆ ਸੀ। ਇਸ ਮੌਕੇ ਬੱਚਿਆਂ, ਉਨ੍ਹਾਂ ਦੀਆਂ ਮਾਵਾਂ ਅਤੇ ਇਲਾਕੇ ਦੇ ਪਤਵੰਤੇ ਸੱਜਣਾਂ ਨੇ ਵੱਧ–ਚੜ੍ਹ ਕੇ ਹਿੱਸਾ ਲਿਆ ਅਤੇ ਪ੍ਰੋਗਰਾਮ ਨੂੰ ਯਾਦਗਾਰ ਬਣਾ ਗਿਆ। ਜ਼ਿਲ੍ਹਾ ਪ੍ਰੋਗਰਾਮ ਅਫਸਰ ਨੇ ਆਂਗਣਵਾੜੀ ਵਰਕਰ ਕੁਲਵੰਤ ਕੌਰ ਨੂੰ ਵਧੀਆ ਸੇਵਾਵਾਂ ਲਈ ਪ੍ਰਸ਼ੰਸਾ ਪੱਤਰ ਦੇ ਸਨਮਾਨ ਕੀਤਾ ਗਿਆ।ਇਸ ਸਮੇਂ ਸੀਨੀਅਰ ਸਹਾਇਕ ਅਮ੍ਰਿਤਪਾਲ ਸਿੰਘ, ਸੁਪਰਵਾਈਜ਼ਰ ਕਮਲਜੀਤ ਕੌਰ,ਬਲਾਕ ਕੋਆਰਡੀਨੇਟਰ ਮਨਪ੍ਰੀਤ ਕੌਰ,ਸਮਾਜ ਸੇਵੀ ਪਰਮਜੀਤ ਸਿੰਘ ਨੀਲੋਂ,ਸਾਬਕਾ ਇੰਸਪੈਕਟਰ ਜਗਦੇਵ ਸਿੰਘ ਦੋਹਾਰਾ ਉੱਘੇ ਸਮਾਜ ਸੇਵੀ ਚਰਨਜੀਤ ਸਿੰਘ ਧੂਰੀ, ਰਾਮ ਧੰਨ ਸਿੰਘ ਬੱਬੀ,ਨਵਜੀਤ ਸਿੰਘ ਪੀ,ਏ,ਗੁਰਦੇਵ ਸਿੰਘ ਸੋਹਲ ਬਲਾਕ ਕੋਆਰਡੀਨੇਟਰ ਨਰਿੰਦਰਪਾਲ, ਬਲਵਿੰਦਰ ਸਿੰਘ, ਹੈਲਪਰ ਗੁਰਪ੍ਰੀਤ ਕੌਰ, ਸੁਰਿੰਦਰ ਕੌਰ ,ਆਂਗਣਵਾੜੀ ਵਰਕਰ ਪਰਮਿੰਦਰ ਕੌਰ , ਕਲਵਿੰਦਰ ਕੌਰ, ਜਸਵੀਰ ਕੌਰ, ਰਾਜਿੰਦਰ ਕੌਰ,ਹੈਲਪਰ ਕਰਨੈਲ ਕੌਰ, ਕਰਮਜੀਤ ਕੌਰ ਆਦਿ ਹਾਜ਼ਰ ਸਨ।

ਇੰਗਲੈਂਡ ਚ ਪੱਤਰਕਾਰ ਸੁਖਜਿੰਦਰ ਸਿੰਘ ਢੱਡੇ ਨੂੰ 'ਲੈਸਟਰ ਕਮਿਊਨਿਟੀ ਆਨਰਜ਼ ਐਵਾਰਡ' ਲਈ ਚੁਣੇ ਜਾਣਾ

ਬਰਤਾਨੀਆ ਦੇ ਸਮੁੱਚੇ ਪੰਜਾਬੀ ਭਾਈਚਾਰੇ ਲਈ ਮਾਣ ਵਾਲੀ ਗੱਲ : ਪੀਰ ਮੁਹੰਮਦ



ਲੰਡਨ , 14 ਨਵੰਬਰ (ਆਵਾਜ਼ਿ ਕੌਮ ਬਿਊਰੋ) :- ਪੰਜਾਬ ਦੇ ਇਤਿਹਾਸਕ ਜ਼ਿਲ੍ਹੇ ਅੰਮ੍ਰਿਤਸਰ ਦੇ ਪਿੰਡ ਢੱਡੇ ਦੇ ਜੰਮਪਲ, ਪਿਛਲੇ 27 ਸਾਲਾਂ ਤੋਂ ਪੰਜਾਬੀ ਪੱਤਰਕਾਰੀ ਦੇ ਖੇਤਰ ਵਿੱਚ ਨਿਰੰਤਰ ਸੇਵਾਵਾਂ ਨਿਭਾਅ ਰਹੇ ਰੋਜ਼ਾਨਾ 'ਅਜੀਤ' ਅਤੇ 'ਅਜੀਤ ਵੈੱਬ ਟੀਵੀ' ਦੇ ਪੱਤਰਕਾਰ ਸੁਖਜਿੰਦਰ ਸਿੰਘ ਢੱਡੇ ਨੂੰ ਇੰਗਲੈਂਡ ਦੇ ਸ਼ਹਿਰ ਲੈਸਟਰ ਵਿਖੇ ਪੱਤਰਕਾਰੀ ਅਤੇ ਭਾਈਚਾਰਕ ਸੇਵਾਵਾਂ ਬਦਲੇ ਵੱਕਾਰੀ 'ਲੈਸਟਰ ਕਮਿਊਨਿਟੀ ਆਨਰਜ਼ ਐਵਾਰਡ 2026' ਲਈ ਚੁਣੇ ਜਾਣ 'ਤੇ ਸ਼੍ਰੋਮਣੀ ਅਕਾਲੀ ਦਲ (ਮੁੜ ਸੁਰਜੀਤ) ਦੇ ਸੀਨੀਅਰ ਆਗੂ ਕਰਨੈਲ ਸਿੰਘ ਪੀਰ ਮੁਹੰਮਦ ਨੇ ਡੂੰਘੀ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਸੁਖਜਿੰਦਰ ਸਿੰਘ ਢੱਡੇ ਅਤੇ ਬਰਤਾਨੀਆ ਦੇ ਸਮੁੱਚੇ ਪੰਜਾਬੀ ਭਾਈਚਾਰੇ ਨੂੰ ਦਿਲੋਂ ਲੱਖ-ਲੱਖ ਵਧਾਈਆਂ ਦਿੱਤੀਆਂ ਹਨ।

ਇਸ ਸਬੰਧੀ ਆਪਣੇ ਵਧਾਈ ਸੰਦੇਸ਼ ਵਿੱਚ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਸਿੱਖ ਇਤਿਹਾਸ, ਧਾਰਮਿਕ ਵਿਰਸੇ ਅਤੇ ਮਹਾਨ ਕੁਰਬਾਨੀਆਂ ਨਾਲ ਜੁੜੀ ਪਵਿੱਤਰ ਧਰਤੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪਿੰਡ ਢੱਡੇ ਵਿੱਚ ਜਨਮੇ ਸੁਖਜਿੰਦਰ ਸਿੰਘ ਢੱਡੇ ਵੱਲੋਂ ਬਰਤਾਨੀਆ ਦੀ ਧਰਤੀ 'ਤੇ ਆਪਣੀ ਮਿਹਨਤ, ਲਗਨ ਅਤੇ ਸਮਰਪਣ ਨਾਲ ਪੰਜਾਬੀ ਪੱਤਰਕਾਰੀ ਦੇ ਖੇਤਰ ਵਿੱਚ ਵਿਸ਼ੇਸ਼ ਪਛਾਣ ਬਣਾਉਣਾ ਬਹੁਤ ਹੀ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਨਾ ਸਿਰਫ਼ ਪਿੰਡ ਢੱਡੇ ਅਤੇ ਜ਼ਿਲ੍ਹਾ ਅੰਮ੍ਰਿਤਸਰ, ਸਗੋਂ ਸਮੁੱਚੇ ਪੰਜਾਬ ਅਤੇ ਬਰਤਾਨੀਆ ਵਿੱਚ ਵੱਸਦੇ ਪੰਜਾਬੀ ਭਾਈਚਾਰੇ ਲਈ ਵੀ ਖ਼ੁਸ਼ੀ ਅਤੇ ਫ਼ਖ਼ਰ ਦਾ ਵਿਸ਼ਾ ਹੈ।

27 ਸਾਲਾਂ ਤੋਂ ਰੋਜ਼ਾਨਾ 'ਅਜੀਤ' ਨਾਲ ਜੁੜੇ ਸੁਖਜਿੰਦਰ ਸਿੰਘ ਢੱਡੇ ਸਾਲ 2010 ਤੋਂ ਇੰਗਲੈਂਡ ਵਿੱਚ ਨਿਭਾਅ ਰਹੇ ਹਨ ਪੱਤਰਕਾਰੀ ਸੇਵਾਵਾਂ

ਜ਼ਿਕਰਯੋਗ ਹੈ ਕਿ ਲੈਸਟਰ ਦੇ ਲਾਰਡ ਮੇਅਰ ਕੌਂਸਲਰ ਕੁਲਵਿੰਦਰ ਸਿੰਘ ਜੌਹਲ ਵੱਲੋਂ ਪੱਤਰਕਾਰ ਸੁਖਜਿੰਦਰ ਸਿੰਘ ਢੱਡੇ ਨੂੰ ਵਿਸ਼ੇਸ਼ ਸੱਦਾ ਪੱਤਰ ਭੇਜ ਕੇ ਉਨ੍ਹਾਂ ਦੀ ਇਸ ਵੱਕਾਰੀ ਸਨਮਾਨ ਲਈ ਚੋਣ ਹੋਣ ਦੀ ਜਾਣਕਾਰੀ ਦਿੱਤੀ ਗਈ ਹੈ। ਉਨ੍ਹਾਂ ਨੂੰ ਇਹ ਸਨਮਾਨ 21 ਨਵੰਬਰ 2026, ਦਿਨ ਸ਼ਨੀਵਾਰ ਨੂੰ ਲੈਸਟਰ ਦੇ ਬੈਲਗ੍ਰੇਵ ਗੇਟ ਸਥਿਤ ਪ੍ਰਸਿੱਧ ਸਮਾਗਮ ਸਥਾਨ 'ਦਿ ਐਂਪਾਇਰ' ਵਿਖੇ ਕਰਵਾਏ ਜਾ ਰਹੇ 'ਲੈਸਟਰ ਕਮਿਊਨਿਟੀ ਵਿੰਟਰ ਗਾਲਾ' ਦੌਰਾਨ ਪ੍ਰਦਾਨ ਕੀਤਾ ਜਾਵੇਗਾ।

ਲਾਰਡ ਮੇਅਰ ਵੱਲੋਂ ਭੇਜੇ ਗਏ ਸੱਦਾ ਪੱਤਰ ਵਿੱਚ ਸੁਖਜਿੰਦਰ ਸਿੰਘ ਢੱਡੇ ਵੱਲੋਂ ਭਾਈਚਾਰੇ ਦੀ ਬਿਹਤਰੀ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ, ਅਣਥੱਕ ਮਿਹਨਤ, ਸਮਰਪਣ ਭਾਵਨਾ ਅਤੇ ਸਮਾਜ ਉੱਤੇ ਪਾਏ ਗਏ ਸਕਾਰਾਤਮਕ ਪ੍ਰਭਾਵ ਦੀ ਸ਼ਲਾਘਾ ਕੀਤੀ ਗਈ ਹੈ। ਸੱਦਾ ਪੱਤਰ ਅਨੁਸਾਰ ਇਹ ਸਨਮਾਨ ਉਨ੍ਹਾਂ ਦੇ ਭਾਈਚਾਰੇ ਪ੍ਰਤੀ ਮਹੱਤਵਪੂਰਨ ਯੋਗਦਾਨ ਅਤੇ ਲੰਮੇ ਸਮੇਂ ਤੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਨੂੰ ਮਾਨਤਾ ਦੇਣ ਲਈ ਪ੍ਰਦਾਨ ਕੀਤਾ ਜਾ ਰਿਹਾ ਹੈ।

ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਸੁਖਜਿੰਦਰ ਸਿੰਘ ਢੱਡੇ ਪਿਛਲੇ 27 ਸਾਲਾਂ ਤੋਂ ਪੰਜਾਬ ਦੀ ਆਵਾਜ਼ ਵਜੋਂ ਜਾਣੇ ਜਾਂਦੇ ਪੰਜਾਬੀ ਦੇ ਪ੍ਰਮੁੱਖ ਰੋਜ਼ਾਨਾ ਅਖ਼ਬਾਰ 'ਅਜੀਤ' ਨਾਲ ਨਿਰੰਤਰ ਜੁੜੇ ਹੋਏ ਹਨ। ਸਾਲ 2010 ਵਿੱਚ ਇੰਗਲੈਂਡ ਆਉਣ ਉਪਰੰਤ ਵੀ ਉਨ੍ਹਾਂ ਨੇ ਪੰਜਾਬੀ ਪੱਤਰਕਾਰੀ ਨਾਲ ਆਪਣਾ ਨਾਤਾ ਬਰਕਰਾਰ ਰੱਖਿਆ ਅਤੇ ਬਰਤਾਨੀਆ ਵਿੱਚ ਵੱਸਦੇ ਪੰਜਾਬੀ ਭਾਈਚਾਰੇ ਦੀਆਂ ਧਾਰਮਿਕ, ਸਮਾਜਿਕ, ਸੱਭਿਆਚਾਰਕ ਅਤੇ ਭਾਈਚਾਰਕ ਸਰਗਰਮੀਆਂ ਨੂੰ 'ਅਜੀਤ' ਅਤੇ 'ਅਜੀਤ ਵੈੱਬ ਟੀਵੀ' ਰਾਹੀਂ ਪੰਜਾਬ ਸਮੇਤ ਦੁਨੀਆ ਭਰ ਦੇ ਪੰਜਾਬੀਆਂ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਹਨ।

ਉਨ੍ਹਾਂ ਕਿਹਾ ਕਿ ਪੱਤਰਕਾਰੀ ਦੇ ਲੰਮੇ ਸਫ਼ਰ ਦੌਰਾਨ ਸੁਖਜਿੰਦਰ ਸਿੰਘ ਢੱਡੇ ਨੇ ਵਿਦੇਸ਼ੀ ਧਰਤੀ 'ਤੇ ਰਹਿੰਦਿਆਂ ਵੀ ਆਪਣੀ ਮਾਂ-ਬੋਲੀ ਪੰਜਾਬੀ, ਪੰਜਾਬੀ ਸੱਭਿਆਚਾਰ, ਸਿੱਖ ਵਿਰਸੇ ਅਤੇ ਪੰਜਾਬੀ ਭਾਈਚਾਰੇ ਨਾਲ ਡੂੰਘੀ ਸਾਂਝ ਬਣਾਈ ਰੱਖੀ ਹੈ। ਉਨ੍ਹਾਂ ਦੀ ਪੱਤਰਕਾਰੀ ਸਿਰਫ਼ ਖ਼ਬਰਾਂ ਇਕੱਠੀਆਂ ਕਰਨ ਅਤੇ ਲੋਕਾਂ ਤੱਕ ਪਹੁੰਚਾਉਣ ਤੱਕ ਸੀਮਤ ਨਹੀਂ ਰਹੀ, ਸਗੋਂ ਉਨ੍ਹਾਂ ਨੇ ਆਮ ਲੋਕਾਂ ਦੀਆਂ ਸਮੱਸਿਆਵਾਂ, ਸਮਾਜਿਕ ਸਰੋਕਾਰਾਂ, ਧਾਰਮਿਕ ਸਮਾਗਮਾਂ ਅਤੇ ਭਾਈਚਾਰੇ ਦੀਆਂ ਪ੍ਰਾਪਤੀਆਂ ਨੂੰ ਵੀ ਹਮੇਸ਼ਾ ਪ੍ਰਮੁੱਖਤਾ ਦਿੱਤੀ ਹੈ।

ਪੀਰ ਮੁਹੰਮਦ ਨੇ ਕਿਹਾ ਕਿ ਅੱਜ ਜਦੋਂ ਪੰਜਾਬੀ ਨੌਜਵਾਨ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਆਪਣਾ ਭਵਿੱਖ ਬਣਾਉਣ ਲਈ ਜਾ ਰਹੇ ਹਨ, ਅਜਿਹੇ ਸਮੇਂ ਵਿੱਚ ਸੁਖਜਿੰਦਰ ਸਿੰਘ ਢੱਡੇ ਵਰਗੀਆਂ ਸ਼ਖ਼ਸੀਅਤਾਂ ਨਵੀਂ ਪੀੜ੍ਹੀ ਲਈ ਪ੍ਰੇਰਨਾ ਦਾ ਸਰੋਤ ਹਨ। ਉਨ੍ਹਾਂ ਕਿਹਾ ਕਿ ਆਪਣੀ ਜਨਮ ਭੂਮੀ ਪੰਜਾਬ, ਮਾਂ-ਬੋਲੀ ਪੰਜਾਬੀ ਅਤੇ ਆਪਣੇ ਅਮੀਰ ਵਿਰਸੇ ਨਾਲ ਜੁੜੇ ਰਹਿੰਦਿਆਂ ਵਿਦੇਸ਼ਾਂ ਵਿੱਚ ਸਫ਼ਲਤਾ ਹਾਸਲ ਕਰਨਾ ਇੱਕ ਮਹੱਤਵਪੂਰਨ ਸੁਨੇਹਾ ਹੈ।

ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ, "ਸ੍ਰੀ ਅੰਮ੍ਰਿਤਸਰ ਸਾਹਿਬ ਦੀ ਇਤਿਹਾਸਕ ਧਰਤੀ ਦੇ ਪਿੰਡ ਢੱਡੇ ਤੋਂ ਉੱਠ ਕੇ ਬਰਤਾਨੀਆ ਵਿੱਚ ਪੰਜਾਬੀ ਪੱਤਰਕਾਰੀ ਰਾਹੀਂ ਆਪਣੀ ਵਿਸ਼ੇਸ਼ ਪਛਾਣ ਬਣਾਉਣ ਵਾਲੇ ਸੁਖਜਿੰਦਰ ਸਿੰਘ ਢੱਡੇ ਨੂੰ ਮਿਲਣ ਜਾ ਰਿਹਾ ਇਹ ਵੱਕਾਰੀ ਸਨਮਾਨ ਕੇਵਲ ਇੱਕ ਪੱਤਰਕਾਰ ਦੀ ਨਿੱਜੀ ਪ੍ਰਾਪਤੀ ਨਹੀਂ, ਸਗੋਂ ਸਮੁੱਚੀ ਪੰਜਾਬੀ ਪੱਤਰਕਾਰੀ, ਪੰਜਾਬੀ ਮਾਂ-ਬੋਲੀ, ਜ਼ਿਲ੍ਹਾ ਅੰਮ੍ਰਿਤਸਰ ਅਤੇ ਬਰਤਾਨੀਆ ਵਿੱਚ ਵੱਸਦੇ ਸਮੁੱਚੇ ਪੰਜਾਬੀ ਭਾਈਚਾਰੇ ਲਈ ਵੱਡੇ ਮਾਣ ਅਤੇ ਫ਼ਖ਼ਰ ਵਾਲੀ ਗੱਲ ਹੈ।"

ਉਨ੍ਹਾਂ ਕਿਹਾ ਕਿ ਪੱਤਰਕਾਰੀ ਲੋਕਤੰਤਰ ਦਾ ਇੱਕ ਮਹੱਤਵਪੂਰਨ ਥੰਮ੍ਹ ਹੈ ਅਤੇ ਇੱਕ ਜ਼ਿੰਮੇਵਾਰ ਪੱਤਰਕਾਰ ਸਮਾਜ ਦੇ ਵੱਖ-ਵੱਖ ਵਰਗਾਂ ਦੀ ਆਵਾਜ਼ ਨੂੰ ਲੋਕਾਂ ਅਤੇ ਪ੍ਰਸ਼ਾਸਨ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਸੁਖਜਿੰਦਰ ਸਿੰਘ ਢੱਡੇ ਨੇ ਆਪਣੀ ਲੰਮੀ ਪੱਤਰਕਾਰੀ ਯਾਤਰਾ ਦੌਰਾਨ ਆਮ ਲੋਕਾਂ ਦੀਆਂ ਸਮੱਸਿਆਵਾਂ, ਭਾਈਚਾਰੇ ਦੀਆਂ ਪ੍ਰਾਪਤੀਆਂ ਅਤੇ ਸਮਾਜਿਕ ਸਰੋਕਾਰਾਂ ਨੂੰ ਉਜਾਗਰ ਕਰਨ ਲਈ ਨਿਰੰਤਰ ਯਤਨ ਕੀਤੇ ਹਨ।

ਕਰਨੈਲ ਸਿੰਘ ਪੀਰ ਮੁਹੰਮਦ ਨੇ ਵਿਸ਼ੇਸ਼ ਤੌਰ 'ਤੇ ਲੈਸਟਰ ਦੇ ਲਾਰਡ ਮੇਅਰ ਕੌਂਸਲਰ ਕੁਲਵਿੰਦਰ ਸਿੰਘ ਜੌਹਲ, ਲੈਸਟਰ ਸਿਟੀ ਕੌਂਸਲ ਅਤੇ ਲੈਸਟਰ ਕਮਿਊਨਿਟੀ ਵਿੰਟਰ ਗਾਲਾ ਸਮਾਗਮ ਦੇ ਸਮੂਹ ਪ੍ਰਬੰਧਕਾਂ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬੀ ਭਾਈਚਾਰੇ ਨਾਲ ਸਬੰਧਤ ਇੱਕ ਮਿਹਨਤੀ ਪੱਤਰਕਾਰ ਦੀਆਂ ਲੰਮੇ ਸਮੇਂ ਦੀਆਂ ਸੇਵਾਵਾਂ ਨੂੰ ਪਛਾਣ ਦੇਣਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਲੈਸਟਰ ਵਰਗੇ ਬਹੁ-ਸੱਭਿਆਚਾਰਕ ਸ਼ਹਿਰ ਵਿੱਚ ਵੱਖ-ਵੱਖ ਭਾਈਚਾਰਿਆਂ ਨਾਲ ਸਬੰਧਤ ਲੋਕਾਂ ਦੀਆਂ ਸੇਵਾਵਾਂ ਨੂੰ ਮਾਨਤਾ ਦੇਣ ਨਾਲ ਆਪਸੀ ਸਾਂਝ, ਸਤਿਕਾਰ ਅਤੇ ਭਾਈਚਾਰਕ ਸਦਭਾਵਨਾ ਨੂੰ ਹੋਰ ਮਜ਼ਬੂਤੀ ਮਿਲਦੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੀ ਧਰਤੀ ਨੇ ਹਮੇਸ਼ਾ ਅਜਿਹੀਆਂ ਸ਼ਖ਼ਸੀਅਤਾਂ ਪੈਦਾ ਕੀਤੀਆਂ ਹਨ, ਜਿਨ੍ਹਾਂ ਨੇ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਜਾ ਕੇ ਆਪਣੀ ਮਿਹਨਤ, ਇਮਾਨਦਾਰੀ ਅਤੇ ਸੇਵਾ ਭਾਵਨਾ ਨਾਲ ਪੰਜਾਬ ਦਾ ਨਾਂ ਰੌਸ਼ਨ ਕੀਤਾ ਹੈ। ਪਿੰਡ ਢੱਡੇ ਦੇ ਜੰਮਪਲ ਸੁਖਜਿੰਦਰ ਸਿੰਘ ਢੱਡੇ ਦਾ ਇਸ ਵੱਕਾਰੀ ਸਨਮਾਨ ਲਈ ਚੁਣਿਆ ਜਾਣਾ ਇਸੇ ਪਰੰਪਰਾ ਦੀ ਇੱਕ ਸ਼ਾਨਦਾਰ ਮਿਸਾਲ ਹੈ।

ਪੀਰ ਮੁਹੰਮਦ ਨੇ ਕਿਹਾ ਕਿ ਬਰਤਾਨੀਆ ਵਿੱਚ ਪੰਜਾਬੀ ਪੱਤਰਕਾਰੀ ਨੇ ਪ੍ਰਵਾਸੀ ਪੰਜਾਬੀਆਂ ਅਤੇ ਪੰਜਾਬ ਵਿਚਕਾਰ ਇੱਕ ਮਜ਼ਬੂਤ ਪੁਲ ਦਾ ਕੰਮ ਕੀਤਾ ਹੈ। ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਦੀਆਂ ਧਾਰਮਿਕ, ਸਮਾਜਿਕ ਅਤੇ ਸੱਭਿਆਚਾਰਕ ਸਰਗਰਮੀਆਂ ਨੂੰ ਦੁਨੀਆ ਭਰ ਵਿੱਚ ਪਹੁੰਚਾਉਣ ਦੇ ਨਾਲ-ਨਾਲ ਪੰਜਾਬੀ ਪੱਤਰਕਾਰਾਂ ਨੇ ਪੰਜਾਬ ਦੀਆਂ ਘਟਨਾਵਾਂ ਅਤੇ ਲੋਕ ਮਸਲਿਆਂ ਨਾਲ ਪ੍ਰਵਾਸੀ ਭਾਈਚਾਰੇ ਦੀ ਸਾਂਝ ਬਣਾਈ ਰੱਖਣ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਇਆ ਹੈ।

ਉਨ੍ਹਾਂ ਕਿਹਾ ਕਿ ਸੁਖਜਿੰਦਰ ਸਿੰਘ ਢੱਡੇ ਦਾ ਨਿਮਰ ਅਤੇ ਮਿਲਣਸਾਰ ਸੁਭਾਅ, ਸਮਾਜਿਕ ਮਸਲਿਆਂ ਪ੍ਰਤੀ ਸੰਵੇਦਨਸ਼ੀਲਤਾ ਅਤੇ ਪੱਤਰਕਾਰੀ ਪ੍ਰਤੀ ਸਮਰਪਣ ਉਨ੍ਹਾਂ ਦੀ ਵਿਸ਼ੇਸ਼ ਪਛਾਣ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਸਨਮਾਨ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਵੀ ਵੱਧ ਉਤਸ਼ਾਹ ਨਾਲ ਪੰਜਾਬੀ ਪੱਤਰਕਾਰੀ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਕੰਮ ਕਰਨ ਲਈ ਪ੍ਰੇਰਿਤ ਕਰੇਗਾ।

ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀ ਭਾਈਚਾਰੇ ਦੀਆਂ ਅਜਿਹੀਆਂ ਸ਼ਖ਼ਸੀਅਤਾਂ ਦਾ ਸਨਮਾਨ ਕਰਨਾ ਸਮੇਂ ਦੀ ਲੋੜ ਹੈ, ਜਿਨ੍ਹਾਂ ਨੇ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਪੰਜਾਬੀ ਮਾਂ-ਬੋਲੀ, ਪੱਤਰਕਾਰੀ ਅਤੇ ਸਮਾਜ ਸੇਵਾ ਲਈ ਸਮਰਪਿਤ ਕੀਤਾ ਹੈ। ਅਜਿਹੇ ਸਨਮਾਨ ਨਾ ਸਿਰਫ਼ ਸਬੰਧਤ ਵਿਅਕਤੀ ਦਾ ਹੌਸਲਾ ਵਧਾਉਂਦੇ ਹਨ, ਸਗੋਂ ਨਵੀਂ ਪੀੜ੍ਹੀ ਨੂੰ ਵੀ ਆਪਣੇ ਭਾਈਚਾਰੇ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕਰਦੇ ਹਨ।

ਅੰਤ ਵਿੱਚ ਸ਼੍ਰੋਮਣੀ ਅਕਾਲੀ ਦਲ (ਮੁੜ ਸੁਰਜੀਤ) ਦੇ ਸੀਨੀਅਰ ਆਗੂ ਕਰਨੈਲ ਸਿੰਘ ਪੀਰ ਮੁਹੰਮਦ ਨੇ ਪੱਤਰਕਾਰ ਸੁਖਜਿੰਦਰ ਸਿੰਘ ਢੱਡੇ ਅਤੇ ਬਰਤਾਨੀਆ ਦੇ ਸਮੁੱਚੇ ਪੰਜਾਬੀ ਭਾਈਚਾਰੇ ਨੂੰ ਦਿਲੋਂ ਲੱਖ-ਲੱਖ ਵਧਾਈਆਂ ਦਿੱਤੀਆਂ। ਉਨ੍ਹਾਂ ਸੁਖਜਿੰਦਰ ਸਿੰਘ ਢੱਡੇ ਦੀ ਚੰਗੀ ਸਿਹਤ, ਲੰਮੀ ਉਮਰ ਅਤੇ ਚੜ੍ਹਦੀ ਕਲਾ ਦੀ ਕਾਮਨਾ ਕਰਦਿਆਂ ਕਿਹਾ ਕਿ ਇਹ ਸਨਮਾਨ ਪਿੰਡ ਢੱਡੇ, ਜ਼ਿਲ੍ਹਾ ਅੰਮ੍ਰਿਤਸਰ, ਸਮੁੱਚੇ ਪੰਜਾਬ ਅਤੇ ਬਰਤਾਨੀਆ ਵਿੱਚ ਵੱਸਦੇ ਪੰਜਾਬੀਆਂ ਦੀ ਸਾਂਝੀ ਖ਼ੁਸ਼ੀ ਦਾ ਪ੍ਰਤੀਕ ਹੈ।

ਉਨ੍ਹਾਂ ਇੱਕ ਵਾਰ ਫਿਰ ਲੈਸਟਰ ਦੇ ਲਾਰਡ ਮੇਅਰ ਕੌਂਸਲਰ ਕੁਲਵਿੰਦਰ ਸਿੰਘ ਜੌਹਲ ਅਤੇ ਸਮਾਗਮ ਦੇ ਸਮੂਹ ਪ੍ਰਬੰਧਕਾਂ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਪੰਜਾਬੀ ਪੱਤਰਕਾਰੀ, ਪੰਜਾਬੀ ਮਾਂ-ਬੋਲੀ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਕੰਮ ਕਰਨ ਵਾਲਿਆਂ ਲਈ ਨਵਾਂ ਉਤਸ਼ਾਹ ਪੈਦਾ ਕਰਦੇ ਹਨ ਅਤੇ ਵਿਸ਼ਵ ਭਰ ਵਿੱਚ ਪੰਜਾਬੀ ਭਾਈਚਾਰੇ ਦਾ ਮਾਣ ਹੋਰ ਵਧਾਉਂਦੇ ਹਨ।

ਤਲਬੀਰ ਸਿੰਘ ਗਿੱਲ ਨੂੰ ਹਲਕਾ ਮਜੀਠਾ ਤੋਂ ਟਿਕਟ ਮਿਲਣ ਤੇ ਵਿਚ ਖ਼ੁਸ਼ੀ ਦੀ ਲਹਿਰ : ਬਲਜੀਤ ਸਿੰਘ ਸਰਾਂ





ਚੌਕ ਮਹਿਤਾ, 14 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਆ ਰਹੀਆਂ ਵਿਧਾਨ ਸਭਾ ਚੋਣਾ ਵਿੱਚ ਆਮ ਆਦਮੀ ਪਾਰਟੀ ਵੱਲੋ ਹਲਕਾ ਮਜੀਠਾ ਤੋ ਸ: ਤਲਬੀਰ ਸਿੰਘ ਗਿੱਲ ਨੂੰ ਉਮੀਦਵਾਰ ਬਣਾਉਣ ਦਾ ਪਾਰਟੀ ਆਗੂਆ ਵਰਕਰਾ, ਵੱਲੋ ਜੋਰਦਾਰ ਸਵਾਗਤ ਕੀਤਾ ਜਾ ਰਿਹਾ ਹੈ। ਅਤੇ ਹਲਕਾ ਮਜੀਠਾ ਦੇ ਲੋਕਾਂ ਵਿੱਚੋ ਤਾਰੀ ਉਤਗਾਹ ਪਾਇਆਂ ਜਾ ਰਿਹਾ ਹੈ। ਸ. ਗਿੱਲ ਨੂੰ ਉਮੀਦਵਾਡ ਬਣਾਉਣ ਦਾ ਸਵਾਗਤ ਕਰਨ ਵਲਿਆਂ ਵਿੱਚ ਆਮ ਆਦਮੀ ਪੰਜਾਬ ਐਸੀ ਸੈਲ ਦੇ ਜਨਰਲ ਸਕੱਤਰ ਸ: ਬਲਜੀਤ ਸਿੰਘ ਸਰਾਂ, ਅਰਕੀਟ ਕਮੇਟੀ ਮਜੀਠਾ ਦੇ ਚੇਅਰਐਰ ਬਲਬੀਰ ਸਿੰਘ ਚੌਂਪਾਰਾਏ, ਬਲਾਕ ਸੰਮਤੀ ਅਚੀਨਾ 2 ਦੇ ਦੇ ਘਰ ਮੈਨ ਸ: ਸਿੰਕਦਰ ਸਿੰਘ ਹੋਣੇਵਾਲ, ਉੱਪ ਚੇਅਰਮੈਨ ਸਿਕਦਰ ਘ ਖਿਦੋਵਾਲੀ, ਸਰਪੰਚ ਬਲਰਾਜ ਸਿੰਘ ਸਰਪੰਚ ਸਰਾਂ, ਸਰਪੰਚ ਸਰਵਣ ਸਿੰਘ ਚੋਗਾਵਾ ਸੰਮਤੀ ਮੱਧਰ, ਸੁਰਬੀਰ ਸਿੰਘ ਮੱਲੀ ਮੱਤੇਵਾਲ, ਸੰਮਤੀ ਮੈਂਬਰ, ਸੁਲੱਖਣ ਸਿੰਘ ਬੱਛਰ ਮੱਤੇਵਾਲ, ਗੁਰਅੰਦ ਮੇਜਰ ਸਿੰਘ ਬੁਲਾਰਾ, ਸਰਪੰਚ ਹਰਪਾਲ ਸਿੰਘ ਗੱਤੇ ਵਾਰਥ, ਸਰਪੰਚ ਲਾਲੀ ਕਲੇਰ, ਮਨਦੀਪ ਸਿੰਘ ਸਰਪੰਚ ਤਰੇਲ ਪੁਰਾਣਾ, ਬੁਖਦੀ-ਸਿੰਘ ਕੰਗ, ਲਣਾ ਪ੍ਰੀਤ ਓਘ ਸਰਾਂ, ਦਵਿੰਦਰਪਾਲ ਸਿੰਘ ਸਰਾਂ, ਗੁਰਮੁੱਖ ਸਿੰਘ ਔਜਲਾ ਅਪਾਰ ਮਹਿਤ ਮੰਡੀ, ਮਲੂਕ ਸਿੰਘ ਡੇਹਰੀਵਾਲ ਆਦਿ ਸ਼ਾਮਿਲ ਸਨ।

ਸ੍ਰੀ ਹਜ਼ੂਰ ਸਾਹਿਬ ਵਿਖੇ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੋਤੀ ਜੋਤ(ਸੱਚਖੰਡ ਗਮਨ)ਦਿਵਸ ਮੌਕੇ ਸੰਗਤੀ ਰੂਪ ਵਿੱਚ ਮੂਲ ਮੰਤਰ ਦੇ ਪਾਠ



ਚੌਕ ਮਹਿਤਾ, 14 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸਰਬੰਸ ਦਾਨੀ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪਵਿੱਤਰ ਜੋਤੀ ਜੋਤ(ਸੱਚਖੰਡ ਗਮਨ) ਦਿਵਸ ਦੇ ਮੌਕੇ 'ਤੇ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਬੜੀ ਸ਼ਰਧਾ ਅਤੇ ਸਤਿਕਾਰ ਸਹਿਤ ਕਰਵਾਏ ਗਏ। ਇਸ ਮੌਕੇ ਗੁਰਦੁਆਰਾ ਬੋਰਡ ਦੇ ਸੁਪਰਡੈਂਟ ਸ. ਰਵਿੰਦਰ ਸਿੰਘ ਕਪੂਰ ਜੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਇਤਿਹਾਸਕ ਜਾਣਕਾਰੀ ਸਾਂਝੀ ਕੀਤੀ ਕਿ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਸੰਨ 1708 ਈਸਵੀ ਵਿੱਚ ਇਸੇ ਪਵਿੱਤਰ ਅਸਥਾਨ ਵਿਖੇ ਸ਼ਬਦ ਗੁਰੂ 'ਸ੍ਰੀ ਗੁਰੂ ਗ੍ਰੰਥ ਸਾਹਿਬ ਜੀ' ਨੂੰ ਗੁਰਤਾਗੱਦੀ 'ਤੇ ਬਿਰਾਜਮਾਨ ਕੀਤਾ ਸੀ। ਇਸ ਉਪਰੰਤ ਪੰਚਮੀ ਵਾਲੇ ਦਿਨ ਦਸਮ ਪਾਤਸ਼ਾਹ ਇਸੇ ਪਾਵਨ ਧਰਤੀ ਤੋਂ ਸੱਚਖੰਡ ਗਮਨ ਕਰ ਗਏ ਸਨ। ਉਸੇ ਦਿਨ ਦੀ ਯਾਦ ਵਿੱਚ ਪੁਰਾਤਨ ਸਮੇਂ ਤੋਂ ਚਲੀ ਆ ਰਹੀ ਰਵਾਇਤ ਮੁਤਾਬਕ ਅੱਜ ਦੁਪਹਿਰ ਤੋਂ ਹੀ ਗੁਰਬਾਣੀ ਕੀਰਤਨ ਆਰੰਭ ਕੀਤਾ ਗਿਆ, ਜਿਸ ਵਿੱਚ ਤਖ਼ਤ ਸਾਹਿਬ ਦੇ ਸਮੂਹ ਰਾਗੀ ਜਥਿਆਂ ਵੱਲੋਂ ਵਾਰੀ-ਵਾਰੀ ਇਲਾਹੀ ਦਰਗਾਹੀ ਬਾਣੀ ਦੇ ਕੀਰਤਨ ਰਾਹੀਂ ਹਾਜ਼ਰੀ ਭਰੀ ਗਈ। ਇਸ ਦੌਰਾਨ ਭਾਈ ਪਰਮਵੀਰ ਸਿੰਘ ਜੀ ਨੇ ਸੰਗਤਾਂ ਨੂੰ ਦਸਮ ਪਿਤਾ ਜੀ ਦੇ ਸੱਚਖੰਡ ਗਮਨ ਦੀ ਸਾਖੀ ਬੜੇ ਹੀ ਵਿਸਥਾਰ ਅਤੇ ਸ਼ਰਧਾ ਨਾਲ ਸਰਵਣ ਕਰਵਾਈ। ਇਸ ਪਵਿੱਤਰ ਮੌਕੇ ਗੁਰੂ ਸਾਹਿਬ ਜੀ ਨੂੰ ਵਿਸ਼ੇਸ਼ ਤੌਰ 'ਤੇ ਸ਼ੱਕਰ-ਪਾਰੇ ਦੇ ਪ੍ਰਸ਼ਾਦ ਦਾ ਭੋਗ ਲਗਾਇਆ ਗਿਆ। ਸਮਾਗਮ ਦੀ ਲੜੀ ਤਹਿਤ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਦੇ ਕਾ.ਜਥੇਦਾਰ ਸਿੰਘ ਸਾਹਿਬ ਸੰਤ ਬਾਬਾ ਰਾਮ ਜੀ ਅਤੇ ਸਮੂਹ ਪੰਜ ਪਿਆਰੇ ਸਾਹਿਬਾਨ ਦੀ ਮੁੱਖ ਹਾਜ਼ਰੀ ਵਿੱਚ ਸ਼ਾਮ 04:15 ਤੋਂ 04:30 ਵਜੇ ਤੱਕ (15 ਮਿੰਟ ਲਈ) ਸੰਗਤੀ ਰੂਪ ਵਿੱਚ ਮੂਲ ਮੰਤਰ ਦੇ ਪਾਠ ਕੀਤੇ ਗਏ। ਉਪਰੰਤ ਸਮੁੱਚੇ ਵਿਸ਼ਵ ਵਿੱਚ ਸੁੱਖ-ਸ਼ਾਂਤੀ, ਆਪਸੀ ਭਾਈਚਾਰੇ ਅਤੇ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਇਸ ਮੌਕੇ 'ਤੇ ਸੰਤ ਬਾਬਾ ਬਲਵਿੰਦਰ ਸਿੰਘ ਜੀ ਲੰਗਰ ਸਾਹਿਬ ਵਾਲੇ ਅਤੇ ਗੁਰਦੁਆਰਾ ਬੋਰਡ ਦੇ ਸਕੱਤਰ ਸ. ਰਵਿੰਦਰ ਸਿੰਘ ਬੁੰਗਈ, ਗੁਰਦੁਆਰਾ ਬੋਰਡ ਮੈਂਬਰ ਸ. ਮਨਪ੍ਰੀਤ ਸਿੰਘ ਕੁੰਜੀਵਾਲੇ,ਬੋਰਡ ਮੈਂਬਰ,ਸ. ਗੁਰਮੀਤ ਸਿੰਘ ਮਹਾਜਨ, ਸਹਾਇਕ ਸੁਪਰਡੈਂਟ ਸ. ਜੈਮਲ ਸਿੰਘ ਢਿੱਲੋਂ, ਸਹਾਇਕ ਸੁਪਰਡੈਂਟ ਸ. ਬਲਵਿੰਦਰ ਸਿੰਘ ਫੌਜੀ ਅਤੇ ਪਤਵੰਤੇ ਸੱਜਣਾਂ ਅਤੇ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਗੁਰੂ ਘਰ ਹਾਜ਼ਰੀ ਭਰਨ ਪਹੁੰਚੀਆਂ ਸੰਗਤਾਂ ਵੱਡੀ ਗਿਣਤੀ ਹਾਜ਼ਰ ਸਨ।

ਪਿੰਡ ਪੱਕਾ ਵਿਖੇ ਕਾਂਗਰਸ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਨੁੱਕੜ ਮੀਟਿੰਗ, ਵਰਕਰਾਂ ਨਾਲ ਕੀਤੀ ਵਿਚਾਰ-ਚਰਚਾ

ਅਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪਾਰਟੀ ਦੀਆਂ ਗਤੀਵਿਧੀਆਂ ਤੇ ਜਥੇਬੰਦਕ ਮਜ਼ਬੂਤੀ ਲਈ ਕੀਤੀਆਂ ਜਾ ਰਹੀਆਂ ਹਨ ਮੀਟਿੰਗਾਂ




ਤਲਵੰਡੀ ਸਾਬੋ, 14 ਨਵੰਬਰ (ਗੁਰਜੰਟ ਸਿੰਘ ਨਥੇਹਾ)-ਹਲਕਾ ਤਲਵੰਡੀ ਸਾਬੋ ਵਿੱਚ ਕਾਂਗਰਸ ਪਾਰਟੀ ਦੀਆਂ ਸਰਗਰਮੀਆਂ ਨੂੰ ਲੈ ਕੇ ਸੀਨੀਅਰ ਕਾਂਗਰਸੀ ਆਗੂ ਅਤੇ ਪਾਰਟੀ ਦੇ ਸੰਭਾਵੀ ਉਮੀਦਵਾਰ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਅਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪਾਰਟੀ ਦੀਆਂ ਗਤੀਵਿਧੀਆਂ ਅਤੇ ਜਥੇਬੰਦਕ ਮਜ਼ਬੂਤੀ ਲਈ ਪਿੰਡ ਪੱਕਾ ਵਿਖੇ ਨੁੱਕੜ ਮੀਟਿੰਗ ਕੀਤੀ ਗਈ। ਇਹ ਮੀਟਿੰਗ ਬਲਜਿੰਦਰ ਸਿੰਘ ਭਾਊ ਦੇ ਗ੍ਰਹਿ ਵਿਖੇ ਰੱਖੀ ਗਈ, ਜਿਸ ਵਿੱਚ ਪਿੰਡ ਦੇ ਵਰਕਰਾਂ ਅਤੇ ਪਾਰਟੀ ਨਾਲ ਜੁੜੇ ਵਿਅਕਤੀਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਵਰਕਰਾਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਕਿਸੇ ਵੀ ਰਾਜਨੀਤਿਕ ਪਾਰਟੀ ਦੀ ਮਜ਼ਬੂਤੀ ਉਸ ਦੇ ਮਿਹਨਤੀ ਵਰਕਰਾਂ ਅਤੇ ਲੋਕਾਂ ਨਾਲ ਲਗਾਤਾਰ ਬਣੇ ਸੰਪਰਕ 'ਤੇ ਨਿਰਭਰ ਕਰਦੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਪਿੰਡ ਪੱਧਰ 'ਤੇ ਵਰਕਰਾਂ ਦੀਆਂ ਸਮੱਸਿਆਵਾਂ ਅਤੇ ਸੁਝਾਅ ਸੁਣਨਾ ਵੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅਗਾਮੀ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਵਰਕਰਾਂ ਨਾਲ ਮੀਟਿੰਗਾਂ ਕਰਕੇ ਜਥੇਬੰਦਕ ਢਾਂਚੇ ਸਬੰਧੀ ਵਿਚਾਰ-ਚਰਚਾ ਕੀਤੀ ਜਾ ਰਹੀ ਹੈ। ਉਨ੍ਹਾਂ ਵਰਕਰਾਂ ਨੂੰ ਆਪਸੀ ਤਾਲਮੇਲ ਬਣਾਈ ਰੱਖਣ ਅਤੇ ਪਾਰਟੀ ਦੀਆਂ ਗਤੀਵਿਧੀਆਂ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਗੱਲ ਵੀ ਕਹੀ। ਇਸ ਮੌਕੇ ਪਿੰਡ ਪੱਧਰ ਦੇ ਵਰਕਰਾਂ ਨੇ ਵੀ ਆਪਣੇ ਵਿਚਾਰ ਅਤੇ ਸੁਝਾਅ ਸਾਂਝੇ ਕੀਤੇ। ਮੀਟਿੰਗ ਦੌਰਾਨ ਹਲਕੇ ਦੀ ਮੌਜੂਦਾ ਰਾਜਨੀਤਿਕ ਸਥਿਤੀ, ਪਾਰਟੀ ਦੀਆਂ ਸਰਗਰਮੀਆਂ ਅਤੇ ਆਉਣ ਵਾਲੇ ਸਮੇਂ ਦੀ ਰਣਨੀਤੀ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨੈਬ ਸਿੰਘ ਗੋਂਦਾਰਾ, ਬਰਜਿੰਦਰ ਸਿੰਘ ਭਾਊ , ਸੁਖਵਿੰਦਰ ਸਿੰਘ, ਜਗਤਾਰ ਸਿੰਘ, ਬੋਘਾ ਸਿੰਘ ਅਤੇ ਹੋਰ ਪਿੰਡ ਦੇ ਮੋਹਤਵਰ ਵਰਕਰ ਹਾਜ਼ਰ ਸਨ। ਇਸ ਮੌਕੇ ਪਿੰਡ ਪੱਧਰ ਦੇ ਵਰਕਰਾਂ ਨੇ ਵੀ ਆਪਣੇ ਵਿਚਾਰ ਅਤੇ ਸੁਝਾਅ ਸਾਂਝੇ ਕੀਤੇ। ਮੀਟਿੰਗ ਦੌਰਾਨ ਹਲਕੇ ਦੀ ਮੌਜੂਦਾ ਰਾਜਨੀਤਿਕ ਸਥਿਤੀ, ਪਾਰਟੀ ਦੀਆਂ ਸਰਗਰਮੀਆਂ ਅਤੇ ਆਉਣ ਵਾਲੇ ਸਮੇਂ ਦੀ ਰਣਨੀਤੀ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨੈਬ ਸਿੰਘ ਗੋਂਦਾਰਾ, ਬਰਜਿੰਦਰ ਸਿੰਘ ਭਾਊ , ਸੁਖਵਿੰਦਰ ਸਿੰਘ, ਜਗਤਾਰ ਸਿੰਘ, ਬੋਘਾ ਸਿੰਘ ਅਤੇ ਹੋਰ ਪਿੰਡ ਦੇ ਮੋਹਤਵਰ ਵਰਕਰ ਹਾਜ਼ਰ ਸਨ।

ੴ

ਧੰਨ-ਧੰਨ ਸੰਤ ਗਿਆਨੀ ਜ਼ਰਨੈਲ ਸਿੰਘ ਜੀ
ਖ਼ਾਲਸਾ ਭਿੰਡਰਾਂਵਾਲਿਆਂ ਦੇ ਸਤਿਕਾਰਯੋਗ ਪਿਤਾ ਜੀ

ਸੱਚਖੰਡਵਾਸੀ ਬਾਬਾ ਜੋਗਿੰਦਰ ਸਿੰਘ ਜੀ ਦੀ 33ਵੀਂ ਬਰਸੀ

ਮੌਕੇ ਵਿਸ਼ਾਲ ਗੁਰਮਤਿ ਸਮਾਗਮ





ਸਿੱਖ ਕੌਮ ਦੀ ਮਹਾਨ ਸ਼ਖਸੀਅਤ, ਸੰਤ ਗਿਆਨੀ ਜ਼ਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ ਸਤਿਕਾਰਯੋਗ ਪਿਤਾ ਜੀ ਬਾਬਾ ਜੋਗਿੰਦਰ ਸਿੰਘ ਜੀ ਦੀ 33ਵੀਂ ਬਰਸੀ ਸ਼ਰਧਾ, ਸਤਿਕਾਰ ਅਤੇ ਪੂਰਨ ਗੁਰਮਰਿਆਦਾ ਅਨੁਸਾਰ ਮਨਾਈ ਜਾ ਰਹੀ ਹੈ।

ਇਸ ਪਾਵਨ ਮੌਕੇ ਗੁਰਦੁਆਰਾ ਸੰਤ ਖ਼ਾਲਸਾ, ਪਿੰਡ ਰੋਡੇ, ਜ਼ਿਲ੍ਹਾ ਮੋਗਾ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਇਸ ਮੌਕੇ ਸਮੂਹ ਸੰਗਤਾਂ ਨੂੰ ਗੁਰੂ ਜਸ ਸਰਵਣ ਕਰਨ ਅਤੇ ਬਾਬਾ ਜੀ ਨੂੰ ਸ਼ਰਾਧਾ ਦੇ ਫੁੱਲ ਭੇਟ ਕਰਨ ਲਈ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਸਨਿਮਰ ਬੇਨਤੀ ਕੀਤੀ ਜਾਂਦੀ ਹੈ।

ਸਮਾਗਮ ਦਾ ਵੇਰਵਾ:

ਮਿਤੀ:
18 ਨਵੰਬਰ 2026
ਦਿਨ ਬੁੱਧਵਾਰ

ਸਮਾਂ:
ਸਵੇਰੇ 10 ਵਜੇ ਤੋਂ
ਦੁਪਹਿਰ 3 ਵਜੇ ਤੱਕ

ਸਥਾਨ:
ਗੁਰਦੁਆਰਾ ਸੰਤ ਖ਼ਾਲਸਾ,
ਪਿੰਡ ਰੋਡੇ, ਜ਼ਿਲ੍ਹਾ ਮੋਗਾ।

ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਬੇਨਤੀ ਹੈ ਕਿ ਇਸ ਸ਼ਰਧਾ ਅਤੇ ਸਤਿਕਾਰ ਨਾਲ ਮਨਾਏ ਜਾ ਰਹੇ ਸਮਾਗਮ ਵਿੱਚ ਪਰਿਵਾਰਾਂ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਅਤੇ ਆਪਣੀ ਹਾਜ਼ਰੀ ਲਗਵਾਉਣ.

ਵੱਲੋਂ: ਸਮੂਹ ਬਾਬਾ ਪਰਿਵਾਰ ਅਤੇ ਨਗਰ ਪੰਚਾਇਤਾਂ

ਆਵਾਜ਼ਿ ਕੌਮ AWAZE QAUM International Newspaper & WEB TV